


# ਸ਼ਹੀਦ-ਏ-ਆਜ਼ਮ


SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ






PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 | Issue : 14 | Chief Editor : Chowdhary Prabhjit Singh, | Editor : Chhatarpal Singh 98145-32807, | Wednesday 24 June 2026 | Price : 2 Rs. | Page : 6


## ਵਿਵਾਦਿਤ ਵੀਡੀਓ ਮਾਮਲਾ: ਸ਼੍ਰੋਮਣੀ ਅਕਾਲੀ ਦਲ ਨੇ ਫੋਰੈਂਸਿਕ ਰਿਪੋਰਟਾਂ ਉੱਤੇ ਚੁੱਕੇ ਸਵਾਲ

### ਲੱਖਾਂ ਰੁਪਏ ਦੇ ਕੇ ਰਿਪੋਰਟਾਂ ਤਿਆਰ ਕਰਾਉਣ ਦੇ ਲਾਏ ਦੋਸ਼

ਚੰਡੀਗੜ੍ਹ, 23 ਜੂਨ
-ਸ਼.ਅ.ਬਿਓਰੋ-

ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵਿਵਾਦਿਤ ਵੀਡੀਓ ਦੀਆਂ ਫਰੈਂਸਿਕ ਜਾਂਚ ਰਿਪੋਰਟਾਂ ਨੂੰ ਲੈ ਕੇ ਸਵਾਲ ਚੁੱਕੇ ਹਨ। ਮਜੀਠੀਆ ਨੇ ਅੱਜ ਸੋਸ਼ਲ ਮੀਡੀਆ ਉੱਤੇ ਵੀਡੀਓ ਜਾਰੀ ਕਰਦਿਆਂ ਪੰਜਾਬ ਪੁਲੀਸ ਦੇ ਸੀਨੀਅਰ ਅਧਿਕਾਰੀਆਂ ਵੱਲੋਂ ਗੁਰੂਗ੍ਰਾਮ ਦੀ ਲੈਬਾਰਟਰੀ ਨੂੰ ਕਥਿਤ ਤੌਰ 'ਤੇ ਲੱਖਾਂ ਰੁਪਏ ਦੇ ਕੇ ਫੋਰੈਂਸਿਕ ਰਿਪੋਰਟ ਤਿਆਰ ਕਰਵਾਉਣ ਦੇ ਦੋਸ਼ ਲਗਾਏ ਹਨ।



ਮਜੀਠੀਆ ਨੇ ਕਿਹਾ ਕਿ ਪੰਜਾਬ ਪੁਲੀਸ ਦੇ ਸੀਨੀਅਰ ਅਧਿਕਾਰੀਆਂ ਵੱਲੋਂ ਫੌਰੈਂਸਿਕ ਲੈਬਾਰਟਰੀ ਦੇ ਅਧਿਕਾਰੀਆਂ ਨਾਲ ਹੋਟਲ ਵਿੱਚ ਮੀਟਿੰਗ ਕੀਤੀ ਗਈ, ਜਿਸ ਤੋਂ ਬਾਅਦ ਰੁਪਏ ਦਿੱਤੇ ਗਏ ਹਨ। ਇਸ ਦੇ ਨਾਲ ਹੀ ਬਿਕਰਮ ਸਿੰਘ ਮਜੀਠੀਆ ਨੇ ਕੇਂਦਰ ਅਤੇ ਹਰਿਆਣਾ ਸਰਕਾਰ ਨੂੰ ਇਸ ਮਾਮਲੇ ਦੇ ਮੁੱਖ ਗਵਾਹ ਦੀ ਜਾਨ-ਮਾਲ ਦੀ ਰੱਖਿਆ ਕਰਨ ਦੀ ਅਪੀਲ ਕੀਤੀ ਹੈ। ਮਜੀਠੀਆ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਜਥੇਦਾਰ ਸਾਹਿਬ ਦੇ ਖ਼ਿਲਾਫ਼ ਕੂੜ ਪ੍ਰਚਾਰ ਕੀਤਾ ਜਾ ਰਿਹਾ ਹੈ, ਜਿਸ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਨੂੰ ਚੁਣੌਤੀ ਦੇਣ ਵਾਲਿਆਂ ਨੂੰ ਲੋਕ ਕਦੇ ਵੀ ਮੁਆਫ਼ ਨਹੀਂ ਕਰਨਗੇ।

## ਕੇਂਦਰੀ ਜਲ ਸ਼ਕਤੀ ਮੰਤਰੀ ਸ੍ਰੀ ਸੀ.ਆਰ. ਪਾਟਿਲ ਦੀ ਪ੍ਰਧਾਨਗੀ ਹੇਠ ਹਰਿਆਣਾ ਅਤੇ ਰਾਜਸਥਾਨ ਦੇ ਮੁੱਖ ਮੰਤਰੀਆਂ ਦੀ ਮੀਟਿੰਗ

ਚੰਡੀਗੜ੍ਹ, 23 ਜੂਨ
-ਮਨੋਜ ਸ਼ਰਮਾ-

ਕੇਂਦਰੀ ਜਲ ਸ਼ਕਤੀ ਮੰਤਰੀ ਸ੍ਰੀ ਸੀ.ਆਰ. ਪਾਟਿਲ ਦੀ ਨਵੀਂ ਦਿੱਲੀ ਸਥਿਤ ਰਿਹਾਇਸ਼ 'ਤੇ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਅਤੇ ਰਾਜਸਥਾਨ ਦੇ ਮੁੱਖ ਮੰਤਰੀ ਸ੍ਰੀ ਭਜਨ ਲਾਲ ਸ਼ਰਮਾ ਵਿਚਕਾਰ ਇੱਕ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਵਿੱਚ ਦੋਵਾਂ ਰਾਜਾਂ ਨਾਲ ਸਬੰਧਤ ਜਲ ਸਰੋਤਾਂ, ਸਿੰਚਾਈ ਅਤੇ ਪੀਣ ਵਾਲੇ ਪਾਣੀ ਨਾਲ ਸਬੰਧਤ ਵੱਖ-ਵੱਖ ਵਿਸ਼ਿਆਂ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਮੀਟਿੰਗ ਵਿੱਚ ਦੋਵਾਂ ਰਾਜਾਂ ਦੇ ਸੀਨੀਅਰ ਅਧਿਕਾਰੀਆਂ ਨੇ ਵੀ ਭਾਗ ਲਿਆ।



ਮੀਟਿੰਗ ਦੌਰਾਨ ਸਾਲ 1994 ਵਿੱਚ ਹੋਏ ਅੱਪਰ ਯਮੁਨਾ ਰਿਵਰ ਬੋਰਡ ਸਮਝੌਤੇ ਦੇ ਤਹਿਤ ਰਾਜਸਥਾਨ ਦੇ ਹਿੱਸੇ ਦੇ ਪਾਣੀ ਦੀ ਸਪਲਾਈ ਦੇ ਵਿਸ਼ੇ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਇਸ ਸਬੰਧੀ ਫੈਸਲਾ ਲਿਆ ਗਿਆ ਕਿ ਸਮਝੌਤੇ ਅਨੁਸਾਰ ਰਾਜਸਥਾਨ ਨੂੰ ਉਸਦਾ ਨਿਰਧਾਰਤ ਪਾਣੀ ਪਾਈਪਲਾਈਨ ਰਾਹੀਂ ਉਪਲਬਧ ਕਰਵਾਇਆ ਜਾਵੇਗਾ। ਇਸ ਵਿਸ਼ੇ 'ਤੇ ਸੋਮਵਾਰ ਨੂੰ ਐਮ.ਓ.ਯੂ. 'ਤੇ ਹਸਤਾਖਰ ਕੀਤੇ ਜਾਣਗੇ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਸਮਝੌਤੇ ਤਹਿਤ ਰਾਜਸਥਾਨ ਨੂੰ ਮਿਲਣ ਵਾਲੇ ਪਾਣੀ ਦੇ ਅਧਿਕਾਰ ਦਾ ਸਨਮਾਨ ਕਰਦਾ ਹੈ ਅਤੇ ਰਾਜਸਥਾਨ ਨੂੰ ਨਿਰਧਾਰਤ ਹਿੱਸੇ ਦਾ ਪਾਣੀ ਉਪਲਬਧ ਕਰਵਾਇਆ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਰਾਜਾਂ ਵਿਚਕਾਰ ਤਾਲਮੇਲ ਅਤੇ ਸਹਿਯੋਗ ਨਾਲ ਜਲ ਸਰੋਤਾਂ ਦਾ ਬਿਹਤਰ ਪ੍ਰਬੰਧਨ ਯਕੀਨੀ ਬਣਾਇਆ ਜਾ ਸਕਦਾ ਹੈ, ਜਿਸ ਨਾਲ ਸਾਰੇ ਪ੍ਰਦੇਸ਼ਾਂ ਨੂੰ ਲਾਭ ਮਿਲੇਗਾ। ਰਾਜਸਥਾਨ ਦੇ ਮੁੱਖ ਮੰਤਰੀ ਸ੍ਰੀ ਭਜਨ ਲਾਲ ਸ਼ਰਮਾ ਨੇ ਕਿਹਾ ਕਿ ਰਾਜਸਥਾਨ ਸਿਰਫ਼ ਸਮਝੌਤੇ ਤਹਿਤ ਨਿਰਧਾਰਤ ਪਾਣੀ ਦੀ ਹੀ ਮੰਗ ਕਰ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਬਰਸਾਤ ਦੇ ਦਿਨਾਂ ਵਿੱਚ ਨਦੀਆਂ ਵਿੱਚ ਵਗਣ ਵਾਲੇ ਵਾਧੂ ਪਾਣੀ ਦੀ ਪ੍ਰਭਾਵੀ ਵਰਤੋਂ ਕਰਕੇ ਜੇਕਰ ਉਸਨੂੰ ਰਾਜਸਥਾਨ ਤੱਕ ਪਹੁੰਚਾਇਆ ਜਾਵੇ ਤਾਂ ਰਾਜ ਦੇ ਇੱਕ ਵੱਡੇ ਖੇਤਰ ਵਿੱਚ ਪੀਣ ਵਾਲੇ ਪਾਣੀ ਦੇ ਸੰਕਟ ਦਾ ਸਥਾਈ ਹੱਲ ਸੰਭਵ ਹੋ ਸਕੇਗਾ। ਮੀਟਿੰਗ ਵਿੱਚ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਰੇਣੂਕਾ, ਕਿਸ਼ਾਊ ਅਤੇ ਲਖਵਾਰ ਡੈਮ ਪ੍ਰੋਜੈਕਟ ਉੱਤਰ ਭਾਰਤ ਦੇ ਰਾਜਾਂ ਲਈ ਬਹੁਤ ਮਹੱਤਵਪੂਰਨ ਹਨ ਅਤੇ ਇਨ੍ਹਾਂ ਦੇ ਅਮਲੀਕਰਨ ਵਿੱਚ ਜਲਦੀ ਤੇਜ਼ੀ ਲਿਆਂਦੀ ਜਾਵੇਗੀ। ਇਨ੍ਹਾਂ ਪ੍ਰੋਜੈਕਟਾਂ ਰਾਹੀਂ ਭਵਿੱਖ ਦੀਆਂ ਜਲ ਲੋੜਾਂ ਦੀ ਪੂਰਤੀ, ਸਿੰਚਾਈ ਸਮਰੱਥਾ ਵਿੱਚ ਵਾਧਾ ਅਤੇ ਪੀਣ ਵਾਲੇ ਪਾਣੀ ਦੀ ਉਪਲਬਧਤਾ ਨੂੰ ਮਜ਼ਬੂਤ ਆਧਾਰ ਮਿਲੇਗਾ। ਉਨ੍ਹਾਂ ਨੇ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਨੂੰ ਲੈ ਕੇ ਸਬੰਧਤ ਰਾਜਾਂ ਵਿਚਕਾਰ ਤਾਲਮੇਲ ਵਧਾਉਂਦੇ ਹੋਏ ਲੋੜੀਂਦੀਆਂ ਪ੍ਰਕਿਰਿਆਵਾਂ ਨੂੰ ਜਲਦੀ ਪੂਰਾ ਕੀਤਾ ਜਾਵੇਗਾ। ਮੁੱਖ ਮੰਤਰੀ ਨੇ ਘੱਗਰ ਨਦੀ ਵਿੱਚ ਡਿੱਗਣ ਵਾਲੇ ਦੂਸ਼ਿਤ ਪਾਣੀ ਦਾ ਮੁੱਦਾ ਵੀ ਪ੍ਰਮੁੱਖਤਾ ਨਾਲ ਉਠਾਇਆ। ਉਨ੍ਹਾਂ ਨੇ ਕਿਹਾ ਕਿ ਘੱਗਰ ਨਹਿਰ ਵਿੱਚ ਡਿੱਗਣ ਵਾਲੇ ਪਾਣੀ ਦੇ ਇਲਾਜ ਲਈ ਵੱਖਰੇ ਟ੍ਰੀਟਮੈਂਟ ਪਲਾਂਟ ਸਥਾਪਿਤ ਕੀਤੇ ਜਾਣਗੇ, ਤਾਂ ਜੋ ਬਿਨਾਂ ਸ਼ੁੱਧੀਕਰਨ ਦੇ ਗੰਦੇ ਪਾਣੀ ਦਾ ਪ੍ਰਵਾਹ ਨਦੀ ਵਿੱਚ ਨਾ ਹੋਵੇ ਅਤੇ ਜਲ ਸਰੋਤਾਂ ਦੀ ਸਵੱਛਤਾ ਅਤੇ ਵਾਤਾਵਰਣ ਸੁਰੱਖਿਆ ਯਕੀਨੀ ਬਣਾਈ ਜਾ ਸਕੇ।

ਮੀਟਿੰਗ ਵਿੱਚ ਜਲ ਪ੍ਰਬੰਧਨ, ਨਦੀ ਸੰਭਾਲ ਅਤੇ ਅੰਤਰ-ਰਾਜੀ ਸਹਿਯੋਗ ਨਾਲ ਜੁੜੇ ਵੱਖ-ਵੱਖ ਵਿਸ਼ਿਆਂ 'ਤੇ ਵਿਆਪਕ ਚਰਚਾ ਹੋਈ। ਕੇਂਦਰੀ ਜਲ ਸ਼ਕਤੀ ਮੰਤਰੀ ਸ੍ਰੀ ਸੀ.ਆ?. ਪਾਟਿਲ ਨੇ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਵਿਸ਼ਿਆਂ 'ਤੇ ਜਲਦੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਅਤੇ ਕਿਹਾ ਕਿ ਜਲ ਸਰੋਤਾਂ ਦੀ ਉਚਿਤ ਵਰਤੋਂ ਅਤੇ ਸੰਭਾਲ ਲਈ ਰਾਜਾਂ ਵਿਚਕਾਰ ਬਿਹਤਰ ਤਾਲਮੇਲ ਜ਼ਰੂਰੀ ਹੈ।

ਇਸ ਮੌਕੇ 'ਤੇ ਹਰਿਆਣਾ ਦੇ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ, ਸਿੰਚਾਈ ਅਤੇ ਜਲ ਸਰੋਤ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਅਨੁਰਾਗ ਅਗਰਵਾਲ, ਰਾਜਸਥਾਨ ਸਰਕਾਰ ਦੇ ਸੀਨੀਅਰ ਅਧਿਕਾਰੀ ਅਤੇ ਕੇਂਦਰੀ ਜਲ ਸ਼ਕਤੀ ਮੰਤਰਾਲੇ ਦੇ ਅਧਿਕਾਰੀ ਮੌਜੂਦ ਸਨ।

## ਮੇਰਾ ਯੁਵਾ ਭਾਰਤ (ਚੰਡੀਗੜ੍ਹ ਨੇ ਯੂਥ ਕਲੱਬ ਡਿਵੈਲਪਮੈਂਟ ਕੈਂਪੇਨ 2026 ਸ਼ੁਰੂ ਕੀਤੀ

ਚੰਡੀਗੜ੍ਹ, 23 ਜੂਨ
-ਸ਼.ਅ.ਬਿਓਰੋ-

ਭਾਰਤ ਸਰਕਾਰ ਦੇ ਯੁਵਾ ਮਾਮਲਿਆਂ ਅਤੇ ਖੇਡ ਮੰਤਰਾਲੇ ਦੇ ਤਹਿਤ ਕਾਰਜਰਤ ਮੇਰਾ ਯੁਵਾ ਭਾਰਤ ਚੰਡੀਗੜ੍ਹ ਨੇ ਨੌਜਵਾਨਾਂ ਦੀ ਭਾਗੀਦਾਰੀ ਨੂੰ ਸਸ਼ਕਤ ਬਣਾਉਣ ਅਤੇ ਸੰਗਠਿਤ ਯੁਵਾ ਸਮੂਹਾਂ ਦੇ ਜ਼ਰੀਏ ਸਮੁਦਾਇਕ ਵਿਕਾਸ ਨੂੰ ਹੁਲਾਰਾ ਦੇਣ ਦੇ ਉਦੇਸ਼ ਨਾਲ ਪੂਰੇ ਚੰਡੀਗੜ੍ਹ ਵਿੱਚ ਯੂਥ ਕਲੱਬ ਡਿਵੈਲਪਮੈਂਟ ਕੈਂਪੇਨ 2026 ਦੀ ਸ਼ੁਰੂਆਤ ਕੀਤੀ ਹੈ।

ਇਸ ਮੁਹਿੰਮ ਦੇ ਤਹਿਤ ਚੰਡੀਗੜ੍ਹ ਵਿੱਚ ਕੰਮ ਕਰ ਰਹੇ ਸਾਰੇ ਮੌਜੂਦਾ ਯੂਥ ਕਲੱਬਾਂ, ਮਹਿਲਾ ਮੰਡਲਾਂ ਅਤੇ ਯੂਥ ਐਸੋਸੀਏਸ਼ਨਾਂ ਨੂੰ ਮੇਰਾ ਯੁਵਾ ਭਾਰਤ ਨਾਲ ਜੁੜ ਕੇ ਰਾਸ਼ਟਰ ਨਿਰਮਾਣ ਦੀਆਂ ਵਿਭਿੰਨ ਗਤੀਵਿਧੀਆਂ ਵਿੱਚ ਸਰਗਰਮ ਭਾਗੀਦਾਰ ਬਣਨ ਲਈ ਸੱਦਾ ਦਿੱਤਾ ਗਿਆ ਹੈ। ਇਸ ਮੁਹਿੰਮ ਦੇ ਜ਼ਰੀਏ ਨੌਜਵਾਨਾਂ ਨੂੰ ਨਵੇਂ ਯੂਥ ਕਲੱਬ ਬਣਾ ਕੇ ਉਨ੍ਹਾਂ ਨੂੰ ਮੇਰਾ ਯੁਵਾ ਭਾਰਤ ਨਾਲ ਰਜਿਸਟਰ ਕਰਵਾਉਣ ਲਈ ਵੀ ਪ੍ਰੋਤਸਾਹਿਤ ਕੀਤਾ ਜਾ ਰਿਹਾ ਹੈ।

ਮੁਹਿੰਮ ਦੇ ਪ੍ਰਭਾਵੀ ਲਾਗੂਕਰਨ ਅਤੇ ਜਨਜਾਗਰੂਕਤਾ ਲਈ ਛੇ ਵਲੰਟੀਅਰਾਂ – ਮੋਹਿਨੀ, ਕਸਤੂਰੀ, ਕਾਰਤਿਕ, ਪੰਕਜ, ਤਨਿਸ਼ ਅਤੇ ਵੈਭਵ – ਨੂੰ ਚੰਡੀਗੜ੍ਹ ਦੇ ਵਿਭਿੰਨ ਸੈਕਟਰਾਂ ਵਿੱਚ ਤੈਨਾਤ ਕੀਤਾ ਗਿਆ ਹੈ। ਇਹ ਵਲੰਟੀਅਰ ਜਾਗਰੂਕਤਾ ਗਤੀਵਿਧੀਆਂ ਦਾ ਸੰਚਾਲਨ ਕਰਨ ਦੇ ਨਾਲ-ਨਾਲ ਯੁਵਾ ਸਮੂਹਾਂ ਨੂੰ ਐਫਿਲਿਏਸ਼ਨ ਪ੍ਰਕਿਰਿਆ ਵਿੱਚ ਸਹਾਇਤਾ ਪ੍ਰਦਾਨ ਕਰਨਗੇ। ਮੁਹਿੰਮ ਬਾਰੇ ਜਾਣਕਾਰੀ ਦਿੰਦੇ ਹੋਏ ਮੇਰਾ ਯੁਵਾ ਭਾਰਤ ਚੰਡੀਗੜ੍ਹ ਦੇ ਜ਼ਿਲ੍ਹਾ ਯੁਵਾ ਅਧਿਕਾਰੀ ਸ਼੍ਰੀ ਵਿਨੈ ਕੁਮਾਰ ਨੇ ਦੱਸਿਆ ਕਿ ਇਸ ਪਹਿਲ ਦਾ ਉਦੇਸ਼ ਜ਼ਮੀਨੀ ਪੱਧਰ 'ਤੇ ਕਾਰਜਰਤ ਯੁਵਾ ਸੰਗਠਨਾਂ ਨੂੰ ਸਸ਼ਕਤ ਬਣਾਉਣਾ ਅਤੇ ਚੰਡੀਗੜ੍ਹ ਵਿੱਚ ਯੂਥ ਕਲੱਬਾਂ ਦਾ ਇੱਕ ਸਸ਼ਕਤ ਅਤੇ ਸਰਗਰਮ ਨੈੱਟਵਰਕ ਤਿਆਰ ਕਰਨਾ ਹੈ।

## ਮਹਾਰਾਸ਼ਟਰ ਸਰਕਾਰ ਵੱਲੋਂ 70 ਸਾਲ ਪੁਰਾਣਾ ਗੁਰਦੁਆਰਾ ਐਕਟ ਰੱਦ; ਨਵਾਂ ਕਾਨੂੰਨ ਲਿਆਉਣ ਦੀ ਤਿਆਰੀ

ਨਾਂਦੇੜ, 23 ਜੂਨ
-ਸ਼.ਅ.ਬਿਓਰੋ-

ਮਹਾਰਾਸ਼ਟਰ ਸਰਕਾਰ ਨੇ ਸਾਲ 1956 ਤੋਂ ਬਣਿਆ ਹੋਇਆ ਸਿੱਖ ਗੁਰਦੁਆਰਾ ਐਕਟ ਰੱਦ ਕਰ ਦਿੱਤਾ ਹੈ। ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦੀ ਅਗਵਾਈ ਹੇਠ ਹੋਈ ਮੰਤਰੀ ਮੰਡਲ ਦੀ ਬੈਠਕ ਵਿੱਚ 'ਦਾ ਨਾਂਦੇੜ ਸਿੱਖ ਗੁਰਦੁਆਰਾ ਸੱਚਖੰਡ ਸ੍ਰੀ ਹਜ਼ੂਰ ਅਬਿਚਲ ਨਗਰ ਸਾਹਿਬ ਐਕਟ 1956' ਨੂੰ ਰੱਦ ਕੀਤਾ ਗਿਆ। ਇਸ ਐਕਟ ਨੂੰ ਰੱਦ ਕਰਨ ਸਬੰਧੀ ਪ੍ਰਸਤਾਵ ਰੈਵਨਿਊ ਮੰਤਰੀ ਚੰਦਰ ਸ਼ੇਖਰ ਬਾਵਨਕੁਲੇ ਵੱਲੋਂ ਪੇਸ਼ ਕੀਤਾ ਗਿਆ ਸੀ, ਜਿਸ ਨੂੰ ਮੰਤਰੀ ਮੰਡਲ ਨੇ ਆਪਣੀ ਮੰਜ਼ੂਰੀ ਦੇ ਦਿੱਤੀ ਹੈ।

ਸਰਕਾਰ ਵੱਲੋਂ ਇਸ 70 ਸਾਲ ਪੁਰਾਣੇ ਕਾਨੂੰਨ ਨੂੰ ਪੁਰਾਣਾ ਦੱਸਦਿਆਂ ਰੱਦ ਕੀਤਾ ਗਿਆ ਹੈ ਅਤੇ ਇਸ ਦੀ ਜਗ੍ਹਾ ਹੁਣ ਨਵਾਂ ਕਾਨੂੰਨ ਬਣਾਉਣ ਦੀ ਤਜਵੀਜ਼ ਹੈ।



ਗੁਰਦੁਆਰਾ ਸਾਹਿਬ ਬੋਰਡ ਲਈ ਨਵਾਂ ਬਣਾਇਆ ਜਾ ਰਿਹਾ ਕਾਨੂੰਨ ਅਜੋਕੇ ਸਮੇਂ ਦੇ ਹਾਣ ਦਾ ਬਣਾਉਣ ਲਈ ਸਰਕਾਰ ਵੱਲੋਂ ਖਰੜਾ (ਡਰਾਫਟ) ਤਿਆਰ ਕਰ ਲਿਆ ਗਿਆ ਹੈ, ਜਿਸ ਨੂੰ ਜਲਦ ਹੀ ਵਿਧਾਨ ਸਭਾ ਅੱਗੇ ਪ੍ਰਵਾਨਗੀ ਲਈ ਰੱਖਿਆ ਜਾਵੇਗਾ। ਮਿਲੀ ਜਾਣਕਾਰੀ ਮੁਤਾਬਕ ਮਹਾਰਾਸ਼ਟਰ ਸਰਕਾਰ ਵੱਲੋਂ ਸੂਬੇ ਦੇ ਸਿੱਖ ਆਗੂਆਂ ਨਾਲ ਨਵੇਂ ਬਣਨ ਵਾਲੇ ਇਸ ਗੁਰਦੁਆਰਾ ਐਕਟ ਸਬੰਧੀ ਵਿਚਾਰ-ਚਰਚਾ ਵੀ ਸ਼ੁਰੂ ਕਰ ਦਿੱਤੀ ਗਈ ਹੈ।

## ਆਸ਼ਾ ਕਿਰਨ, ਚੰਡੀਗੜ੍ਹ ਦੇ ਵੋਕੇਸ਼ਨਲ ਟ੍ਰੇਨਿੰਗ ਸੈਂਟਰ ਵਿਖੇ ਸਪੈਸ਼ਲ ਇੰਟੈਂਸਿਵ ਰਿਵਿਜ਼ਨ ਬਾਰੇ ਜਾਗਰੂਕਤਾ ਮੁਹਿੰਮ ਆਯੋਜਿਤ



ਚੰਡੀਗੜ੍ਹ, 23 ਜੂਨ
-ਸੰਜੀਵ ਸ਼ਰਮਾ-

ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ) ਪ੍ਰਕਿਰਿਆ ਸਬੰਧੀ ਚਲਾਈ ਜਾ ਰਹੀ ਜਾਗਰੂਕਤਾ ਮੁਹਿੰਮ ਦੇ ਤਹਿਤ ਆਸ਼ਾ ਕਿਰਨ, ਸੈਕਟਰ 46, ਚੰਡੀਗੜ੍ਹ ਸਥਿਤ ਵੋਕੇਸ਼ਨਲ ਟ੍ਰੇਨਿੰਗ ਸੈਂਟਰ ਵਿਖੇ ਦਿੱਵਯਾਂਗਜਨਾਂ (ਪੀਡਬਲਿਊਡੀਜ਼) ਲਈ ਇੱਕ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ।

ਇਸ ਪ੍ਰੋਗਰਾਮ ਦਾ ਉਦੇਸ਼ ਦਿੱਵਯਾਂਗਜਨਾਂ (ਪੀਡਬਲਿਊਡੀਜ਼), ਉਨ੍ਹਾਂ ਦੀ ਦੇਖਭਾਲ਼ ਕਰਨ ਵਾਲਿਆਂ ਅਤੇ ਸੰਸਥਾ ਦੇ ਸਟਾਫ਼ ਮੈਂਬਰਾਂ ਨੂੰ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ) ਪ੍ਰਕਿਰਿਆ ਦੇ ਮਹੱਤਵ ਅਤੇ ਸਹੀ ਅਤੇ ਅਪਡੇਟ ਕੀਤੇ ਚੋਣ ਰਿਕਾਰਡ ਸੁਨਿਸ਼ਚਿਤ ਕਰਨ ਦੀ ਜ਼ਰੂਰਤ ਬਾਰੇ ਜਾਗਰੂਕ ਕਰਨਾ ਸੀ। ਪ੍ਰਤੀਭਾਗੀਆਂ ਨੂੰ ਪ੍ਰਕਿਰਿਆ, ਪਾਤਰਤਾ ਮਾਪਦੰਡਾਂ ਅਤੇ ਵੋਟਰ ਵੇਰਵਿਆਂ ਦੇ ਸਮੇਂ 'ਤੇ ਤਸਦੀਕ ਅਤੇ ਅਪਡੇਟ ਕਰਨ ਦੇ ਮਹੱਤਵ ਦੀ ਜਾਣਕਾਰੀ ਦਿੱਤੀ ਗਈ।

ਸਮਾਵੇਸ਼ਿਤਾ ਅਤੇ ਪ੍ਰਭਾਵੀ ਸੰਵਾਦ ਸੁਨਿਸ਼ਚਿਤ ਕਰਨ ਲਈ ਪ੍ਰੋਗਰਾਮ ਦੇ ਦੌਰਾਨ ਸੰਕੇਤਕ ਭਾਸ਼ਾ ਦੁਭਾਸ਼ੀਏ ਦੀ ਵਿਵਸਥਾ ਕੀਤੀ ਗਈ ਸੀ, ਜਿਸ ਨਾਲ ਉੱਚਾ ਸੁਣਨ ਵਾਲੇ ਪ੍ਰਤੀਭਾਗੀ ਪ੍ਰੋਗਰਾਮ ਵਿੱਚ ਦਿੱਤੀ ਜਾ ਰਹੀ ਜਾਣਕਾਰੀ ਨੂੰ ਭਲੀ-ਭਾਂਤ ਸਮਝ ਸਕੇ ਅਤੇ ਜਾਗਰੂਕਤਾ ਸੈਸ਼ਨ ਵਿੱਚ ਸਰਗਰਮੀ ਨਾਲ ਹਿੱਸਾ ਲੈ ਹੋ ਸਕੇ। ਪ੍ਰੋਗਰਾਮ ਦੇ ਦੌਰਾਨ ਪ੍ਰਤੀਭਾਗੀਆਂ ਨੂੰ ਸੂਚਨਾ ਪੈਂਫਲੇਟ ਅਤੇ ਜਾਗਰੂਕਤਾ ਸਮੱਗਰੀ ਵੰਡੀ ਗਈ। ਅਧਿਕਾਰੀਆਂ ਨੇ ਹਾਜ਼ਰ ਪ੍ਰਤੀਭਾਗੀਆਂ ਨਾਲ ਸੰਵਾਦ ਕਰਕੇ ਉਨ੍ਹਾਂ ਦੇ ਸਵਾਲਾਂ ਦੇ ਜਵਾਬ ਦਿੱਤੇ ਅਤੇ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ) ਪ੍ਰਕਿਰਿਆ ਸਬੰਧੀ ਜ਼ਰੂਰੀ ਮਾਰਗਦਰਸ਼ਨ ਵੀ ਪ੍ਰਦਾਨ ਕੀਤਾ।

ਇਸ ਮੁਹਿੰਮ ਦੇ ਜ਼ਰੀਏ ਸਮਾਵੇਸ਼ੀ ਸਹਿਭਾਗਿਤਾ ਦੇ ਮਹੱਤਵ ਨੂੰ ਰੇਖਾਂਕਿਤ ਕੀਤਾ ਗਿਆ ਅਤੇ ਇਹ ਸੁਨਿਸ਼ਚਿਤ ਕਰਨ ਦੀ ਪ੍ਰਤੀਬੱਧਤਾ ਦੁਹਰਾਈ ਗਈ ਕਿ ਹਰੇਕ ਪਾਤਰ ਨਾਗਰਿਕ, ਵਿਸ਼ੇਸ਼ ਕਰਕੇ ਦਿੱਵਯਾਂਗਜਨ, ਆਪਣੇ ਲੋਕਤੰਤਰੀ ਅਧਿਕਾਰਾਂ ਦਾ ਪ੍ਰਭਾਵੀ ਤੌਰ 'ਤੇ ਉਪਯੋਗ ਕਰ ਸਕੇ।

ਇਸ ਸਮਾਗਮ ਵਿੱਚ ਆਸ਼ਾ ਕਿਰਨ ਦੇ ਟ੍ਰੇਨੀਆਂ ਅਤੇ ਸਟਾਫ਼ ਨੇ ਉਤਸ਼ਾਹਪੂਰਵਕ ਹਿੱਸਾ ਲਿਆ। ਇਹ ਆਯੋਜਨ ਚੰਡੀਗੜ੍ਹ ਵਿੱਚ ਦਿੱਵਯਾਂਗਜਨ ਸਮੁਦਾਇ ਦੇ ਦਰਮਿਆਨ ਵੋਟਰ ਜਾਗਰੂਕਤਾ, ਸੁਗਮਤਾ ਅਤੇ ਚੋਣ ਪ੍ਰਕਿਰਿਆ ਵਿੱਚ ਸਮਾਵੇਸ਼ੀ ਭਾਗੀਦਾਰੀ ਨੂੰ ਹੁਲਾਰਾ ਦੇਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਸਿੱਧ ਹੋਇਆ।

## ਦਿਲੀ ਵਿਖੇ ਭਾਰਤੀ ਸਿੱਖ ਸ਼ਿਕਲੀਗਰ ਸਮਾਜ ਦੇ ਸਮਾਗਮ ਵਿੱਚ 25 ਰਾਜਾਂ ਦੇ ਪ੍ਰਤੀਨਿਧ ਪੁਜੇ

## ਮਾਂ ਬੋਲੀ ਪੰਜਾਬੀ, ਗੁਰਸਿੱਖੀ ਅਤੇ ਹੁਨਰਮੰਦ ਨੌਜਵਾਨ ਹੀ ਕੌਮ ਦੀ ਅਸਲ ਤਾਕਤ: ਹਰਮੀਤ ਕਾਲਕਾ

ਨਵੀਂ ਦਿੱਲੀ, 23 ਜੂਨ
-ਚੌਧਰੀ ਪ੍ਰਭਜੀਤ ਸਿੰਘ-

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਅਖਿਲ ਭਾਰਤੀ ਸਿੱਖ ਸ਼ਿਕਲੀਗਰ ਸਮਾਜ ਵੱਲੋਂ ਗੁਰਦੁਆਰਾ ਸ੍ਰੀ ਰਕਾਬਗੰਜ ਸਾਹਿਬ ਵਿਖੇ ਇੱਕ ਵਿਸ਼ੇਸ਼ ਰਾਸ਼ਟਰੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਦੇਸ਼ ਦੇ ਵੱਖ-ਵੱਖ ਰਾਜਾਂ ਤੋਂ ਪੁੱਜੀਆਂ ਸੰਗਤਾਂ ਅਤੇ ਸਮਾਜ ਦੇ ਪ੍ਰਤੀਨਿਧਾਂ ਨੂੰ ਸੰਬੋਧਨ ਕਰਦਿਆਂ ਮਾਂ ਬੋਲੀ ਪੰਜਾਬੀ, ਗੁਰਸਿੱਖੀ ਜੀਵਨ, ਏਕਤਾ ਅਤੇ ਹੁਨਰ-ਅਧਾਰਿਤ ਸਿੱਖਿਆ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ। ਕਾਲਕਾ ਨੇ ਕਿਹਾ ਕਿ ਗੁਰੂ ਸਾਹਿਬਾਨ ਵੱਲੋਂ ਬਖ਼ਸ਼ੀ ਗਈ ਵਿਰਾਸਤ, ਭਾਸ਼ਾ, ਸਿਧਾਂਤਾਂ ਅਤੇ ਸ਼ਸਤਰ ਵਿਦਿਆ ਨੂੰ ਅਪਣਾਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਨੇ ਇਤਿਹਾਸ ਵਿੱਚ ਆਪਣੀ ਸ਼ਕਤੀ, ਦਲੇਰੀ ਅਤੇ ਕੁਰਬਾਨੀਆਂ ਦੇ ਸਦਕਾ ਵਿਸ਼ੇਸ਼ ਸਥਾਨ ਹਾਸਲ ਕੀਤਾ ਸੀ, ਪਰ ਸਮੇਂ ਦੀਆਂ ਸਰਕਾਰਾਂ ਵੱਲੋਂ ਸਿੱਖ ਕੌਮ ਨੂੰ ਵੰਡਣ ਅਤੇ ਕਮਜ਼ੋਰ ਕਰਨ ਦੇ ਯਤਨ ਵੀ ਕੀਤੇ ਗਏ। ਉਨ੍ਹਾਂ ਕਿਹਾ ਕਿ ਹੁਣ ਸਮਾਂ ਹੈ ਕਿ ਸਾਰੇ ਸਿੱਖ ਇੱਕ ਨਿਸ਼ਾਨ ਸਾਹਿਬ ਹੇਠ ਇਕੱਠੇ ਹੋ ਕੇ ਆਪਣੀ ਤਾਕਤ ਨੂੰ ਹੋਰ ਮਜ਼ਬੂਤ ਕਰਨ।



ਉਨ੍ਹਾਂ ਖ਼ੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਮਹਾਰਾਸ਼ਟਰ, ਉੱਤਰ ਪ੍ਰਦੇਸ਼, ਉੱਤਰਾਖੰਡ, ਦਿੱਲੀ, ਹਰਿਆਣਾ, ਰਾਜਸਥਾਨ, ਗੁਜਰਾਤ, ਹਿਮਾਚਲ ਪ੍ਰਦੇਸ਼, ਤੇਲੰਗਾਨਾ, ਆਂਧਰਾ ਪ੍ਰਦੇਸ਼, ਪੰਜਾਬ, ਜੰਮੂ-ਕਸ਼ਮੀਰ, ਕਰਨਾਟਕ, ਮੱਧ ਪ੍ਰਦੇਸ਼ ਅਤੇ ਛੱਤੀਸਗੜ੍ਹ ਸਮੇਤ 15 ਰਾਜਾਂ ਤੋਂ ਅਖਿਲ ਭਾਰਤੀ ਸ਼ਿਕਲੀਗਰ ਸਮਾਜ ਦੇ ਪ੍ਰਤੀਨਿਧਾਂ ਦਾ ਇੱਕ ਮੰਚ 'ਤੇ ਇਕੱਠਾ ਹੋਣਾ ਆਪਣੇ ਆਪ ਵਿੱਚ ਇਤਿਹਾਸਕ ਅਤੇ ਪ੍ਰੇਰਣਾਦਾਇਕ ਉਦਾਹਰਣ ਹੈ। ਸਰਦਾਰ ਕਾਲਕਾ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਗੁਰੂ ਦਾ ਸਿੱਖ, ਅੰਮ੍ਰਿਤਧਾਰੀ ਅਤੇ ਚੰਗੇ ਚਰਿੱਤਰ ਵਾਲਾ ਇਨਸਾਨ ਬਣਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਆਧੁਨਿਕ ਤਕਨਾਲੋਜੀ ਅਤੇ ਹੁਨਰਾਂ ਨਾਲ ਵੀ ਜੋੜਨ। ਉਨ੍ਹਾਂ ਕਿਹਾ ਕਿ ਅੱਜ ਦੇ ਯੁੱਗ ਵਿੱਚ ਸਕਿੱਲ ਡਿਵੈਲਪਮੈਂਟ ਅਤੇ ਤਕਨੀਕੀ ਸਿੱਖਿਆ ਹੀ ਨੌਜਵਾਨਾਂ ਨੂੰ ਰੁਜ਼ਗਾਰ ਅਤੇ ਆਰਥਿਕ ਖ਼ੁਸ਼ਹਾਲੀ ਵੱਲ ਲੈ ਕੇ ਜਾ ਸਕਦੀ ਹੈ। ਉਨ੍ਹਾਂ ਐਲਾਨ ਕੀਤਾ ਕਿ ਦੇਸ਼ ਭਰ ਵਿੱਚ ਸਥਾਪਿਤ ਸਿੱਖ ਉਦਯੋਗਪਤੀਆਂ ਅਤੇ ਉਦਯੋਗਿਕ ਇਕਾਈਆਂ ਨਾਲ ਮਿਲ ਕੇ ਅਜਿਹੇ ਉਪਰਾਲੇ ਸ਼ੁਰੂ ਕੀਤੇ ਜਾਣਗੇ, ਜਿਨ੍ਹਾਂ ਰਾਹੀਂ ਨੌਜਵਾਨਾਂ ਨੂੰ ਹੁਨਰਮੰਦ ਬਣਾਉਣ ਦੇ ਨਾਲ-ਨਾਲ ਰੁਜ਼ਗਾਰ ਅਤੇ ਕਾਰੋਬਾਰ ਦੇ ਮੌਕੇ ਵੀ ਉਪਲਬਧ ਕਰਵਾਏ ਜਾ ਸਕਣ। ਮਾਂ ਬੋਲੀ ਪੰਜਾਬੀ ਦੀ ਮਹੱਤਤਾ ਉੱਤੇ ਜ਼ੋਰ ਦਿੰਦਿਆਂ ਸਰਦਾਰ ਕਾਲਕਾ ਨੇ ਕਿਹਾ ਕਿ ਸਿੱਖ ਕੌਮ ਦੀ ਪਹਿਚਾਣ ਉਸ ਦੀ ਭਾਸ਼ਾ, ਸੱਭਿਆਚਾਰ ਅਤੇ ਗੁਰਮਤਿ ਨਾਲ ਜੁੜੀ ਹੋਈ ਹੈ।

ਉਨ੍ਹਾਂ ਸੰਗਤਾਂ ਤੋਂ ਵਚਨ ਲਿਆ ਕਿ ਉਹ ਆਪਣੇ ਘਰਾਂ, ਪਰਿਵਾਰਾਂ ਅਤੇ ਬੱਚਿਆਂ ਵਿੱਚ ਪੰਜਾਬੀ ਭਾਸ਼ਾ ਦੀ ਵਰਤੋਂ ਨੂੰ ਯਕੀਨੀ ਬਣਾਉਣਗੇ ਅਤੇ ਇਸ ਨੂੰ ਵਿਸਰਨ ਨਹੀਂ ਦੇਣਗੇ। ਉਨ੍ਹਾਂ ਇਹ ਵੀ ਭਰੋਸਾ ਦਿਵਾਇਆ ਕਿ ਸ਼ਿਕਲੀਗਰ ਸਮਾਜ ਦੀਆਂ ਜਾਇਜ਼ ਮੰਗਾਂ ਅਤੇ ਮੁੱਦਿਆਂ ਨੂੰ ਸਬੰਧਤ ਰਾਜ ਸਰਕਾਰਾਂ ਅਤੇ ਹੋਰ ਸੰਸਥਾਵਾਂ ਅੱਗੇ ਪੂਰੀ ਗੰਭੀਰਤਾ ਨਾਲ ਉਠਾਇਆ ਜਾਵੇਗਾ।

## ਬਠਿੰਡਾ ਦੇ ਹੋਮਿਓਪੈਥਿਕ ਡਾਕਟਰ ਤਰਸੇਮ ਗਰਗ ਦੇ ਘਰ 'ਤੇ ਪੈਟਰੋਲ ਬੰਬ ਨਾਲ ਹਮਲਾ

ਬਠਿੰਡਾ, 23 ਜੂਨ
-ਗੁਰਤੇਜ ਅਤਲਾ-

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਬਠਿੰਡਾ ਫੇਰੀ ਦੌਰਾਨ ਸ਼ਹਿਰ ਵਿੱਚ ਸਖ਼ਤ ਸੁਰੱਖਿਆ ਪ੍ਰਬੰਧਾਂ ਦੇ ਦਾਅਵਿਆਂ ਦੇ ਵਿਚਕਾਰ ਸੋਮਵਾਰ ਰਾਤ ਨੂੰ ਮੇਲਾ ਰਾਮ ਰੋਡ 'ਤੇ ਇੱਕ ਹੋਮਿਓਪੈਥਿਕ ਕਲੀਨਿਕ ਦੇ ਬਾਹਰਲੇ ਵੇਹੜੇ ਵਿੱਚ ਪੈਟਰੋਲ ਬੰਬ ਨਾਲ ਧਮਾਕਾ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਇਹ ਕਲੀਨਿਕ ਹਾਲ ਹੀ ਵਿੱਚ ਉਦਘਾਟਨ ਕੀਤੇ ਗਏ ਕੌਮੀ ਸਵੈਮ ਸੇਵਕ ਸੰਘ ਦੇ ਦਫ਼ਤਰ ਦੇ ਬਿਲਕੁਲ ਸਾਹਮਣੇ ਸਥਿਤ ਹੈ, ਜਿਸ ਕਾਰਨ ਇਲਾਕੇ ਵਿੱਚ ਸਥਿਤੀ ਬੇਹੱਦ ਸੰਵੇਦਨਸ਼ੀਲ ਬਣ ਗਈ ਹੈ। ਰਾਹਤ ਦੀ ਗੱਲ ਇਹ ਰਹੀ ਕਿ ਇਸ ਹਾਦਸੇ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ।

### ਪੁਲਿਸ ਵੱਲੋਂ ਜਾਂਚ ਤੇਜ਼

ਇਹ ਕਲੀਨਿਕ ਡਾ. ਤਰਸੇਮ ਗਰਗ ਵੱਲੋਂ ਉਨ੍ਹਾਂ ਦੇ ਘਰ ਵਿੱਚ ਹੀ ਚਲਾਇਆ ਜਾ ਰਿਹਾ ਹੈ, ਜਿਨ੍ਹਾਂ ਦੇ ਪਰਿਵਾਰ ਨੇ ਹਾਲ ਹੀ ਵਿੱਚ ਆਮ ਆਦਮੀ ਪਾਰਟੀ ਛੱਡ ਕੇ ਭਾਰਤੀ ਜਨਤਾ ਪਾਰਟੀ ਦਾ ਪੱਲਾ ਫੜਿਆ ਸੀ। ਪੈਟਰੋਲ ਬੰਬ ਕਲੀਨਿਕ ਦੀ ਇੱਕ ਖਿੜਕੀ ਨਾਲ ਜਾ ਟਕਰਾਇਆ, ਜਿਸ ਕਾਰਨ ਉੱਥੇ ਸੜਨ ਦੇ ਨਿਸ਼ਾਨ ਪੈ ਗਏ ਅਤੇ ਵੇਹੜੇ ਵਿੱਚ ਖੜ੍ਹੀ ਇੱਕ ਸਕੂਟਰੀ ਤੇ ਕੁਝ ਪੌਦਿਆਂ ਨੂੰ ਵੀ ਨੁਕਸਾਨ ਪਹੁੰਚਿਆ ਹੈ। ਘਟਨਾ ਦੀ ਸੂਚਨਾ ਮਿਲਦਿਆਂ ਹੀ ਡੀ.ਆਈ.ਜੀ. ਹਰਜੀਤ ਸਿੰਘ, ਐੱਸ.ਐੱਸ.ਪੀ. ਜਯੋਤੀ ਯਾਦਵ ਸਮੇਤ ਕਈ ਸੀਨੀਅਰ ਪੁਲੀਸ ਅਧਿਕਾਰੀ ਮੌਕੇ 'ਤੇ ਪਹੁੰਚੇ।

ਕਲੀਨਿਕ ਦੇ ਮਾਲਕ ਡਾ. ਤਰਸੇਮ ਗਰਗ ਨੇ ਦੱਸਿਆ ਕਿ ਘਟਨਾ ਦੇ ਸਮੇਂ ਕਲੀਨਿਕ ਵਿੱਚ ਦੋ ਮੁਲਾਜ਼ਮ ਮੌਜੂਦ ਸਨ, ਜਿਨ੍ਹਾਂ ਨੇ ਫ਼ੋਨ 'ਤੇ ਉਨ੍ਹਾਂ ਨੂੰ ਧਮਾਕੇ ਅਤੇ ਅੱਗ ਲੱਗਣ ਦੀ ਸੂਚਨਾ ਦਿੱਤੀ। ਮੁਲਾਜ਼ਮਾਂ ਨੇ ਤੁਰੰਤ ਮੁਸਤੈਦੀ ਦਿਖਾਉਂਦੇ ਹੋਏ ਅੱਗ 'ਤੇ ਕਾਬੂ ਪਾਇਆ। ਡਾ. ਗਰਗ ਮੁਤਾਬਕ ਜਦੋਂ ਉਨ੍ਹਾਂ ਨੇ ਕਲੀਨਿਕ ਦੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ ਚੈੱਕ ਕੀਤੀ, ਤਾਂ ਉਸ ਵਿੱਚ ਦੋ ਅਣਪਛਾਤੇ ਨੌਜਵਾਨ ਪੈਟਰੋਲ ਬੰਬ ਨੂੰ ਅੱਗ ਲਗਾ ਕੇ ਕਲੀਨਿਕ ਵੱਲ ਸੁੱਟਦੇ ਹੋਏ ਸਾਫ਼ ਦਿਖਾਈ ਦੇ ਰਹੇ ਹਨ।

### ਫੋਰੈਂਸਿਕ ਮਾਹਰਾਂ ਦੀਆਂ ਟੀਮਾਂ ਮੌਜੂਦ

ਇਸ ਮਾਮਲੇ ਬਾਰੇ ਗੱਲ ਕਰਦਿਆਂ ਐੱਸ.ਪੀ. (ਸਿਟੀ) ਨਰਿੰਦਰ ਸਿੰਘ ਨੇ ਦੱਸਿਆ ਕਿ ਵਿਸ਼ਾਲ ਨਗਰ ਦੇ ਮੇਲਾ ਰਾਮ ਰੋਡ 'ਤੇ ਦੋ ਨੌਜਵਾਨਾਂ ਵੱਲੋਂ ਪੈਟਰੋਲ ਬੰਬ ਸੁੱਟਣ ਦੀ ਇਤਲਾਹ ਮਿਲਦੇ ਹੀ ਪੁਲੀਸ ਨੇ ਇਲਾਕੇ ਨੂੰ ਸੀਲ ਕਰ ਦਿੱਤਾ ਹੈ ਅਤੇ ਸਰਚ ਅਪਰੇਸ਼ਨ ਸ਼ੁਰੂ ਕਰ ਦਿੱਤਾ ਗਿਆ ਹੈ। ਪੁਲੀਸ ਦੇ ਹੱਥ ਕੁਝ ਅਹਿਮ ਸੁਰਾਗ ਲੱਗੇ ਹਨ, ਪਰ ਜਾਂਚ ਪ੍ਰਭਾਵਿਤ ਨਾ ਹੋਵੇ, ਇਸ ਲਈ ਅਜੇ ਉਨ੍ਹਾਂ ਦਾ ਖ਼ੁਲਾਸਾ ਨਹੀਂ ਕੀਤਾ ਜਾ ਸਕਦਾ। ਦੂਜੇ ਪਾਸੇ ਐੱਸ.ਐੱਸ.ਪੀ. ਜਯੋਤੀ ਯਾਦਵ ਨੇ ਦੱਸਿਆ ਕਿ ਸੀ.ਆਈ.ਏ. (391) ਅਤੇ ਫੋਰੈਂਸਿਕ ਮਾਹਰਾਂ ਦੀਆਂ ਟੀਮਾਂ ਨੇ ਮੌਕੇ ਤੋਂ ਸੈਂਪਲ ਇਕੱਠੇ ਕਰ ਲਏ ਹਨ ਅਤੇ ਮਾਮਲੇ ਦੀ ਡੂੰਘਾਈ ਨਾਲ ਪੜਤਾਲ ਕੀਤੀ ਜਾ ਰਹੀ ਹੈ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਸੋਮਵਾਰ ਰਾਤ ਨੂੰ ਹੀ ਬਠਿੰਡਾ ਪਹੁੰਚ ਗਏ ਸਨ।







## ਸੰਪਾਦਕੀ

## ਬਾਜ਼ਾਰੀ ਮੁਕਾਬਲੇ ਦੇ ਕਾਨੂੰਨਾਂ ਨਾਲ ਭਲਾ ਕੀ ਲੈਣਾ-ਦੇਣਾ

ਦੇਸ਼ ਵਿਚ ਆਮ ਲੋਕਾਂ ਦਾ ਬਾਜ਼ਾਰੀ ਮੁਕਾਬਲੇ ਦੇ ਕਾਨੂੰਨਾਂ ਨਾਲ ਭਲਾ ਕੀ ਲੈਣਾ-ਦੇਣਾ? ਪਰ ਸੱਚ ਇਹ ਹੈ ਕਿ ਇਸ ਕਾਨੂੰਨ ਦਾ ਸਿੱਧਾ ਅਸਰ ਸਾਡੀ ਜੇਬ ਅਤੇ ਰੋਜ਼ ਦੀ ਜ਼ਿੰਦਗੀ 'ਤੇ ਪੈਂਦਾ ਹੈ, ਭਾਵੇਂ ਉਹ ਚੀਜ਼ਾਂ ਦੇ ਭਾਅ ਹੋਣ, ਸਾਡੀ ਪਸੰਦ-ਨਾਪਸੰਦ ਹੋਵੇ ਜਾਂ ਸਾਨੂੰ ਮਿਲਣ ਵਾਲੀਆਂ ਸਹੂਲਤਾਂ। ਜਦੋਂ ਵੱਡੀਆਂ ਕੰਪਨੀਆਂ ਆਪਸ ਵਿੱਚ ਗੰਢ-ਤੁੱਪ ਕਰ ਕੇ ਮਨਮਰਜ਼ੀ ਦੇ ਭਾਅ ਵਧਾਉਂਦੀਆਂ ਹਨ, ਬਾਜ਼ਾਰ ਵਿੱਚੋਂ ਗਾਹਕਾਂ ਲਈ ਬਦਲ ਖ਼ਤਮ ਕਰਦੀਆਂ ਹਨ ਤਾਂ ਇਸ ਦਾ ਖ਼ਮਿਆਜ਼ਾ ਆਮ ਲੋਕਾਂ ਨੂੰ ਹੀ ਭੁਗਤਣਾ ਪੈਂਦਾ ਹੈ। ਇਹੀ ਵਜ੍ਹਾ ਹੈ ਕਿ ਭਾਰਤੀ ਮੁਕਾਬਲੇਬਾਜ਼ੀ ਕਮਿਸ਼ਨ (ਸੀ ਸੀ ਆਈ) ਦੀ ਲੋੜ ਅੱਜ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਮਹਿਸੂਸ ਹੋ ਰਹੀ ਹੈ। ਬੀਤੇ ਸਮੇਂ ਦੌਰਾਨ ਇਸ ਕਮਿਸ਼ਨ ਨੇ ਚੰਗੇ-ਚੰਗੇ ਸਿਰਮੌਰਾਂ ਨੂੰ ਨੱਥ ਪਾਈ ਹੈ, ਚਾਹੇ ਉਹ ਆਪਸ ਵਿੱਚ ਮਿਲ ਕੇ ਸੀਮਿੰਟ ਦੇ ਭਾਅ ਤੈਅ ਕਰਨ ਵਾਲੀਆਂ ਕੰਪਨੀਆਂ ਹੋਣ, ਗੱਡੀਆਂ ਦੇ ਸਪੇਅਰ ਪਾਰਟਸ ਤੇ ਮੁਰੰਮਤ ਦੇ ਕੰਮ ਨੂੰ ਆਪਣੇ ਹੱਥਾਂ 'ਚ ਰੱਖਣ ਵਾਲੇ ਕਾਰਖ਼ਾਨੇਦਾਰ ਹੋਣ ਅਤੇ ਚਾਹੇ ਬਾਜ਼ਾਰ 'ਚ ਆਪਣੀ ਅਜ਼ਾਰੇਦਾਰੀ ਦੇ ਸਿਰ 'ਤੇ ਖਪਤਕਾਰਾਂ ਦੀ ਚੋਣ ਨੂੰ ਪ੍ਰਭਾਵਿਤ ਕਰਨ ਵਾਲੀਆਂ ਗੂਗਲ ਤੇ ਮੈਟਾ ਵਰਗੀਆਂ ਵੱਡੀਆਂ ਤਕਨਾਲੋਜੀ ਕੰਪਨੀਆਂ ਹੋਣ। ਸਰਕਾਰ ਵੱਲੋਂ ਸੀ ਸੀ ਆਈ ਨੂੰ ਇਹ ਵੱਡੀ ਖੁੱਲ੍ਹ ਦੇਣੀ ਕਿ ਹੁਣ ਜੁਰਮਾਨਾ ਸਿਰਫ਼ ਭਾਰਤ ਵਿਚਲੀ ਕਮਾਈ 'ਤੇ ਨਹੀਂ ਸਗੋਂ ਕੰਪਨੀ ਦੀ ਦੁਨੀਆ ਭਰ ਦੀ ਕੁੱਲ ਕਮਾਈ (ਗਲੋਬਲ ਟਰਨਓਵਰ) ਨੂੰ ਵੇਖ ਕੇ ਲਾਇਆ ਜਾਵੇਗਾ, ਸਾਫ਼ ਦੱਸਦਾ ਹੈ ਕਿ ਮੌਜੂਦਾ ਜੁਰਮਾਨੇ ਵੱਡੀਆਂ ਬਹੁ-ਰਾਸ਼ਟਰੀ ਕੰਪਨੀਆਂ ਨੂੰ ਸਿੱਧੇ ਰਾਹ ਪਾਉਣ ਲਈ ਨਾਕਾਫ਼ੀ ਸਾਬਤ ਹੋ ਰਹੇ ਹਨ। ਜਿਹੜਾ ਜੁਰਮਾਨਾ ਭਾਰਤ ਦੇ ਲਿਹਾਜ਼ ਨਾਲ ਬਹੁਤ ਵੱਡਾ ਲੱਗਦਾ ਹੈ ਦੁਨੀਆ ਭਰ ਵਿੱਚ ਅਰਬਾਂ ਡਾਲਰ ਕਮਾਉਣ ਵਾਲੀਆਂ ਕੰਪਨੀਆਂ ਦੇ ਵਹੀ-ਖਾਤਿਆਂ ਵਿੱਚ ਸ਼ਾਇਦ ਉਹ ਊਠ ਦੇ ਮੂੰਹ ਵਿੱਚ ਜੀਰੇ ਦੇ ਬਰਾਬਰ ਵੀ ਨਾ ਹੋਵੇ। ਇਸ ਫ਼ੈਸਲੇ ਪਿੱਛੇ ਦਿੱਤੀ ਗਈ ਦਲੀਲ ਬਿਲਕੁਲ ਜਾਇਜ਼ ਹੈ; ਜੇਕਰ ਕਾਨੂੰਨ ਨੂੰ ਤੋੜਨਾ ਉਨ੍ਹਾਂ ਦੀ ਪਾਲਣਾ ਕਰਨ ਨਾਲੋਂ ਸਸਤਾ ਪੈਣ ਲੱਗ ਜਾਵੇ ਤਾਂ ਅਜਿਹੇ ਕਾਨੂੰਨਾਂ ਦੀ ਕੋਈ ਅਹਿਮੀਅਤ ਨਹੀਂ ਰਹਿ ਜਾਂਦੀ। ਇਨ੍ਹਾਂ ਕੰਪਨੀਆਂ ਨੂੰ ਇਹ ਇਜਾਜ਼ਤ ਹਰਗਿਜ਼ ਨਹੀਂ ਮਿਲਣੀ ਚਾਹੀਦੀ ਕਿ ਉਹ ਅਦਾਲਤੀ ਜ਼ੁਰਮਾਨਿਆਂ ਨੂੰ ਆਪਣੇ ਰੋਜ਼ਾਨਾ ਦੇ ਕਾਰੋਬਾਰੀ ਖਰਚਿਆਂ ਵਾਂਗ ਹੱਸ ਕੇ ਤਾਰ ਦੇਣ। ਪਰ ਇਸ ਦੇ ਨਾਲ ਹੀ ਕਾਨੂੰਨ ਵਿੱਚ ਇਨਸਾਫ਼ ਅਤੇ ਪਾਰਦਰਸ਼ਤਾ ਵੀ ਹੋਣੀ ਚਾਹੀਦੀ ਹੈ। ਕਾਰੋਬਾਰੀਆਂ ਨੂੰ ਇੱਕ ਅਜਿਹਾ ਸਾਫ਼-ਸੁਥਰਾ ਮਾਹੌਲ ਮਿਲਣਾ ਚਾਹੀਦਾ ਹੈ ਜਿੱਥੇ ਉਹ ਬਿਨਾਂ ਕਿਸੇ ਡਰ ਦੇ ਪੈਸਾ ਲਾ ਸਕਣ ਅਤੇ ਅੱਗੇ ਵਧ ਸਕਣ। ਜੁਰਮਾਨਾ ਹਮੇਸ਼ਾ ਗ਼ਲਤੀ ਦੇ ਹਿਸਾਬ ਨਾਲ ਹੋਣਾ ਚਾਹੀਦਾ ਹੈ ਨਾ ਕਿ ਅਜਿਹਾ ਲੱਗੇ ਕਿ ਕਿਸੇ ਕੰਪਨੀ ਦੀ ਕਾਮਯਾਬੀ ਤੋਂ ਖ਼ਾਰ ਖਾ ਕੇ ਉਸ ਨੂੰ ਸਜ਼ਾ ਦਿੱਤੀ ਜਾ ਰਹੀ ਹੈ। ਇਸ ਲਈ ਵਿਚਕਾਰਲਾ ਸਹੀ ਰਸਤਾ ਲੱਭਣ ਦੀ ਸਖ਼ਤ ਲੋੜ ਹੈ। ਭਾਰਤ ਨੂੰ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਅਤੇ ਤਰੱਕੀ ਦੀ ਰਫ਼ਤਾਰ ਵਧਾਉਣ ਲਈ ਮਜ਼ਬੂਤ ਕੰਪਨੀਆਂ ਦੀ ਵੀ ਲੋੜ ਹੈ ਪਰ ਇਸ ਦੇ ਨਾਲ ਹੀ ਬਾਜ਼ਾਰ ਵਿੱਚ ਸਿਹਤਮੰਦ ਮੁਕਾਬਲਾ ਬਣਾਈ ਰੱਖਣ ਅਤੇ ਆਮ ਗਾਹਕਾਂ ਦੇ ਹੱਕਾਂ ਦੀ ਰਾਖੀ ਲਈ ਸੀ ਸੀ ਆਈ ਵਰਗੀਆਂ ਸੰਸਥਾਵਾਂ ਦੀ ਵੀ ਓਨੀ ਹੀ ਲੋੜ ਹੈ।

-ਛੱਤਰਪਾਲ ਸਿੰਘ

Shaheedeazamnews.com

ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, publĺshed and owned by Harjinder Chaudhary printed at Raftaar Printing Press, Factory Area, Patiaĺa and publĺshed at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਬਗਰਾੜੀ ਤੋਂ ਬਰਗਾੜੀ ਦਾ ਸਫ਼ਰ ਭਗਵੰਤ ਸਿੰਘ ਮਾਨ ਤੱਕ

**ਜਗਤਾਰ ਸਿੰਘ**

ਗੱਲ ਕਿਰਦਾਰਾਂ ਤੋਂ ਵੱਧ ਵਰਤਾਰੇ ਦੀ ਹੈ ਤੇ ਇਸ ਵਰਤਾਰੇ ਦੀ ਜੜ੍ਹ ਸਥਾਨਕ ਜ਼ਬਾਨ ਵਿੱਚ ਬਗਰਾੜੀ ਨਾਂ ਨਾਲ ਜਾਣੇ ਜਾਂਦੇ ਇੱਕ ਸਾਧਾਰਨ ਪਿੰਡ ਦੇ ਸਰਕਾਰੀ ਰਿਕਾਰਡ ਵਿੱਚ ਬਰਗਾੜੀ ਨਾਂ ਨਾਲ ਆਲਮੀ ਪੱਧਰ 'ਤੇ ਚਰਚਿਤ ਹੋਣ ਵਿੱਚ ਹੈ। ਇਹ ਵਰਤਾਰਾ ਹੁਣ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਪ੍ਰਭਾਵਿਤ ਕਰਨ ਵੱਲ ਵਧ ਰਿਹਾ ਹੈ। ਬਰਗਾੜੀ ਵਰਤਾਰਾ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਨਾਲ ਸਬੰਧਿਤ ਹੈ। ਅਕਾਲ ਤਖ਼ਤ ਸਾਹਿਬ ਤੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਬਾਰੇ 15 ਜੂਨ ਨੂੰ ਦਿੱਤਾ ਗਿਆ ਆਦੇਸ਼ ਇਸੇ ਵਰਤਾਰੇ ਦੀ ਕੜੀ ਵਜੋਂ ਦੇਖਿਆ ਜਾ ਸਕਦਾ ਹੈ।



ਕਾਫ਼ੀ ਸਮਾਂ ਪਹਿਲਾਂ ਜਨਤਕ ਹੋਈ ਮੁੱਖ ਮੰਤਰੀ ਸ੍ਰੀ ਮਾਨ ਦੀ ਇੱਕ ਕਥਿਤ ਵੀਡੀਓ ਦੇ ਆਧਾਰ 'ਤੇ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਉਨ੍ਹਾਂ ਨੂੰ ਦੋਸ਼ੀ ਕਰਾਰ ਦਿੰਦੇ ਹੋਏ ਆਦੇਸ਼ ਦਿੱਤਾ ਹੈ ਕਿ ਸਿੱਖ ਜਗਤ ਉਸ ਨੂੰ ਮੂੰਹ ਨਾ ਲਗਾਵੇ। ਇਤਿਹਾਸ ਵਿੱਚ ਕਿਸੇ ਮੁੱਖ ਮੰਤਰੀ ਬਾਰੇ ਕਦੇ ਵੀ ਇਸ ਪ੍ਰਕਾਰ ਦਾ ਹੁਕਮ ਨਹੀਂ ਸੀ ਹੋਇਆ। ਇਹ ਆਪਣੇ ਆਪ ਵਿੱਚ ਨਵਾਂ ਇਤਿਹਾਸ ਸਿਰਜਿਆ ਗਿਆ ਹੈ। ਇਹ ਆਦੇਸ਼ ਸ੍ਰੀ ਮਾਨ ਨੂੰ 'ਗੁਰੂ ਦੋਖੀ' ਅਤੇ 'ਪੰਥ ਵਿਰੋਧੀ' ਐਲਾਨਣ ਦੇ ਆਧਾਰ 'ਤੇ ਕੀਤਾ ਗਿਆ ਹੈ। ਇਸ ਵੀਡੀਓ ਨੂੰ ਸਿੱਖ ਧਰਮ ਦੀ ਬੇਅਦਬੀ ਦਰਸਾਇਆ ਗਿਆ ਹੈ ਅਤੇ ਇਸ ਪ੍ਰਕਾਰ ਇਹ ਬਰਗਾੜੀ ਵਰਤਾਰੇ ਦਾ ਹਿੱਸਾ ਹੈ।

ਇਸ ਵੀਡੀਓ ਦੇ ਆਧਾਰ 'ਤੇ ਮੁੱਖ ਮੰਤਰੀ ਨੂੰ ਅਕਾਲ ਤਖ਼ਤ ਸਾਹਿਬ ਵੱਲੋਂ ਤਲਬ ਕੀਤੇ ਜਾਣ 'ਤੇ ਉਹ ਰਾਸ਼ਟਰਪਤੀ ਸ੍ਰੀਮਤੀ ਦ੍ਰੋਪਦੀ ਮੁਰਮੂ ਦਾ ਅੰਮ੍ਰਿਤਸਰ ਦਾ ਪ੍ਰੋਗਰਾਮ ਛੱਡ ਕੇ 15 ਜਨਵਰੀ ਨੂੰ ਜਥੇਦਾਰ ਗੜਗੱਜ ਸਾਹਮਣੇ ਰਿਕਾਰਡ ਲੈ ਕੇ ਪੇਸ਼ ਹੋਏ ਸਨ। ਇਹ ਕਥਿਤ ਵੀਡੀਓ ਗੁਰੂ ਸਾਹਿਬਾਨ ਦੀ ਮਨੋ-ਕਲਪਿਤ ਫੋਟੋ ਦੀ ਬੇਅਦਬੀ ਨਾਲ ਸਬੰਧਿਤ ਹੈ। ਸਿੱਖ ਧਰਮ ਵਿੱਚ ਭਾਵੇਂ ਬੁੱਤ ਪੂਜਾ ਦੀ ਮਨਾਹੀ ਹੈ, ਪਰ ਸਤਿਕਾਰ ਕਰਨਾ ਤਾਂ ਬਣਦਾ ਹੈ।

ਇਨ੍ਹਾਂ ਦੋਸ਼ਾਂ ਨੂੰ ਮੁੱਢੋਂ ਰੱਦ ਕਰਦਿਆਂ ਸ੍ਰੀ ਮਾਨ ਨੇ ਪੰਥਕ ਕਚਹਿਰੀ ਦਾ ਰੁਖ਼ ਕੀਤਾ ਹੈ। ਪੰਥ ਸੁਪਰੀਮ ਹੈ। ਆਪਣੇ ਬਿਆਨ ਵਿੱਚ ਉਨ੍ਹਾਂ ਕਿਹਾ ਕਿ ਆਖ਼ਰੀ ਫ਼ੈਸਲਾ ਸੰਗਤ ਕਰੇਗੀ। ਉਨ੍ਹਾਂ ਦਾ ਤਰਕ ਹੈ ਕਿ ਵੀਡੀਓ ਕਿਸੇ ਹੋਰ ਵਿਅਕਤੀ ਦੀ ਹੈ। ਅਕਾਲ ਤਖ਼ਤ ਸਾਹਿਬ ਵੱਲੋਂ ਐਲਾਨਿਆ ਗਿਆ ਦੂਸਰਾ ਮਤਾ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਨਾਲ ਸਬੰਧਿਤ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ' ਨਾਲ ਸਬੰਧਿਤ ਹੈ। ਸਰਕਾਰ 'ਤੇ ਅਕਾਲ ਤਖ਼ਤ ਸਾਹਿਬ ਦੀਆਂ ਭਾਵਨਾਵਾਂ ਨੂੰ ਨਜ਼ਰਅੰਦਾਜ਼ ਕਰਨ ਦਾ ਦੋਸ਼ ਹੈ। ਅਕਾਲ ਤਖ਼ਤ ਸਾਹਿਬ ਵੱਲੋਂ ਕੁਝ ਸੋਧਾਂ ਦਾ ਸੁਝਾਅ ਦਿੱਤਾ ਗਿਆ ਸੀ, ਜਿਸ ਨੂੰ ਸਰਕਾਰ ਨੇ ਨਹੀਂ ਮੰਨਿਆ। ਇਸ ਲਈ ਸਾਰੇ ਸਿੱਖ ਕੈਬਨਿਟ ਮੰਤਰੀਆਂ ਅਤੇ ਵਿਧਾਨ ਸਭਾ ਦੇ ਸਾਰੇ ਸਿੱਖ ਮੈਂਬਰਾਂ ਨੂੰ 29 ਜੂਨ ਨੂੰ ਪੇਸ਼ ਹੋ ਕੇ ਸਪੱਸ਼ਟੀਕਰਨ ਦੇਣ ਦਾ ਆਦੇਸ਼ ਦਿੱਤਾ ਗਿਆ ਹੈ।

ਪਹਿਲੀਆਂ ਸਰਕਾਰਾਂ ਨੇ ਵੀ ਸਖ਼ਤ ਕਾਨੂੰਨ ਬਣਾਉਣ ਦੀ ਕੋਸ਼ਿਸ਼ ਕੀਤੀ ਸੀ, ਜੋ ਸਿਰੇ ਨਾ ਲੱਗੀ। ਮਾਨ ਸਰਕਾਰ ਨੇ ਪ੍ਰਕਾਸ਼ ਸਿੰਘ ਬਾਦਲ ਦੀ ਸਰਕਾਰ ਵੱਲੋਂ ਸਾਲ 2008 ਵਿੱਚ ਬਣਾਏ ਸਤਿਕਾਰ ਐਕਟ ਵਿੱਚੋਂ ਰਸਤਾ ਲੱਭਿਆ ਅਤੇ ਸਿੱਖਾਂ ਦੇ ਇੱਕ ਵੱਡੇ ਹਿੱਸੇ ਦੀ ਮੰਗ 'ਤੇ ਸਖ਼ਤ ਸਜ਼ਾ ਦਾ ਕਾਨੂੰਨ ਕਾਮਯਾਬੀ ਨਾਲ ਬਣਾ ਦਿੱਤਾ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਨਾਲ ਹੀ ਇਸ ਦਾ ਸੁਆਗਤ ਕਰ ਦਿੱਤਾ, ਪਰ ਅਗਲੇ ਦਿਨ ਹੀ ਉਨ੍ਹਾਂ ਨੂੰ ਅਹਿਸਾਸ ਹੋਇਆ ਜਾਂ ਸ਼ਾਇਦ ਕਰਵਾਇਆ ਗਿਆ ਕਿ ਗ਼ਲਤੀ ਹੋ ਗਈ ਅਤੇ ਉਨ੍ਹਾਂ ਨੇ ਇਸ ਮਾਮਲੇ ਨੂੰ ਅਕਾਲ ਤਖ਼ਤ ਸਾਹਿਬ 'ਤੇ ਭੇਜ ਦਿੱਤਾ ਅਤੇ ਆਪ ਸੁਰਖ਼ਰੂ ਹੋ ਗਏ। ਜਿਸ ਕਾਨੂੰਨ ਨੂੰ ਬਣਾਉਣ ਵਿੱਚ ਅਕਾਲੀ ਸਰਕਾਰ ਨਾਕਾਮ ਹੋਈ, ਉਸ ਮਾਮਲੇ 'ਤੇ ਮਾਨ ਸਰਕਾਰ ਨੇ ਬਾਜ਼ੀ ਮਾਰ ਲਈ।

ਇਹ ਕਾਨੂੰਨ ਪਾਸ ਹੋਣ ਸਮੇਂ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਸਣੇ ਕਈ ਧਾਰਮਿਕ ਸ਼ਖ਼ਸੀਅਤਾਂ ਵਿਧਾਨ ਸਭਾ ਦੀ ਗਵਰਨਰ ਗੈਲਰੀ ਵਿੱਚ ਹਾਜ਼ਰ ਸਨ। ਬੇਅਦਬੀ ਕਰਨ ਵਾਲਿਆਂ ਨੂੰ ਸਖ਼ਤ ਸਜ਼ਾ ਲਈ ਸਮਾਣਾ ਸ਼ਹਿਰ ਵਿੱਚ ਕਈ ਮਹੀਨਿਆਂ ਤੋਂ ਟਾਵਰ ਮੋਰਚਾ ਚੱਲ ਰਿਹਾ ਸੀ। ਇਸ ਲਈ ਕਾਨੂੰਨ ਦਾ ਪਾਸ ਹੋਣਾ ਮਾਨ ਸਰਕਾਰ ਦੀ ਵੱਡੀ ਪ੍ਰਾਪਤੀ ਬਣ ਗਿਆ ਅਤੇ ਇਸ ਦੇ ਨਾਲ ਹੀ ਇਸ 'ਤੇ ਸਿਆਸਤ ਸ਼ੁਰੂ ਹੋ ਗਈ।

ਭਵਿੱਖ ਦੀ ਸਿਆਸਤ 'ਤੇ ਇਸ ਦੇ ਅਸਰ ਦਾ ਅੰਦਾਜ਼ਾ ਲਗਾਉਣ ਲਈ ਇਤਿਹਾਸ 'ਤੇ ਨਿਗ੍ਹਾ ਮਾਰਨੀ ਜ਼ਰੂਰੀ ਹੈ। ਇਸ ਸਿੱਖ ਬਹੁਗਿਣਤੀ ਵਾਲੇ ਸੂਬੇ ਵਿੱਚ ਅਜਿਹਾ ਪਹਿਲੀ ਵਾਰ ਹੋਇਆ ਹੈ ਕਿ ਵਿਧਾਨ ਸਭਾ ਚੋਣਾਂ ਤੋਂ ਕੁਝ ਹੀ ਮਹੀਨੇ ਪਹਿਲਾਂ ਸਿੱਖਾਂ ਨੂੰ ਮੁੱਖ ਮੰਤਰੀ ਦੇ ਬਾਈਕਾਟ ਦਾ ਆਦੇਸ਼ ਦਿੱਤਾ ਗਿਆ ਹੈ। ਮੁੱਦਾ ਇਹ ਹੈ ਕਿ ਸਿਆਸੀ ਪੱਧਰ 'ਤੇ ਇਸ ਦਾ ਫ਼ਾਇਦਾ ਕਿਸ ਪਾਰਟੀ ਨੂੰ ਹੋ ਸਕਦਾ ਹੈ? ਸਾਲ 1996 ਦੀ ਮੋਗਾ ਕਾਨਫਰੰਸ ਤੱਕ ਸ਼੍ਰੋਮਣੀ ਅਕਾਲੀ ਦਲ ਨੇ ਸਿੱਖ ਹਿੱਤਾਂ ਦੀ ਨੁਮਾਇੰਦਗੀ ਕੀਤੀ ਹੈ। ਇਹੀ ਪਾਰਟੀ ਸਮੇਂ ਸਮੇਂ 'ਤੇ ਸੱਤਾ ਵਿੱਚ ਰਹੀ ਹੈ। ਇਹ ਪਾਰਟੀ ਇਸ ਵਾਰ ਵੀ ਪੂਰੀ ਜ਼ੋਰ-ਅਜ਼ਮਾਈ ਕਰ ਰਹੀ ਹੈ ਤੇ ਕਰਨੀ ਵੀ ਚਾਹੀਦੀ ਹੈ। ਸ਼੍ਰੋਮਣੀ ਅਕਾਲੀ ਦਲ 2017 ਤੋਂ ਬਾਅਦ ਸੱਤਾ ਤੋਂ ਬਾਹਰ ਹੈ। ਜਦੋਂ ਸਿਆਸਤ ਵਪਾਰ ਬਣ ਚੁੱਕੀ ਹੋਵੇ ਤਾਂ ਲੰਮਾ ਸਮਾਂ ਸੱਤਾ ਤੋਂ ਬਾਹਰ ਰਹਿਣਾ ਔਖਾ ਹੁੰਦਾ ਹੈ। ਸੁਖਬੀਰ ਸਿੰਘ ਬਾਦਲ ਲਈ ਤਾਂ ਇਹ ਸਿਰਫ਼ ਸੱਤਾ ਦੀ ਹੀ ਨਹੀਂ ਸਗੋਂ ਹੋਂਦ ਦੀ ਲੜਾਈ ਵੀ ਹੈ।

ਜਦੋਂ ਲੜਾਈ ਇੰਨੀ ਤਿੱਖੀ ਹੋਵੇ ਤਾਂ ਹਰ ਹਥਿਆਰ ਵਰਤਣਾ ਜਾਇਜ਼ ਸਮਝਿਆ ਜਾਂਦਾ ਹੈ। ਇੱਥੇ ਇਹ ਗੱਲ ਵੀ ਧਿਆਨ ਵਿੱਚ ਰੱਖਣੀ ਜ਼ਰੂਰੀ ਹੈ ਕਿ ਸੱਤਾ ਤੋਂ ਬਾਹਰ ਰਹਿ ਕੇ ਵੀ ਸੁਖਬੀਰ ਬਾਦਲ ਪੂਰੀ ਤਰ੍ਹਾਂ ਸੱਤਾ ਤੋਂ ਬਾਹਰ ਨਹੀਂ ਕਿਉਂਕਿ ਸ਼੍ਰੋਮਣੀ ਕਮੇਟੀ 'ਤੇ ਸ਼੍ਰੋਮਣੀ ਅਕਾਲੀ ਦਲ ਦਾ ਦਬਦਬਾ ਹੈ। ਸ਼੍ਰੋਮਣੀ ਕਮੇਟੀ ਕੋਲ ਹੀ ਸਰਬਉੱਚ ਸੰਸਥਾ ਅਕਾਲ ਤਖ਼ਤ ਸਾਹਿਬ ਦਾ ਪ੍ਰਬੰਧ ਹੈ। ਇਸ ਲਈ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬਾਨ ਅਚਾਨਕ ਹੀ ਬਦਲੇ ਜਾਂਦੇ ਹਨ। ਇਸ ਸਰਬਉੱਚ ਸੰਸਥਾ ਲਈ ਨਿਯੁਕਤੀਆਂ ਦਾ ਅੱਜ ਤੱਕ ਕੋਈ ਪੱਕਾ ਵਿਧਾਨ ਨਹੀਂ ਬਣ ਸਕਿਆ।

ਇਨ੍ਹਾਂ ਸੰਸਥਾਵਾਂ 'ਤੇ ਕੰਟਰੋਲ ਹੋਣ ਕਾਰਨ ਪੰਥਕ ਸਿਆਸਤ ਤੋਂ ਦੂਰੀ ਬਣਾਉਣ ਦੀ ਨੀਤੀ ਅਪਣਾਉਣ ਦੇ ਬਾਵਜੂਦ ਅਕਾਲੀ ਦਲ ਇਸੇ ਸਿਆਸਤ ਵਿੱਚ ਫਸ ਗਿਆ ਹੈ। ਪੰਥਕ ਸਿਆਸਤ ਇਨ੍ਹਾਂ ਸੰਸਥਾਵਾਂ ਦੇ ਵਹਿਣ ਅਤੇ ਵਰਤਾਰੇ ਦੀ ਸਮਝ ਤੋਂ ਬਿਨਾਂ ਨਹੀਂ ਕੀਤੀ ਜਾ ਸਕਦੀ। ਇਹ ਗੱਲ ਆਮ ਆਦਮੀ ਪਾਰਟੀ ਨੂੰ ਵੀ ਸਮਝ ਲੈਣੀ ਚਾਹੀਦੀ ਹੈ ਕਿਉਂਕਿ ਇਸ ਦਾ ਵਾਹ ਵੀ ਹੁਣ ਪੰਥਕ ਸਿਆਸਤ ਅਤੇ ਪੰਥਕ ਸੰਸਥਾਵਾਂ ਨਾਲ ਪੈ ਗਿਆ ਹੈ। ਅਕਾਲੀ ਦਲ ਨੂੰ ਤਾਂ ਪਹਿਲਾਂ ਹੀ ਪੰਥ ਦੀ ਮਾਰ ਪੈ ਚੁੱਕੀ ਹੈ। ਪੰਥ ਨੇ ਤਾਂ ਪੰਜ ਵਾਰ ਰਹੇ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੀ 70 ਸਾਲ ਦੀ ਵਿਰਾਸਤ 'ਤੇ 2 ਦਸੰਬਰ 2024 ਨੂੰ ਪਾਣੀ ਫੇਰ ਦਿੱਤਾ ਸੀ।

ਇਹ ਵਰਣਨਯੋਗ ਹੈ ਕਿ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੁਆਰਾ 15 ਨੂੰ ਪੰਥਕ ਸੰਸਥਾਵਾਂ ਦੀ ਬੁਲਾਈ ਮੀਟਿੰਗ ਵਿੱਚ ਇਹ ਜ਼ਿਕਰ ਸੁਣਨ ਨੂੰ ਮਿਲਿਆ ਸੀ ਕਿ ਅਕਾਲ ਤਖ਼ਤ ਸਾਹਿਬ ਦੇ ਵੱਕਾਰ ਨੂੰ ਸਭ ਤੋਂ ਵੱਧ ਸੱਟ ਸ਼੍ਰੋਮਣੀ ਕਮੇਟੀ ਅਤੇ ਅਕਾਲੀ ਦਲ ਨੇ ਮਾਰੀ ਹੈ।

ਸੁਖਬੀਰ ਸਿੰਘ ਬਾਦਲ ਦੁਆਰਾ 2 ਦਸੰਬਰ 2024 ਦੇ ਹੁਕਮਨਾਮੇ 'ਤੇ ਸੁਆਲੀਆ ਨਿਸ਼ਾਨ ਲਗਾਉਣਾ ਅਕਾਲ ਤਖ਼ਤ ਸਾਹਿਬ ਦੇ ਵੱਕਾਰ ਨੂੰ ਸੱਟ ਮਾਰਨਾ ਹੈ ਅਤੇ ਇਸ ਵਿਰੁੱਧ ਲਿਖਤੀ ਸ਼ਿਕਾਇਤ ਵੀ ਹੋ ਚੁੱਕੀ ਹੈ, ਜਿਸ 'ਤੇ ਹੁਣ ਤੱਕ ਕੋਈ ਕਾਰਵਾਈ ਨਹੀਂ ਹੋਈ। ਸ੍ਰੀ ਮਾਨ ਵੱਲੋਂ 15 ਜੂਨ ਦੇ ਆਦੇਸ਼ 'ਤੇ ਸਵਾਲੀਆ ਨਿਸ਼ਾਨ ਲਗਾਉਣਾ ਵੀ ਪਹਿਲੀ ਨਜ਼ਰੇ ਇਹੋ ਜਿਹਾ ਹੀ ਵਰਤਾਰਾ ਜਾਪਦਾ ਹੈ। ਮਸਲਾ ਸੰਸਥਾ ਦਾ ਨਹੀਂ ਸਗੋਂ ਸੰਸਥਾਵਾਂ ਦੇ ਅਹੁਦਿਆਂ 'ਤੇ ਨਿਯੁਕਤ ਕੀਤੇ ਵਿਅਕਤੀਆਂ ਦੀ ਭਰੋਸੇਯੋਗਤਾ ਦਾ ਹੈ। ਇਨ੍ਹਾਂ ਨਿਯੁਕਤੀਆਂ ਲਈ ਪੱਕਾ ਵਿਧਾਨ ਬਣਾਉਣ ਦਾ ਮਸਲਾ ਕਈ ਵਾਰ ਉੱਠ ਚੁੱਕਿਆ ਹੈ ਅਤੇ ਕਮੇਟੀਆਂ ਵੀ ਬਣੀਆਂ ਹਨ, ਪਰ ਹੋਇਆ ਕੁਝ ਵੀ ਨਹੀਂ।

ਅਸਲ ਮਸਲਾ ਤਾਂ ਬਗਰਾੜੀ ਤੋਂ ਬਰਗਾੜੀ ਦੇ ਸਫ਼ਰ ਯਾਨੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੇ ਵਰਤਾਰੇ ਦਾ ਹੈ। ਗੁਨਾਹਗਾਰਾਂ ਦੀ ਨਿਸ਼ਾਨਦੇਹੀ ਹੋਈ ਨੂੰ ਵੀ ਹੁਣ ਤਾਂ ਕਈ ਸਾਲ ਹੋ ਚੁੱਕੇ ਹਨ। ਮੁੱਖ ਦੋਸ਼ੀ ਯਾਨੀ ਕਿ ਡੇਰਾ ਸੱਚਾ ਸੌਦਾ ਮੁਖੀ ਗੁਰਮੀਤ ਰਾਮ ਰਹੀਮ ਦੀ ਤਾਂ ਪੁਲੀਸ ਹਿਰਾਸਤ ਵਿੱਚ ਅੱਜ ਤੱਕ ਪੁੱਛਗਿੱਛ ਹੀ ਨਹੀਂ ਹੋਈ। ਲਗਾਤਾਰ ਹੋ ਰਹੀਆਂ ਬੇਅਦਬੀਆਂ ਦੀ ਜੜ੍ਹ ਇਨਸਾਫ਼ ਨਾ ਮਿਲਣ ਵਿੱਚ ਹੈ, ਸਖ਼ਤ ਕਾਨੂੰਨ ਹੋਣ ਜਾਂ ਨਾ ਹੋਣ ਵਿੱਚ ਨਹੀਂ। ਪੰਜਾਬ ਨੇ ਪਹਿਲਾਂ ਹੀ ਬਹੁਤ ਭੁਗਤਿਆ ਹੈ। ਅਖੀਰ 'ਤੇ ਗੱਲ ਅਕਾਲ ਤਖ਼ਤ ਸਾਹਿਬ ਅਤੇ ਭਗਵੰਤ ਸਿੰਘ ਮਾਨ ਦੀ ਸਰਕਾਰ ਦਰਮਿਆਨ ਵਧਦੇ ਟਕਰਾਅ ਨੂੰ ਟਾਲਣ ਦੀ ਹੈ। ਸਮੇਂ ਸਮੇਂ 'ਤੇ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੇ ਕਿਸੇ ਵਿਅਕਤੀ ਜਾਂ ਸ਼ਕਤੀ ਦਾ ਮੋਹਰਾ ਹੋਣ ਦੇ ਦੋਸ਼ ਲੱਗਣਾ ਵੱਖਰਾ ਪਹਿਲੂ ਹੈ। ਇਹ ਇਲਜ਼ਾਮ ਪਹਿਲਾਂ ਸੁਖਬੀਰ ਸਿੰਘ ਬਾਦਲ ਨੇ ਲਗਾਏ ਤੇ ਹੁਣ ਭਗਵੰਤ ਸਿੰਘ ਮਾਨ ਨੇ। ਹਿਸਾਬ ਬਰਾਬਰ। ਅਸਲ ਫ਼ੈਸਲਾ ਜਨਤਾ ਦੀ ਅਦਾਲਤ ਨੇ ਕਰਨਾ ਹੈ। ਬੇਅਦਬੀ ਦੇ ਵਰਤਾਰੇ ਨੂੰ ਠੱਲ੍ਹ ਪੈਣੀ ਜ਼ਰੂਰੀ ਹੈ।

# ਤੇਜ਼ ਰਫਤਾਰ ਵਾਲੀ ਜ਼ਿੰਦਗੀ 'ਚ ਸ਼ਰੀਰ ਨੂੰ ਨਿਰੋਗ ਰੱਖਣ ਲਈ ਯੋਗ ਜ਼ਰੂਰੀ : ਡਿਪਟੀ ਕਮਿਸ਼ਨਰ

## ਨਸ਼ਾ ਮੁਕਤੀ ਮੁਹਿੰਮ ਵਿੱਚ ਯੋਗਾ ਨਿਭਾ ਰਿਹਾ ਹੈ ਅਹਿਮ ਭੂਮਿਕਾ : ਡਾ. ਜੋਤੀ ਯਾਦਵ ਬੈਂਸ

**ਬਠਿੰਡਾ, 23 ਜੂਨ**
**-ਗੁਰਤੇਜ ਅਤਲਾ-**

ਸਾਡੀ ਰੋਜ਼ਾਨਾ ਵਿਅਸਤ ਅਤੇ ਤੇਜ਼ ਰਫਤਾਰ ਵਾਲੀ ਜ਼ਿੰਦਗੀ 'ਚ ਸ਼ਰੀਰ ਨੂੰ ਮਾਨਸਿਕਤਾ ਪੱਖੋਂ ਮਜ਼ਬੂਤ, ਤੰਦਰੁਸਤ ਤੇ ਨਿਰੋਗ ਰੱਖਣ ਦੇ ਲਈ ਸੰਤੁਲਿਤ ਭੋਜਨ ਅਤੇ ਯੋਗ ਅਭਿਆਸ ਦਾ ਹੋਣਾ ਬਹੁਤ ਜ਼ਰੂਰੀ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ ਨੇ ਸੀ.ਐਮ. ਦੀ ਯੋਗਸ਼ਾਲਾ ਵੱਲੋਂ ਸਥਾਨਕ ਸ਼ਹੀਦ ਭਗਤ ਸਿੰਘ ਬਹੁ-ਮੰਤਵੀ ਖੇਡ ਸਟੇਡੀਅਮ ਵਿਖੇ ਕਰਵਾਏ ਗਏ 12ਵੇਂ ਜ਼ਿਲ੍ਹਾ ਪੱਧਰੀ ਅੰਤਰਰਾਸ਼ਟਰੀ ਯੋਗ ਦਿਵਸ ਸਮਾਗਮ ਦੌਰਾਨ ਆਪਣੇ ਸੰਬੋਧਨ ਵਿੱਚ ਕੀਤਾ। ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਦੱਸਿਆ ਕਿ ਜ਼ਿਲ੍ਹੇ 'ਚ 327 ਰੋਜਾਨਾਂ ਯੋਗਾਂ ਕਲਾਸਾਂ ਯੋਗਾ ਟ੍ਰੇਨਰਾਂ ਦੁਆਰਾ ਚਲਾਈਆਂ ਜਾ ਰਹੀਆਂ ਹਨ, ਜੋ ਕਿ ਜ਼ਿਲ੍ਹਾ ਹੈਡਕੁਆਰਟਰ, ਸਮੂਹ ਬਲਾਕ ਤੇ ਪਿੰਡ ਪੱਧਰ 'ਤੇ ਕਰਵਾਈਆਂ ਜਾ ਰਹੀਆਂ। ਉਹਨਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਤੁਸੀਂ ਆਪਣੇ ਮੁਹੱਲੇ ਵਿੱਚ ਯੋਗ ਕਲਾਸ ਸ਼ੁਰੂ ਕਰਨਾ ਚਾਹੁੰਦੇ ਹੋ ਤਾਂ ਸੂਬਾ ਸਰਕਾਰ ਦੁਆਰਾ ਜਾਰੀ ਕੀਤੇ ਹੈਲਪ ਲਾਈਨ ਨੰਬਰ 76694-00500 ਜਾਂ ਵੈਬ-ਸਾਈਟ cmdiyogshala. punjab .gov.in 'ਤੇ ਰਜਿਸਟ੍ਰੇਸ਼ਨ ਕਰਵਾ ਸਕਦੇ ਹੋ। ਯੋਗ



ਕਲਾਸ ਲਈ 25 ਮੈਂਬਰਾਂ ਦੀ ਰਜਿਸਟ੍ਰੇਸ਼ਨ ਹੋਣੀ ਲਾਜ਼ਮੀ ਹੈ। ਐਸ.ਐਸ.ਪੀ ਡਾ ਜੋਤੀ ਯਾਦਵ ਬੈਂਸ ਕਿਹਾ ਕਿ ਇਸ ਤੋਂ ਇਲਾਵਾ ਜ਼ਿਲ੍ਹੇ 'ਚ ਜਿੱਥੇ 'ਯੁੱਧ ਨਸ਼ਿਆ ਵਿਰੁੱਧ' ਚੱਲ ਰਿਹਾ ਹੈ ਉਥੇ ਹੀ ਉਸ ਵਿੱਚ ਸੀ.ਐਮ. ਦੀ ਯੋਗਸ਼ਾਲਾ ਦੀ ਟੀਮ ਵੀ ਵਿਸ਼ੇਸ਼ ਯੋਗਦਾਨ ਪਾ ਰਹੀ ਹੈ। ਸਥਾਨਕ ਸਿਵਲ ਹਸਪਤਾਲ ਵਿੱਚ ਚੱਲ ਰਹੇ ਨਸ਼ਾ ਮੁਕਤੀ ਕੇਂਦਰ ਵਿੱਚ ਮਰੀਜ਼ਾਂ ਨੂੰ ਨਸ਼ਾ ਮੁਕਤ ਕਰਨ ਦੇ ਲਈ ਪ੍ਰਚੀਨ ਯੋਗ ਵਿਧੀ ਵਰਤੀ ਜਾ ਰਹੀ ਹੈ। ਮਰੀਜ਼ਾ ਨੂੰ ਰੋਜਾਨਾ ਸਵੇਰੇ ਅਤੇ ਸ਼ਾਮ ਇੱਕ ਘੰਟਾ ਯੋਗ ਕਿਰਿਆਵਾਂ ਕਰਵਾਈਆਂ ਜਾ ਰਹੀਆਂ ਹਨ।

ਸਮਾਗਮ ਮੌਕੇ ਮੇਅਰ ਪਦਮਜੀਤ ਸਿੰਘ ਮਹਿਤਾ ਨੇ ਕਿਹਾ ਕਿ ਜ਼ਿੰਦਗੀ 'ਚ ਤਣਾਓ ਗ੍ਰਸਤ ਦਿਮਾਗ ਤੇ ਸਰੀਰ ਨੂੰ ਦਵਾਈਆਂ ਤੋਂ ਬਗੈਰ ਤੰਦਰੁਸਤ ਰੱਖਣ ਲਈ ਯੋਗਾ ਅਪਣਾਉਣਾ ਚਾਹੀਦਾ ਹੈ, ਕਿਉਂਕਿ ਤੰਦਰੁਸਤ ਸਰੀਰ 'ਚ ਹੀ ਤੰਦਰੁਸਤ ਮਨ ਵਾਸ ਕਰਦਾ ਹੈ। ਉਹਨਾਂ ਯੋਗ ਦਾ ਇਤਿਹਾਸ ਦੱਸਦਿਆਂ ਕਿਹਾ ਕਿ ਭਾਰਤੀ ਯੋਗ ਸੰਸਕ੍ਰਿਤੀ ਵਿੱਚ ਯੋਗ ਦੀ ਅਹਿਮ ਭੂਮਿਕਾ ਰਹੀ ਹੈ, ਜੇਕਰ ਅਸੀਂ ਇਸ ਦੇ ਇਤਿਹਾਸ ਬਾਰੇ ਗੱਲ ਕਰੀਏ ਤਾਂ ਇਸ ਦਾ ਇਤਿਹਾਸ ਤਕਰੀਬਨ 5 ਹਜ਼ਾਰ ਸਾਲ ਪੁਰਾਣਾ ਮੰਨਿਆ ਗਿਆ ਹੈ। ਪੁਰਾਤਨ ਸਮੇਂ ਤੋਂ ਜੋ ਸਾਡੇ ਰਿਸ਼ੀਆਂ ਵਲੋਂ ਵੱਖ-ਵੱਖ ਵਿਧੀਆਂ ਦੁਆਰਾ ਕੀਤਾ ਗਿਆ।

ਇਸ ਦੌਰਾਨ ਚੇਅਰਮੈਨ ਜਤਿੰਦਰ ਸਿੰਘ ਭੱਲਾ ਨੇ ਕਿਹਾ ਕਿ ਪੰਜਾਬ ਸਰਕਾਰ ਦੁਆਰਾ ਸਿਹਤਮੰਦ ਪੰਜਾਬ ਦੇ ਸੁਪਨੇ ਨੂੰ ਲੈ ਕੇ 5 ਅਪ੍ਰੈਲ 2023 ਨੂੰ ਪੋਲੋ ਗਰਾਊਂਡ ਪਟਿਆਲਾ ਵਿਖੇ ਸੀ.ਐਮ. ਦੀ ਯੋਗਸ਼ਾਲਾ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਸੀ, ਜਿਸ ਵਿੱਚ ਸ਼ੁਰੂ ਦੇ ਦਿਨਾਂ ਵਿੱਚ ਇਸ ਪ੍ਰੋਜੈਕਟ ਨੂੰ ਸਿਰਫ 4 ਸ਼ਹਿਰਾਂ ਵਿੱਚ ਰਸਮੀ ਤੌਰ 'ਤੇ ਸ਼ੁਰੂ ਕੀਤਾ ਗਿਆ, ਪਰ ਹੁਣ ਸੀ.ਐਮ. ਦੀ ਯੋਗਸ਼ਾਲਾ ਪ੍ਰੋਜੈਕਟ ਪੂਰੇ ਪੰਜਾਬ ਦੇ ਜ਼ਿਲ੍ਹਾ ਹੈਡਕੁਆਰਟਰਾਂ ਤੋਂ ਪਿੰਡਾਂ ਤੱਕ ਸੁਚਾਰੂ ਢੰਗ ਨਾਲ ਚਲਾਇਆ ਜਾ ਰਿਹਾ ਹੈ, ਜਿਸ ਵਿੱਚ 2 ਲੱਖ ਤੋਂ ਵੱਧ ਲੋਕ ਰੋਜ਼ਾਨਾ ਯੋਗ ਦਾ ਲਾਭ ਲੈ ਰਹੇ ਹਨ। ਇਸ ਮੌਕੇ ਚੇਅਰਮੈਨ ਨਵਦੀਪ ਜੀਦਾ, ਚੇਅਰਮੈਨ ਸ਼੍ਰੀ ਰਾਕੇਸ਼ ਪੁਰੀ, ਚੇਅਰਮੈਨ ਸ੍ਰੀ ਨੀਲ ਗਰਗ, ਸਹਾਇਕ ਕਮਿਸ਼ਨਰ (ਜ) ਸ਼੍ਰੀ ਗੁਰਜਿੰਦਰ ਪਾਲ ਸਿੰਘ, ਜ਼ਿਲਾ ਆਯੁਰਵੈਦਿਕ ਤੇ ਯੂਨਾਨੀ ਅਫਸਰ ਡਾ ਬਲਦੇਵ ਰਾਜ, ਆਯੁਰਵੈਦਿਕ ਮੈਡੀਕਲ ਅਫਸਰ ਸਿਵਲ ਹਸਪਤਾਲ ਡਾ ਅਨੁਰਾਗ ਗਿਰਧਰ, ਆਯੁਰਵੈਦਿਕ ਮੈਡੀਕਲ ਅਫ਼ਸਰ ਡਾ ਸੰਦੀਪ ਸਿੰਘ (ਰਾਮਪੁਰਾ ਫੂਲ), ਯੋਗਾ ਇੰਸਟਰੱਕਟਰ ਗੀਤੂ ਬਾਂਸਲ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਅਤੇ ਵੱਡੀ ਗਿਣਤੀ ਵਿੱਚ ਸ਼ਹਿਰ ਨਿਵਾਸੀ ਹਾਜ਼ਰ ਸਨ।

ਸਮਾਗਮ ਦੌਰਾਨ ਆਯੁਰਵੈਦਿਕ ਡਾਕਟਰਾਂ ਨੇ ਯੋਗ ਅਭਿਆਸਾਂ ਦਾ ਪ੍ਰਦਰਸ਼ਨ ਕਰਦੇ ਹੋਏ ਡੈਮੋਨਸਟਰੇਟਰ ਦੀ ਭੂਮਿਕਾ ਨਿਭਾਈ। ਸਮਾਗਮ ਦੇ ਮੰਚ ਦਾ ਸੰਚਾਲਨ ਡਾ. ਸੰਦੀਪ ਸਿੰਘ ਵੱਲੋਂ ਕੀਤਾ ਗਿਆ।

# ਹੈਲਥ ਅਵੇਅਰਨੈਸ ਸੁਸਾਇਟੀ ਅਤੇ ਯੋਗਾ ਪਰਿਵਾਰ ਗਰੁੱਪ ਨੇ ਅੰਤਰ ਰਾਸ਼ਟਰੀ ਯੋਗਾ ਦਿਵਸ ਮਨਾਇਆ



**ਪਟਿਆਲਾ, 23 ਜੂਨ**
**-ਅਮਨਦੀਪ ਸੱਭਰਵਾਲ-**


ਇਤਹਾਸਿਕ ਬਾਰਾਂਦਰੀ ਗਾਰਡਨਜ਼ ਪਟਿਆਲਾ ਵਿਖੇ ਹੈਲਥ ਅਵੇਅਰਨੈਸ ਸੁਸਾਇਟੀ ਰਜਿ: ਅਤੇ ਯੋਗਾ ਪਰਿਵਾਰ ਗਰੁੱਪ ਵੱਲੋਂ ਅੰਤਰ ਰਾਸ਼ਟਰੀ ਯੋਗਾ ਦਿਵਸ ਮਨਾਇਆ ਗਿਆ। ਇਸ ਸਮਾਗਮ ਦੇ ਮਹਿਮਾਨ ਡਾ. ਗਜ਼ਲ ਪ੍ਰੀਤ ਸਿੰਘ ਰਜਿਸਟਰਾਰ ਸ਼ਹੀਦ ਭਗਤ ਸਿੰਘ ਯੂਨੀਵਰਸਿਟੀ ਫਿਰੋਜਪੁਰ ਤੋਂ ਸਨ। ਉਨ੍ਹਾਂ ਕਿਹਾ ਕਿ ਚੰਗੀ ਸਿਹਤ ਅਤੇ ਰੋਗਾਂ ਤੋਂ ਮੁਕਤ ਹੋਣ ਲਈ ਯੋਗ ਸਾਧਨਾ ਅਤੀ ਜਰੂਰੀ ਹੈ। ਬਾਰਾਂਦਰੀ ਗਾਰਡਨਜ਼ ਵਿੱਚ ਪਿਛਲੇ ਕਈ ਸਾਲਾਂ ਤੋਂ ਲਗਾਤਾਰ ਯੋਗਾ ਕਲਾਸਾਂ ਲਗ ਰਹੀਆਂ ਹਨ। ਇਸ ਸਮਾਗਮਾਂ ਦੀ ਪ੍ਰਧਾਨਗੀ ਡਾ. ਜੀ.ਐਸ. ਆਨੰਦ ਸਾਬਕਾ ਡਾਇਰੈਕਟਰ ਐਨ.ਆਈ.ਐਸ. ਅਤੇ ਨਰੈਣ ਬਾਲਾ ਸਨ। ਉਹਨਾਂ ਨੇ ਯੋਗ ਸਾਧਕਾਂ ਦੀ ਪ੍ਰੇਸ਼ਸਾ ਕੀਤੀ ਅਤੇ ਹੋਰ ਨੂੰ ਵੀ ਯੋਗਾ ਲਈ ਪ੍ਰੇਰਿਤ ਕੀਤਾ। ਵੈਲਨੈਸ ਹੈਲਥ ਕਲੱਬ ਵੱਲੋਂ ਸ੍ਰੀਮਤੀ ਮੀਨਾ ਪਵਾਰ ਆਪਣੀ ਟੀਮ ਨਾਲ ਇੱਥੇ ਪਹੁੰਚੇ ਉਨ੍ਹਾਂ ਨੇ ਪਿਛਲੇ ਦਿਨੀ 5 ਦਿਨਾਂ ਦਾ ਮੈਡੀਕਲ ਕੈਂਪ ਲਗਾਇਆ ਗਿਆ ਸੀ, ਉਮ ਪ੍ਰਕਾਸ਼ ਸ਼ਰਮਾ ਅਤੇ ਮੰਜੂ ਕੁਮਾਰੀ ਸਰਟੀਫਾਈਡ ਟੀਚਰ ਨੇ ਯੋਗ ਸਾਧਨਾ ਕਰਾਈ। ਜਿਸ ਵਿੱਚ ਸਰੀਰ ਦੀ ਲਚਕਤਾ, ਦਿਮਾਗੀ ਚਿੰਤਾ ਰਹਿਤ ਕਰਨਾ, ਦਿਲ ਨੂੰ ਮਜਬੂਤ ਕਰਨ ਦੀ ਵਿਧੀ, ਅੰਦਰੂਨੀ ਤਾਕਤ ਲਈ ਯੋਗ ਵਿਧੀਆਂ ਕਰਾਈ ਗਈਆਂ। ਜਸਵੰਤ ਸਿੰਘ ਕੌਲੀ ਪ੍ਰਧਾਨ ਨੇ ਦੱਸਿਆ ਕਿ ਇਹ ਯੋਗਾ ਕਲਾਸਾਂ ਬਾਰਾਦਰੀ ਵਿੱਚ ਪਿਛਲੇ 2-10-2015 ਤੋਂ ਲਗਾਤਾਰ ਸਵੇਰੇ 5:30 ਸਵੇਰੇ ਤੋਂ 7:00 ਵਜੇ ਤੱਕ ਯੋਗਾ ਕਲਾਸਾਂ ਲਗਾਈਆਂ ਜਾਦੀਆ ਹਨ। ਜਿਸ ਦੀ ਨਿਗਰਾਨੀ ਐਡਵੋਕੇਟ ਤਾਰਾ ਸਿੰਘ ਭਮਰਾ ਜਨਰਲ ਸਕੱਤਰ ਅਤੇ ਰਣਜੀਤ ਕੌਰ ਮੀਤ ਪ੍ਰਧਾਨ ਕਰ ਰਹੇ ਹਨ।

MAST SERVICE STATION
AUTHORISED DEALER: HINDUSTAN PETROLEUM CORPORATION LIMITED
MALL ROAD, OPP. PHUL CINEMA,
PHUWARA CHOWK, PATIALA
98720-26566, 0175-5006076





Continental The Future in Motion
CEAT
MICHELIN
BRIDGESTONE



# ਨਾਰੀ-ਚੇਤਨਾ: ਇੱਕੀਵੀਂ ਸਦੀ ਦੀ ਗਲੋਬਲੀ ਕਹਾਣੀ ਦੇ ਸੰਦਰਭ ਵਿੱਚ




(ਡਾ. ਸੁਖਵਿੰਦਰ ਸਿੰਘ ਪਰਮਾਰ)

(ਲੜੀ ਮਿਲਾਉਣ ਲਈ ਕੱਲ੍ਹ ਦਾ ਅੰਕ ਪੜ੍ਹੋ)

ਕੀਤਾ ਜਿੰਨ੍ਹਾਂ ਤਹਿਤ ਇੱਕ ਬਾਲੜੀ 'ਰੋਜ' ਦੀ ਮਾਂ 'ਦੀਪ' ਦੇ ਮਨ ਵਿੱਚ ਮੀਡੀਆ ਦੁਆਰਾ ਨਸ਼ਰ ਕੀਤੀਆਂ ਖਬਰਾਂ ਨਾਲ 'ਬਲਾਤਕਾਰ' ਜਾਂ 'ਬਲਾਤਕਾਰ ਹੋ ਜਾਣ ਦਾ ਸਹਿਮ' ਪੈਦਾ ਹੋ ਜਾਂਦਾ ਹੈ ਜੋ ਉਸਦੇ ਮਨ ਮਸਤਕ ਵਿੱਚ ਦਹਿਲ ਪੈਦਾ ਕਰ ਦਿੰਦਾ ਹੈ। ਇਹ ਇੱਕ ਸਮਾਜਿਕ ਸੱਚ ਹੈ ਕਿ ਬਲਾਤਕਾਰ ਦੀ ਸ਼ਿਕਾਰ ਨਾਰੀ ਲਈ ਭਾਰਤੀ/ਪੰਜਾਬੀ ਸਮਾਜ ਵਿੱਚ ਸਤਿਕਾਰਯੋਗ ਥਾਂ ਨਹੀਂ। ਇਸ ਤੋਂ ਵੀ ਘਿਨਾਉਣਾ ਇਥੋਂ ਦੀ ਕਾਨੂੰਨ ਵਿਵਸਥਾ ਅਤੇ ਆਲੇ-ਦੁਆਲੇ ਦਾ ਵਿਵਹਾਰ ਹੈ। ਦੀਪ ਨੂੰ ਮੀਡੀਆ ਦੁਆਰਾ ਨਸ਼ਰ ਕੀਤੀਆਂ ਦੋ ਖ਼ਬਰਾਂ ਆਪਣੇ ਆਪ ਨਾਲ ਵਾਪਰੇ ਜਾਂ ਵਾਪਰਨ ਵਾਲੇ ਵਰਤਾਰੇ ਵਰਗੀਆਂ ਲੱਗਦੀਆਂ ਹਨ। ਪਹਿਲੀ ਖ਼ਬਰ ਦੇ ਮੱਦੇ ਨਜ਼ਰ ਉਹ ਸੋਚਦੀ ਹੈ, "ਪਰ ਫਿਰ ਵੀ ਪਤਾ ਨਹੀਂ ਕਿਵੇਂ ਮੈਂ ਆਪਣੀ ਧੀ ਉੱਤੇ ਸ਼ਰੂਤੀ ਦਾ ਚਿਹਰਾ ਮੜ੍ਹ ਦਿੱਤਾ ਤੇ ਉਹ ਨੌਕਰ ਮੈਨੂੰ ਆਪਣੇ ਨੌਕਰ ਵਰਗਾ ਲੱਗੀ ਜਾਵੇ। ਜਦੋਂ ਵੀ ਘਰੋਂ ਬਾਹਰ ਹੁੰਦੀ ਹਾਂ ਤਾਂ ਮੈਨੂੰ ਲੱਗਦਾ ਹੈ ਮੇਰੇ ਘਰ ਵੀ ਉਹੋ ਜਿਹੀ ਵਾਰਦਾਤ ਹੋ ਰਹੀ ਹੈ।"(14) ਉਸਦੇ ਅਵਚੇਤਨ ਵਿਚ ਫੈਲੇ ਡਰ ਨੂੰ ਡਾਕਟਰ ਨਵਜੋਤ, "ਸਫ਼ਰਿੰਗ ਫਰੋਮ ਪੈਰਾਨੋਇਡ ਡਿਸਔਰਡਰ" ਕਹਿੰਦੀ ਹੋਈ ਸਮੱਸਿਆ ਨੂੰ ਮਾਈਨਰ ਦੱਸਦੀ ਹੈ। ਪਰ ਦੀਪ ਦੇ ਮਨ ਮਸਤਕ ਵਿੱਚ ਪਨਪਦੇ ਸਵਾਲ, "ਜਿਹੜੀਆਂ ਮਾਵਾਂ ਸਾਰਾ-ਸਾਰਾ ਦਿਨ ਘਰੋਂ ਬਾਹਰ ਰਹਿਣ ਉਨ੍ਹਾਂ ਨਾਲ ਇਹੀ ਕੁੱਝ ਹੁੰਦਾ.......... । ਇਹ ਖ਼ਿਆਲ ਉਸਨੂੰ ਆਪਣੇ ਪਿਓ ਵਰਗੇ ਨੌਕਰ ਪ੍ਰਤੀ ਸ਼ੱਕੀ ਬਣਾ ਦਿੰਦੇ ਹਨ। "ਉਹਨੂੰ ਕੀ ਦੱਸਾਂ......... ਉਹਦੇ ਕਰਕੇ ਈ ਟੈਨਸ਼ਨ ਹੈ।"(15) ਨੈੱਟ 'ਤੇ ਸ਼ਰੂਤੀ ਦੀ ਨਸ਼ਰ ਖ਼ਬਰ ਉਸਨੂੰ ਹੋਰ ਅੱਪਸੈੱਟ ਕਰ ਦਿੰਦੀ ਹੈ ਤੇ ਅਖੀਰ ਨੌਕਰ ਨੂੰ ਘਰੋਂ ਕੱਢ ਦਿੱਤਾ ਜਾਂਦਾ ਹੈ ਤੇ ਨੌਕਰ ਕੁੱਝ ਦਿਨਾਂ ਬਾਅਦ ਮਰ ਜਾਂਦਾ ਹੈ। ਸਥਿਤੀ ਦਾ ਸਿਤਮ ਇਹ ਕਿ ਰੋਜ ਦੀ ਭਾਵੁਕ ਸਾਂਝ, "ਮੰਮਾ! ਤੁਹਾਨੂੰ ਪਤਾ ਨੌਕਰ ਅੰਕਲ ਦੀ ਤੁਹਾਡੇ ਕਰਕੇ ਡੈੱਥ ਹੋਈ ਹੈ।"(16) ਸ਼ਬਦਾਂ ਰਾਹੀਂ ਉਜਾਗਰ ਹੁੰਦੀ ਹੈ। ਇਹ ਗੱਲਾਂ ਭਾਵੇਂ ਉਸਨੂੰ ਅੰਦਰੋਂ ਝੰਜੋੜਦੀਆਂ ਹਨ। ਸਿਰ ਤੇ ਰੱਖਿਆ ਜਾਣ ਵਾਲਾ ਬਾਪ ਵਰਗਾ ਹੱਥ ਸਦਾ ਲਈ ਚਲਿਆ ਗਿਆ, ਪਰ ਰੂਹ ਤੇ ਸ਼ਰੀਰ ਦੀ ਭਿੰਨਤਾ ਨੂੰ ਮਹਿਸੂਸਦੀ ਫਿਰ ਉਸ ਨਾਲ ਜੁੜਦੀ ਹੈ ਤੇ 'ਕਤਲ' ਤੋਂ ਬਚਣ ਲਈ ਸ਼ੁਕਰਾਨਾ ਕਰਦੀ ਹੈ।

ਦੂਜੀ ਖਬਰ 'ਨਿਰਭੈਆ' ਬਲਾਤਕਾਰ ਨਾਲ ਜੁੜੀ ਹੈ। ਮਾਂ 'ਦੀਪ' ਦਾ ਮਨ ਫਿਰ ਦਰਿੰਦਗੀ ਭਰੇ ਕਾਰਨਾਮੇ ਨਾਲ ਦਹਿਲ ਉਠਦਾ ਹੈ, "ਉਫ ਏਨਾ ਭਿਆਨਕ..........ਬੰਦਾ ਏਨਾ ਵਹਿਸ਼ੀ ਤੇ ਜੰਗਲੀ ਵੀ ਹੋ ਸਕਦਾ ਹੈ? "ਨਿਰਭੈਆ ਨਾਲ ਹੋਏ ਰੇਪ 'ਚ 'ਰਾਡ' ਦੀ ਹਿੱਸੇਦਾਰੀ ਸੀ। ਨਿਰਭੈਆ ਨੂੰ ਉਸ 'ਰਾਡ' ਨੇ ਮਾਰ ਦਿੱਤਾ ਸੀ।"(17) ਡਾ. ਨਵਜੋਤ ਭਾਵੇਂ ਉਸਨੂੰ ਸਮਝਾਉਂਦੀ ਹੋਈ 'ਨਿੱਕਾ ਮੋਟਾ ਹਾਦਸਾ' ਦੱਸਦੀ ਹੈ ਪਰ ਇਥੇ ਦੀਪ ਦਾ ਸਿਰਫ਼ 'ਔਬਜੈਕਟ' ਬਦਲਦਾ ਹੈ। ਉਸਨੂੰ ਆਪਣੇ ਕੁਲੀਗ, ਪਤੀ, ਬੱਸ ਡਰਾਈਵਰ ਸਭ 'ਰਾਡ' ਚੁੱਕੀ ਫਿਰਦੇ ਦਿਖਾਈ ਦਿੰਦੇ ਹਨ। ਗ੍ਰਹਿਸਥੀ ਜੀਵਨ ਵੀ ਤਹਿਸ ਨਹਿਸ ਹੋ ਜਾਂਦਾ ਹੈ। ਅਖੀਰ 'ਦੀਪ' 'ਬ੍ਰਹਮਚਾਰੀ ਸਿਵਰ' ਵਿੱਚ ਜਾਣ ਦਾ ਫੈਸਲਾ ਲੈ ਲੈਂਦੀ ਹੈ ਪਰ ਉਥੇ ਦਾ ਵਾਤਾਵਰਨ ਉਸਨੂੰ ਹੋਰ ਚੌਂਕਾ ਦਿੰਦਾ ਹੈ, "ਤੇ ਇਕ ਦਿਨ ਮੇਰੇ ਸਭ ਭੁਲੇਖੇ ਦੂਰ ਹੋ ਗਏ.....ਭਜਨ ਸੁਣ ਕੇ ਅਨੰਦਿਤ ਹੋਣ ਵਾਲੀਆਂ ਸਾਧਵੀਆਂ ਲੁੱਚ-ਲਫੰਗੀਆਂ ਗੱਲਾਂ ਕਰਦੀਆਂ.....ਕਹੀਆਂ ਸੁਣੀਆਂ ਗੱਲਾਂ ਦੇ ਚੌਹਰੇ ਦੌਹਰੇ ਮਤਲਬ ਕੱਢ ਦੋਹਰੀਆਂ ਚੌਹਰੀਆਂ ਹੋਈ ਜਾਂਦੀਆਂ.....।.......ਨਵਜੋਤ! ਮੇਰੇ ਸਭ ਭੁਲੇਖੇ ਦੂਰ ਹੋ ਗਏ.............ਤੈਨੂੰ ਪਤਾ, ਉਸ ਸ਼ਿਵਰ 'ਚ ਵੀ ਰਾਡ ਹੈ.....ਮੈਂ ਆਪਣੀ ਅੱਖੀਂ ਵੇਖੀ...............ਉਸ ਰਾਤ ਪੰਜ ਛੇ ਸਾਧਵੀਆਂ ਆਪਸ 'ਚ......ਮੈਂ ਤੈਨੂੰ ਦੱਸ ਨਹੀਂ ਸਕਦੀ।"(18) ਡਾ. ਨਵਜੋਤ ਉਸਨੂੰ ਹੋਰ ਦ੍ਰਿੜ ਕਰਵਾਉਂਦੀ ਹੋਈ ਕਹਿੰਦੀ ਹੈ, ਦੀਪ! ਬ੍ਰਹਮਚਾਰ ਤਾਂ ਜ਼ਿੰਦਗੀ ਦੀ ਸਚਾਈ ਤੋਂ ਪਿੱਠ ਮੋੜੀਂ ਖੜਾ ਹੈ......ਦੀਪ ਜਦ ਮਨੁੱਖ ਅੰਦਰੋਂ ਪ੍ਰੇਮ ਮਨਫੀ ਹੋ ਜਾਵੇ ਤਾਂ ਰੇਪ ਹੀ ਹੋਣਗੇ.......ਜਿਸ ਬੰਦੇ ਕੋਲ ਹਮੇਸ਼ਾ ਕ੍ਰੋਧ......ਹਮੇਸ਼ਾ ਘਿਰਣਾ ਹੋਵੇਗੀ ਉਹ ਕਤਲ ਕਰ ਸਕਦਾ ਹੈ...........ਰੇਪ ਕਰ ਸਕਦਾ................ਪਰ ਪਿਆਰ ਨਹੀਂ ਕਰ ਸਕਦਾ।"(19) ਇਥੇ ਦੀਪ ਮਨੋਵਿਗਿਆਨਕ ਤੌਰ ਤੇ ਸਮੱਸਿਆ ਤੋਂ ਮੁਕਤੀ ਦੀ ਅਵਸਥਾ 'ਚ ਪਹੁੰਚ ਜਾਂਦੀ ਹੈ ਤੇ ਸਵੈ-ਮਜਬੂਤ ਹੋ ਕੇ ਸਥਿਤੀ ਵਿੱਚੋਂ ਉਭਰਨ ਦੀ ਪੂਰਨ ਭਾਂਤ ਕੋਸ਼ਿਸ਼ ਕਰਦੀ ਹੈ, "ਦੂਰ ਫੁੱਲਾਂ ਨਾਲ ਲੱਦੀ 'ਲਾਜਵੰਤੀ' ਮੂਧੇ ਮੂੰਹ ਡਿੱਗੀ ਦਿਖਾਈ ਦਿੰਦੀ ਹੈ......ਲੋਹੇ ਦੀ ਇੱਕ ਪਈ ਰਾਡ ਨੇ ਉਸ ਬੂਟੇ ਨੂੰ ਮਿੱਧਿਆ ਹੋਇਆ ਸੀ। ਮੈਨੂੰ ਨਿਰਭੈਆ, ਯਾਦ ਆਉਂਦੀ ਹੈ....ਪਰ 'ਰਾਡ' ਤੋਂ ਡਰ ਨਹੀਂ ਲੱਗਦਾ.....ਮੈਂ ਇੱਕ ਝਟਕੇ ਨਾਲ 'ਰਾਡ' ਨੂੰ ਘਰ ਤੋਂ ਵਗਾ ਮਾਰਦੀ ਹਾਂ......ਹੁਣ ਮੇਰੇ ਘਰ ਫੁੱਲ ਹੀ ਫੁੱਲ ਹਨ.....ਕੋਈ ਰਾਡ ਨਹੀਂ।"(20)(14, 15, 16, 17, 18, 19, 20, ਸਰਘੀ, ਕਹਾਣੀ-ਰਾਡ) ਸਰਘੀ ਨੇ ਨਾਰੀ ਦੇ ਮਨੋਵਿਆਨਕ ਗੁੰਝਲਾਂ ਵਿੱਚੋਂ ਉਭਰ ਕੇ, ਸਵੈ-ਵਿਸਵਾਸ਼ ਪਨਪਣ ਦੇ ਵਰਤਾਰੇ ਨੂੰ 'ਰਾਡ' ਕਹਾਣੀ ਰਾਹੀਂ ਬਾਖੂਬੀ ਪੇਸ਼ ਕੀਤਾ ਹੈ। ਕਹਾਣੀ 'ਨਾਰੀ' ਨੂੰ ਆਪਣੇ ਆਪ 'ਤੇ ਭਰੋਸਾ ਕਰਨ ਅਤੇ ਆਪਣੀ ਖ਼ੁਸ਼ਬੂ ਰਾਹੀਂ ਹੀ ਮਹਿਕਣ ਦਾ ਸੁਨੇਹਾ ਦਿੰਦੀ ਹੈ।

ਪੰਜਾਬੀ ਕਹਾਣੀ ਜਗਤ ਨੂੰ ਪੌਣੀ ਦਰਜਨ ਦੇ ਕਰੀਬ ਕਹਾਣੀ ਸੰਗ੍ਰਹਿ ਦੇਣ ਵਾਲੇ 'ਜਰਨੈਲ ਸਿੰਘ' ਨੇ ਪਰਵਾਸ ਧਾਰਨ ਕਰਨ ਦੇ ਸਮੇਂ ਤੋਂ ਬਾਅਦ ਚੌਥਾ ਮਹੱਤਵਪੂਰਨ ਕਹਾਣੀ ਸੰਗ੍ਰਹਿ 'ਕਾਲੇ ਵਰਕੇ' ਪੰਜਾਬੀ ਪਾਠਕਾਂ ਦੇ ਰੂ-ਬ-ਰੂ ਕੀਤਾ ਹੈ। ਪਰਵਾਸ ਦੀਆਂ ਉਪਰਲੀਆਂ-ਹੇਠਲੀਆਂ ਪਰਤਾਂ ਦੀ ਬਾਰੀਕਬਾਨੀ ਨਾਲ ਘੋਖ




ਕਰਦੀ ਉਸਦੀ ਪਹਿਲੀ ਪਰਵਾਸੀ ਪੁਸਤਕ 'ਦੋ ਟਾਪੂ' ਨੇ ਪਾਠਕਾਂ ਦਾ ਚੋਖਾ ਧਿਆਨ ਖਿੱਚਿਆ। ਹੁਣ ਤੱਕ ਅਸੀਂ ਕਾਮਨਵੈਲਥੀਏ ਅੰਗਰੇਜਾਂ ਦੀ ਪਸਾਰਵਾਦੀ ਰਾਜਨੀਤੀ ਦੀ ਰਾਜਨੀਤਕ, ਆਰਥਿਕ, ਸਮਾਜਿਕ ਜਾਂ ਸੱਭਿਆਚਾਰਕ ਕੋਣ ਤੋਂ ਪਰਖ ਨੂੰ ਰਚਨਾਵਾਂ ਦਾ ਹਾਸਿਲ ਬਣਾਉਂਦੇ ਆਏ ਹਾਂ, ਪਰ ਇਸ ਨੀਤੀ ਦੇ ਮਨੋਵਿਗਿਆਨਕ ਵਿਕਾਰ ਸ਼ਾਇਦ ਹੀ ਕਿਸੇ ਲਿਖਤ ਵਿੱਚ ਬੇ-ਬਾਕੀ ਨਾਲ ਸ਼ਾਮਲ ਹੋਏ ਹੋਣ। ਕਹਾਣੀ ਦੀ ਵਿਧਾ ਵਿੱਚ ਇਸ ਤਰ੍ਹਾਂ ਦੀ ਪਹਿਲ ਕਦਮੀ ਕਰਨੀ ਜਰਨੈਲ ਸਿੰਘ ਦੇ ਹਿੱਸੇ ਆਈ ਹੈ। ਅਜਿਹੀ ਉਪਭੋਗੀ ਮਾਨਸਿਕਤਾ ਵਾਲੇ 'ਵਿਅਕਤੀਵਾਦੀ ਮਨੁੱਖ ਦਾ ਸੰਕਲਪ' ਉਸਦੀ ਤਾਜੀ ਕਹਾਣੀ 'ਪੱਤਿਆਂ ਨਾਲ ਢਕੇ ਜਿਸਮ' ਵਿੱਚ ਪੇਸ਼ ਕੀਤਾ ਗਿਆ ਹੈ। ਕਹਾਣੀ ਦੇ ਆਰੰਭ ਵਿੱਚ 'ਮਨੀਸ਼ਾ' ਲਾਸ ਐਂਜਲਸ ਦੇ ਇੱਕ ਬਹੁਤ ਵੱਡੇ ਫੈਸ਼ਨ-ਸ਼ੋਅ ਵਿੱਚ ਭਾਗ ਲੈਣ ਜਾਂਦੀ ਹੈ। ਟਾਪ ਮਾਡਲ ਬਣਨ ਦੀ ਇਛੁੱਕ ਹੈ। ਜਦੋਂ ਵਸਤਰਾਂ ਦੀ ਥਾਂ 'ਮਸਤੀ ' ਦੀ ਮੰਗ ਉੱਠਦੀ ਹੈ ਤਾਂ ਮਾਨਸਿਕ ਦੁਬਿਧਾ ਵਿੱਚ ਪੈ ਜਾਂਦੀ ਹੈ। ਟਾਪ ਮਾਡਲ ਬਣਨ ਦੀ ਸ਼ਰਤ 'ਪੋਲ ਡੈਨਸ' ਅਤੇ ਅੰਗਾਂ ਤੇ ਇੱਕ ਇੱਕ ਪੱਤਾ ਲਟਕਾ ਕੇ 'ਪੋਰਨੋਗਰਾਫ਼ੀ' ਦੇ ਰਾਹ ਨੂੰ ਚੁਣਨਾ ਹੈ ਅਤੇ ਦੂਜੇ ਪਾਸੇ 'ਉਸਦਾ ਕਲਾ ਗੌਰਵ' ਹੈ ਜਿਸਨੂੰ ਉਸਨੇ ਪਰਿਵਾਰ ਛੱਡਣ ਤੱਕ ਦੀ ਕੁਰਬਾਨੀ ਕਰਕੇ ਵੀ ਸਾਂਭੀ ਰੱਖਿਆ ਹੈ। ਤਣਾਅ ਦੀ ਸਿਖਰ ਭੂਤਕਾਲੀ ਵਰਤਾਰਾ ਬਣਦਾ ਹੈ ਜਿਸ ਵਿੱਚ 'ਸੈਂਡੀ' ਨਾਂ ਦੀ ਮਾਡਲ 'ਪਲੇਅ ਬੁਆਏ' ਵਿੱਚ ਨਗਨ ਤਸਵੀਰਾਂ ਛਪਵਾ ਕੇ 'ਟਾਪ ਮਾਡਲ' ਦਾ ਟਾਈਟਲ ਝਪਟ ਲੈਂਦੀ ਹੈ ਤੇ ਇਸ ਤੋਂ ਵੀ ਅੱਗੇ ਤਣਾਅ ਦੀ ਹੱਦ 'ਮੈਰੁਆਨਾ' ਨਸ਼ੇ ਦਾ ਸਹਾਰਾ ਲੈ ਕੇ ਸ਼ਰਮ ਤੋਂ ਉਲਟ ਲਜ਼ਕਤ ਵੱਲ ਰੱਖਿਆ ਕਦਮ ਤੇ ਸਮਝੌਤਾਵਾਦੀ ਸੁਰ ਹਨ ਜੋ ਸੁਪਰ ਮਾਡਲ ਬਣਾਉਣ ਦੇ ਅਧਾਰ ਹਨ, "ਹੁੰਅ.....ਜੇ ਮੈਂ ਆਪਣੀਆਂ ਬਾਕੀ ਆਈਟਮਾਂ ਨਾਲ ਪੱਤਿਆਂ ਵਾਲੀ ਵੀ ਕਰਦਿਆਂ ਤਾਂ ਕੀ ਮੇਰੀ ਟਾਪ-ਮਾਡਲ ਦੀ ਗੱਲ ਬਣ ਜਾਵੇਗੀ? ਕਸੈਲੀ ਜਾਪਦੀ ਕੌਫੀ ਦਾ ਕੌੜਾ ਘੁੱਟ ਲੰਘਾ ਕੇ ਮਨੀਸ਼ਾ ਨੇ ਪੁੱਛਿਆ।" (21) (ਜਰਨੈਲ ਸਿੰਘ, ਕਹਾਣੀ-ਪੱਤਿਆਂ ਨਾਲ ਢਕੇ ਜਿਸਮ) ਇਸ ਸਮਝੌਤੇ ਦੇ ਬਾਵਜੂਦ ਮਨੀਸ਼ਾ ਆਪਣੀ ਮੁਕਾਬਲੇਦਾਰ 'ਮਿਸ਼ੈਲ' ਤੋਂ ਪਛੜ ਜਾਂਦੀ ਹੈ ਕਿਉਂਕਿ ਮਿਸ਼ੈਲ ਇੱਕ ਕਦਮ ਹੋਰ ਅੱਗੇ ਵੱਧਦਿਆਂ ਮੁਕਾਬਲੇ ਦੇ ਜੱਜ 'ਰੌਬਿਨ ਜਲਵੇਗਰ' ਨਾਲ 'ਦੇਹੀਜਸ਼ਨ ਮਨਾਉਣ' ਤੱਕ ਚਲੀ ਜਾਂਦੀ ਹੈ। ਕਹਾਣੀ ਰਾਹੀਂ ਜਰਨੈਲ ਸਿੰਘ ਨੇ ਸਪਸ਼ਟ ਕੀਤਾ ਹੈ ਕਿ ਕਿਵੇਂ ਪੱਛਮੀ ਸੱਭਿਅਤਾ ਅਤੇ ਉਤਰ-ਆਧੁਨਿਕਤਾ ਦੇ ਵਪਾਰਕ ਹਿੱਤਾਂ ਨੇ ਨੌਜਵਾਨ ਮੁਟਿਆਰਾਂ ਨੂੰ ਕਾਮਮੁਕਤਾ ਦੀ ਹੇਠਲੀ ਹੱਦ ਤੱਕ 'ਦੇਹ ਪ੍ਰਦਰਸ਼ਨ' ਕਰਨ ਲਈ ਪ੍ਰੇਰ ਲਿਆ ਹੈ। ਏਸ਼ੀਆਈ ਮੁੱਲ ਵਿਧਾਨ ਅਜਿਹੇ ਪ੍ਰਦਰਸ਼ਨਾ ਵਿੱਚ ਕਲਾਤਮਕਤਾ ਦਾ ਪੱਲਾ ਨਾ ਛੱਡਣ ਵਿੱਚ ਯਕੀਨ ਰੱਖਦਾ ਹੈ, ਪਰ 'ਮਨੀਸ਼ਾ' ਨਾਮੀ ਭਾਰਤੀ ਮੁਟਿਆਰ ਆਪਣੀ ਕਲਾ ਨੂੰ ਦਾਗਦਾਰ ਹੋਣੋ ਬਚਾ ਕੇ ਰੱਖਣ ਦੇ ਸੁਹਿਰਦ ਯਤਨ ਕਰਦੀ 'ਮਿਸ਼ੈਲ' ਦੇ ਦੇਹ-ਜਸ਼ਨ ਤੋਂ ਭਾਵੇਂ ਮਨੋ-ਮਨ ਹਾਰ ਹੀ ਜਾਂਦੀ ਹੈ ਪਰ ਮਨੀਸ਼ਾ ਦਾ ਇੱਕ ਨਾਰੀ ਮਿਸ਼ੈਲ ਨੂੰ 'ਕੁੱਤੀ ਮਿਸ਼ੈਲ' ਕਹਿਣਾ ਘ੍ਰਿਣਾ ਨਹੀਂ ਉਪਜਾਉਂਦਾ ਸਗੋਂ ਮਾਨਸਿਕ ਦੁਬਿਧਾਵਾਂ ਦੇ ਬਾਵਜੂਦ 'ਮਨੀਸ਼ਾ' ਦਾ ਭਾਰਤੀ ਕਦਰਾਂ ਕੀਮਤਾਂ ਤੇ ਖਰਾ ਉਤਰਨਾ 'ਨਾਰੀ ਸਤਿਕਾਰ' ਉਤਪੰਨ ਕਰਦਾ ਹੈ।

ਬੇਬਾਕ ਸੁਰ ਵਿੱਚ ਕਹਾਣੀ ਕਹਿਣ ਵਾਲੀ 'ਵੀਨਾ ਵਰਮਾਂ' ਨੇ ਤਿੰਨ ਕਹਾਣੀ ਸੰਗ੍ਰਹਿ ਰਚ ਕੇ ਆਪਣੀ ਲੇਖਣੀ ਦਾ ਪੰਜਾਬੀ ਸਾਹਿਤ ਵਿੱਚ ਲੋਹਾ ਮਨਵਾਇਆ ਹੈ। ਸਮਕਾਲੀ ਚਿੰਤਨ ਵਿੱਚ ਵੀਨਾ ਵਰਮਾਂ ਦੀਆਂ ਕਹਾਣੀਆਂ ਨੂੰ ਸੈਕਸ ਅਧਾਰਿਤ ਕਹਾਣੀਆਂ ਕਹਿ ਕੇ ਵਸਤੂ ਪੱਖੋਂ ਸੀਮਤ ਕਰਨ ਦਾ ਯਤਨ ਕੀਤਾ ਜਾਂਦਾ ਰਿਹਾ ਪਰ ਨਾਰੀ-ਚਿੰਤਨ, ਵਿਆਹ ਸੰਸਥਾ, ਅੱਤਵਾਦ, ਆਰਥਿਕਤਾ, ਰਿਸ਼ਤੇ ਨਾਤੇ, ਪਰਵਾਸ, ਜਾਤ-ਪਾਤ, ਘਰ ਪਰਿਵਾਰ ਆਦਿ ਹੋਰ ਅਨੇਕਾਂ ਵਸਤੂ ਉਸਦੀਆਂ ਕਹਾਣੀਆਂ ਦੇ ਕੇਂਦਰੀ ਨੁਕਤੇ ਹਨ। ਕਹਾਣੀ "ਤੂੰ ਕੌਣ ਹੈ?" ਕਹਾਣੀਕਾਰ ਵੀਨਾ ਵਰਮਾ ਦੇ ਕਹਾਣੀ-ਸੰਗ੍ਰਹਿ 'ਜੋਗੀਆਂ ਦੀ ਧੀ' ਦੀ ਬਹੁਤ ਮਹੱਤਵਪੂਰਨ ਕਹਾਣੀ ਹੈ। ਕਹਾਣੀ ਦੀ, ਕਿਰਨ ਨਾਂ ਦੀ ਨਾਇਕਾ, ਤਲਾਕਸ਼ੁਦਾ ਔਰਤ ਬਿਲਕੁਲ ਅਜਾਦ ਜ਼ਿੰਦਗੀ ਜਿਉਂਦੀ ਹੈ ਅਤੇ ਆਪਣੀ ਮਰਜ਼ੀ ਨਾਲ ਸੁਖਪਾਲ ਨਾਂ ਦੇ ਆਦਮੀ ਨਾਲ ਸਬੰਧ ਸਥਾਪਿਤ ਕਰ ਲੈਂਦੀ ਹੈ। ਸੁਖਪਾਲ ਉਸ ਤੇ ਆਪਣੀ ਮਰਜੀ ਥੋਪਣਾ ਚਾਹੁੰਦਾ ਹੈ ਤੇ ਰੋਅਬ ਪਾਉਂਦਾ ਹੈ। ਉਸਦੇ ਕੰਮਾਂ ਵਿੱਚ ਦਖਲ ਅੰਦਾਜੀ ਕਰਨ ਲੱਗਦਾ ਹੈ। ਉਹ ਉਸ ਦੀਆਂ ਆਪ ਹੁਦਰੀਆਂ ਤੋਂ ਵਿਦਰੋਹ ਕਰਦੀ ਹੋਈ ਉਸਨੂੰ ਉਸੇ ਹੀ ਅੰਦਾਜ ਵਿੱਚ ਘਰੋਂ ਨਿਕਲਣ ਲਈ ਕਹਿੰਦੀ ਹੈ ਜਿਵੇਂ ਸੁਖਪਾਲ, "ਸ਼ਟਅੱਪ....ਗੈਟੌਟ ਹੋ ਜਾ ਇਥੋਂ........।" ਕਿਰਨ ਇੱਟ ਦਾ ਜਵਾਬ ਪੱਥਰ ਨਾਲ ਦਿੰਦੀ ਹੈ, "ਇਨੱਫ ਇਜ਼ ਇਨੱਫ.....ਗੈਟੌਟ ਮੈਂ ਨੀਂ ਹੁੰਦੀ ਤੂੰ ਹੋਵੇਂਗਾ। ਉਹ ਜ਼ਮਾਨੇ ਗਏ ਜਦੋਂ ਤੁਸੀਂ ਗੈਟੌਟ ਕਰਦੇ ਹੁੰਦੇ ਸੀ। ਹੁਣ ਅਸੀਂ ਗੈਟੌਟ ਕਰਾਂਗੀਆਂ। ਦਿਸ ਇਜ ਮਾਈ ਹਾਊਸ....ਯੂ ਹੈਵ ਨੋ ਰਾਈਟ ਟੂ ਸਟੇਅ ਹੀਅਰ ਵਿਦਾਉਟ ਮਾਈ ਪਰਮਿਸ਼ਨ.....ਗੈਟ ਆਊਟ.........।"(22)

ਮਰਦ ਪ੍ਰਧਾਨ ਸਮਾਜ ਦੀ ਦਮਿਤਤਾ ਦਾ ਸ਼ਿਕਾਰ ਔਰਤ ਆਰਥਿਕ ਪੱਖੋਂ ਸੰਪੰਨ ਹੋਣ ਕਰਕੇ 'ਅਣਚਾਹੇ ਮਰਦ' ਦਾ ਬੋਝ ਚੁੱਕਣ ਤੋਂ ਇਨਕਾਰੀ ਹੋ ਜਾਂਦੀ ਹੈ। ਕਿਰਨ ਦੀ ਇੱਕੋ ਲਲਕਾਰ ਦੀ ਗਰਮਾਇਸ਼ ਨਾਲ ਸੁਖਪਾਲ ਦਾ ਮਰਦਾਉਪੁਣਾ ਠੰਡਾ ਪੈ ਜਾਂਦਾ ਹੈ। ਕਿਰਨ ਦੇ ਬਦਲੇ ਮਿਜ਼ਾਜ ਨੂੰ ਭਾਂਪ ਕੇ 'ਵਿਆਹ' ਦਾ ਤਰਲਾ ਪਾਇਆ ਜਾਂਦਾ ਹੈ। ਪਹਿਲੋਂ ਦਰਦ ਹੰਢਾਅ ਚੁੱਕੀ ਕਿਰਨ ਦਾ ਜਵਾਬ, "ਵਿਆਹ ਤਾਂ ਇੱਕ ਬਹੁਤ ਹੈ ਆਦਮੀ ਨੂੰ ਤਬਾਹ ਕਰਨ ਲਈ।"(23) ਇਸੇ ਤਰ੍ਹਾਂ ਬੱਚਾ ਜੰਮਣ ਦੇ ਤਰਲੇ ਨੂੰ ਠੁਕਰਾਉਂਦੀ ਕਿਰਨ ਕਹਿੰਦੀ ਹੈ, "ਮੈਂ ਤਾਂ ਬੱਸ ਨਿਸ਼ਾਨੀਆਂ ਇਕੱਠੀਆਂ ਕਰਨ ਤੇ ਰਹਿ ਗਈ ਫੇਰ।"(24) ਕਿਰਨ ਦਾ ਬੋਲਡ ਹੋਣਾ ਹੀ ਸੁਖਪਾਲ ਦੀਆਂ ਸਭ ਚਲਾਕੀਆਂ ਨੂੰ ਮਾਤ ਪਾਉਣਾ ਹੈ। ਵਿਚਾਰਧਾਰਕ ਪੱਧਰ ਤੇ ਕਿਰਨ ਸੁਖਪਾਲ ਸਾਹਵੇਂ ਇੱਕ ਚਟਾਨ ਵਾਂਗ ਸੈਕਸ ਸਬੰਧਾਂ ਨੂੰ ਫਿਜੀਕਲ ਨੀਡ ਕਹਿੰਦੀ ਹੈ। ਇਹ ਸਮੁੱਚੀ ਨਾਰੀ ਜਾਤੀ ਲਈ ਇੱਕ ਵੰਗਾਰ ਹੈ। ਕਿਰਨ ਵਿਆਹ ਦੀ ਤਜ਼ਵੀਜ਼ ਨੂੰ ਹੋਰ ਵੀ ਤਰਕ ਭਰਪੂਰ ਢੰਗ ਨਾਲ ਰੱਦ ਕਰ ਦਿੰਦੀ ਹੈ। "ਮੇਰੇ ਵਰਗੀਆਂ ਔਰਤਾਂ ਨੂੰ ਖਸਮ ਤਾਂ ਮਿਲ ਜਾਂਦੇ ਨੇ ਪਰ ਸਾਡੇ ਬੱਚਿਆਂ ਨੂੰ ਬਾਪ ਨਹੀਂ ਮਿਲੇ ਕਦੇ ਵੀ, ਸਗੋਂ ਕਈ ਵਾਰ ਇਸ ਕੋਸਿਸ਼ ਵਿੱਚ ਆਪਣੀਆਂ ਮਾਵਾਂ ਵੀ ਗੁਆ ਬੈਠਦੇ ਨੇ.....। ਸਾਡੇ ਸਿਰਾਂ ਤੇ ਜਿਹੜੀਆਂ ਇਹ ਭਾਰੀ ਗੱਠੜੀਆਂ ਚੁੱਕੀਆਂ ਹੁੰਦੀਆਂ ਨੇ ਉਹਨਾਂ ਨੂੰ ਕੋਈ ਮੋਢਾ ਦੇਣ ਲਈ ਤਿਆਰ ਨਹੀਂ ਹੁੰਦਾ।" (25) ਇਥੇ ਸੁਖਪਾਲ ਦਾ ਬੁਣਿਆ ਜਾਲ ਤਾਰ ਤਾਰ ਹੋ ਜਾਂਦਾ ਹੈ। ਕਹਾਣੀ ਆਪਣੇ ਆਪ ਵਿੱਚ ਨਾਰੀ-ਚੇਤਨਾ ਦਾ 'ਨਾਅਰਾ' ਹੈ। (22, 23, 24, 25 ਵੀਨਾ ਵਰਮਾਂ, ਕਹਾਣੀ- ਤੂੰ ਕੌਣ ਹੈਂ?)

'ਹਰਮਹਿੰਦਰ ਸਿੰਘ ਚਹਿਲ' ਅਮਰੀਕਾ ਵਸਦਾ ਪੰਜਾਬੀ ਗਲਪਕਾਰ ਹੈ। ਉਸਨੇ ਤਿੰਨ ਨਾਵਲਾਂ 'ਬਲੀ' 'ਹੋਣੀ' 'ਆਫੀਆ ਸਦੀਕੀ ਦਾ ਜੇਹਾਦ', ਕਹਾਣੀ ਸੰਗ੍ਰਹਿ 'ਅੰਨੀ ਗਲੀ ਦੇ ਬਾਸ਼ਿੰਦੇ' ਅਤੇ 'ਖੋਜ' ਨਾਲ ਪੰਜਾਬੀ ਗਲਪ ਜਗਤ ਨੂੰ ਭਰਪੂਰ ਕੀਤਾ ਹੈ। ਇੱਕੀਵੀਂ ਸਦੀ ਦੀ ਗਲੋਬਲੀ ਕਹਾਣੀ ਆਪਣੇ ਰਾਹੀਂ ਵਸਤੂ-ਵਿਸਥਾਰ ਰਾਹੀਂ ਦੁਨੀਆਂ ਦੇ ਹਰ ਨਵੇਂ ਵਰਤਾਰੇ ਨੂੰ ਆਪਣੇ ਕਲਾਵੇ ਵਿੱਚ ਲੈ ਰਹੀ ਹੈ। ਸਪਰਮ ਦਾਨ, ਮੁੱਲ ਦੀ ਕੁੱਖ, ਸੈਰੋਗੇਟ ਮਦਰ, ਸਪਰਮ ਬੈਂਕ, ਹੋਮੋ ਸੈਕਸੂਅਲ ਸੰਬੰਧ, ਗੇਅ, ਸੈਕਸ਼ ਇੰਜੁਆਏਮੈਂਟ ਆਦਿ ਸ਼ਬਦ ਪੰਜਾਬੀ ਸਮਾਜ ਲਈ ਭਾਵੇਂ ਓਪਰੇ ਹਨ ਪਰ 'ਗਲੋਬਲੀ ਪੱਧਰ' ਤੇ ਇਹ ਬੜੇ ਜਾਣੇ ਪਛਾਣੇ ਹਨ। ਇਨ੍ਹਾਂ ਸੰਕਲਪਾਂ ਨੇ 'ਗਲੋਬਲੀ ਨਾਰੀ' ਨੂੰ ਇੱਕ ਹੋਰ 'ਅਗਨੀ ਪ੍ਰੀਖਿਆ' ਸਾਹਮਣੇ ਆ ਖੜਾਇਆ ਹੈ। ਹਰਮਿੰਦਰ ਸਿੰਘ ਚਹਿਲ ਦੀ ਕਹਾਣੀ 'ਖੋਜ' ਦਾ ਵਿਸ਼ਾ ਕੈਟਰੀਨਾ ਨਾਂ ਦੀ ਔਰਤ ਦੁਆਰਾ ਅਮਰੀਕਾ ਵਿੱਚ ਸਪਰਮ ਬੈਂਕ ਦੁਆਰਾ ਪ੍ਰਾਪਤ ਹੋਏ ਵੀਰਜ ਨਾਲ ਗਰਭ ਧਾਰਨ ਕਰਨ ਅਤੇ ਬੱਚਾ ਪੈਦਾ ਕਰਨ ਦੇ ਸੰਕਟ ਨਾਲ ਸੰਬੰਧਤ ਹੈ। ਇਸ ਵਿਧੀ ਰਾਹੀਂ ਕੈਟਰੀਨਾ ਦੇ ਘਰ ਜੰਮੀ 'ਸੈਫੀ' ਨਾਂ ਦੀ ਧੀ ਪਾਤਰ, ਪਿਤਾ-ਪਿਆਰ ਤੋਂ ਵਾਂਝੇ ਰਹਿਣ ਦੀ ਹਕੀਕਤ ਅਤੇ ਆਪਣੀ ਪਛਾਣ ਦੇ ਸੰਕਟਾਂ ਨਾਲ ਜੂਝਦੀ ਹੋਈ ਪਿਤਾ ਨੂੰ ਲੱਭਣ ਤੁਰ ਪੈਂਦੀ ਹੈ। ਕਹਾਣੀ ਜਿਥੇ 'ਵੀਰਜ ਦਾਨ' ਨਾਲ ਜੰਮੇ ਬੱਚਿਆਂ ਦੀ ਮਨੋ-ਵੇਦਨਾ ਨੂੰ ਫੜਨ ਦੀ ਪਹਿਲ ਕਰਦੀ ਹੈ ਉਥੇ ਨਾਲ ਹੀ ਅਮਰੀਕੀ ਸਮਾਜ ਵਿੱਚ ਸਮਲਿੰਗੀ-ਸਬੰਧਾਂ, ਬੱਚਿਆਂ ਦੇ ਮਾਪਿਆਂ ਦੀ ਵਿੱਥ ਅਤੇ ਕਈ ਸੱਭਿਆਚਾਰਕ ਖੱਲ੍ਹਾਂ ਕਾਰਨ ਉਪਜਦੇ ਮਾਨਸਿਕ ਤਣਾਵਾਂ ਨੂੰ ਵੀ ਫੜਦੀ ਹੈ। ਮਾਨਸਿਕ ਤਣਾਅ ਦੇ ਹੁੰਦਿਆਂ ਸੈਫੀ ਪਿਤਾ ਨੂੰ ਲੱਭਣ ਦਾ ਹਰ ਹੀਲਾ ਵਸੀਲਾ ਵਰਤਦੀ ਹੋਈ ਆਖਰ ਸਪਰਮ ਡੋਨਰ ਪਿਤਾ ਨੂੰ ਜਾਸੂਸੀ ਢੰਗ ਰਾਹੀਂ ਲੱਭ ਹੀ ਲੈਂਦੀ ਹੈ। ਇਥੇ ਭਾਵੇਂ ਕਹਾਣੀ ਕਿਤੇ ਨਾ ਕਿਤੇ ਕਲਪਨਾ ਦਾ ਭੁਲੇਖਾ ਵੀ ਪਾਉਂਦੀ ਹੈ ਪਰ 'ਨਾਰੀ ਚੇਤਨਾ' ਦੇ ਸੰਦਰਭ ਵਿੱਚ ਕਹਾਣੀ-ਵਸਤੂ ਉਤਮ ਹੈ ਜੋ ਸੈਫੀ ਦੇ ਸਵੈ-ਜਾਗ੍ਰਿਤ ਤੇ ਦ੍ਰਿੜ ਹੋਣ ਦਾ ਸਬੂਤ ਹੈ। 'ਰਵਿੰਦਰ ਰਵੀ' ਪਰਵਾਸੀ ਪੰਜਾਬੀ ਕਹਾਣੀ ਜਗਤ ਵਿੱਚ ਵੱਡਾ ਨਾਂ ਹੈ ਜਿਸਨੇ ਇੱਕ ਦਰਜਨ ਤੋਂ ਵੱਧ ਕਹਾਣੀ-ਸੰਗ੍ਰਹਿ ਪੰਜਾਬੀ ਸਾਹਿਤ ਦੀ ਝੋਲੀ 'ਚ ਪਾਏ ਹਨ। 'ਸ਼ਹਿਰ ਵਿੱਚ ਜੰਗਲ' ਉਸਦਾ ਚਰਚਿਤ ਕਹਾਣੀ ਸੰਗ੍ਰਹਿ ਹੈ ਜਿਸ ਦੀ 'ਅੰਦਰ ਵੱਲ ਖੁੱਲਦਾ ਬੂਹਾ' ਕਹਾਣੀ ਉਸਤੋਂ ਵੀ ਮਕਬੂਲ ਹੈ। ਕਹਾਣੀ ਵਿੱਚ ਕਹਾਣੀਕਾਰ ਨੇ ਪੱਛਮੀ ਸੱਭਿਆਚਾਰ ਦੀਆਂ 'ਨਾਰੀਆਂ' ਦੀ ਜ਼ਿੰਦਗੀ ਵਿੱਚ ਕਾਮੁਕ ਤੇ ਮਾਨਸਿਕ ਅਸਤੁੰਸ਼ਟੀ ਤੋਂ ਉਪਜੀ ਇਕੱਲਤਾ ਨਾਲ ਨਿਪਟਣ ਦੀ ਸਵੈ-ਚੇਤਨਾ ਨੂੰ ਉਜਾਗਰ ਕੀਤਾ ਹੈ। ਪੌਦਾ ਵਿਗਿਆਨ ਨਾਲ ਸਬੰਧਤ ਖੋਜੀ ਡਾ. ਸਮਿੱਥ ਦੀ ਪਤਨੀ ਜੋ 'ਮੈਂ' ਰੂਪ ਵਿੱਚ ਬਿਰਤਾਂਤਕਾਰ-ਕਹਾਣੀਕਾਰ ਦੇ ਸਕੂਲ ਵਿੱਚ ਅਧਿਆਪਕ ਹੈ, ਪਤੀ ਦੀ ਰੁਝੇਵਿਆਂ ਭਰੀ ਜਿੰਦਗੀ ਤੋਂ ਤੰਗ ਹੈ। ਉਹ ਸ਼ਾਦੀ ਸ਼ੁਦਾ ਹੁੰਦਿਆਂ ਹੋਇਆਂ ਵੀ ਆਪਣੇ ਪਤੀ ਦੇ ਸੀਮਤ ਸੁਭਾਅ ਅਤੇ ਰੁਝੇਵਿਆਂ ਭਰਪੂਰ ਜ਼ਿੰਦਗੀ ਵਿੱਚੋਂ ਅਜਿਹੇ ਪਲ ਤਲਾਸ਼ਣਾ ਚਾਹੁੰਦੀ ਹੈ, ਜਿਹੜੇ ਉਸ ਦੇ ਅੰਦਰਲੇ ਖਲਾਅ ਨਾਲ ਸੰਵਾਦ ਰਚਾਉਣ। ਆਪਣੀ ਹੋਂਦ ਤੇ ਪਛਾਣ ਦੇ ਪਸਾਰਾਂ ਨਾਲ ਲੜਦੀ ਹੋਈ ਉਹ ਸ਼ਰੀਰਕ ਤੇ ਮਾਨਸਿਕ ਤ੍ਰਿਪਤੀ ਲਈ ਬਿਰਤਾਂਤਕਾਰ-ਕਹਾਣੀਕਾਰ ਕੋਲ ਆਪਣੀ ਵੇਦਨਾ ਪ੍ਰ ਕਰਦੀ ਹੈ, "ਹਰ ਵੇਲੇ ਕੌਫੀ, ਬਾਟਨੀ, ਰਿਸਰਚ, ਪੌਦਿਆਂ ਦੀਆਂ ਗੱਲਾਂ......ਵਿਆਹ, ਬਾਟਨੀ ਤੇ ਪੌਦਿਆਂ ਦੀਆਂ ਬਿਮਾਰੀਆਂ ਦੀ ਰਿਸਰਚ ਨਹੀਂ ਹੁੰਦਾ..... ਜਿਵੇਂ ਮੈਂ ਵੀ.....ਪ੍ਰਯੋਗਸ਼ਾਲਾ ਦੀ ਕੋਈ ਚੀਜ ਹੋਵਾਂ, ਪ੍ਰਯੋਗ ਕੀਤਾ ਤੇ ਫਿਰ ਸੁੱਟ ਦਿੱਤਾ ਤੇ ਭੁੱਲ ਗਏ। ਇਹ ਅਹਿਸਾਸ ਨਾਲ ਮੇਰੇ ਅੰਦਰ ਇੱਕ ਖੋਹ ਜਿਹੀ ਪੈਂਦੀ ਹੈ, ਇੱਕ ਸੁੰਨ ਜਿਹੀ ਪਰਸਨ ਲੱਗ ਪੈਂਦੀ ਹੈ।" (26) ਇੱਕ ਦਿਨ ਉਹ ਬਿਤਾਂਤਕਾਰ-ਕਹਾਣੀਕਾਰ ਦੇ ਘਰ ਠਹਿਰਦੀ ਹੈ। ਰਾਤ ਵੇਲੇ ਮਾਨਸਿਕ ਸਥਿਤੀ ਉਜਾਗਰ ਕਰਦੀ ਹੋਈ ਕਹਿੰਦੀ ਹੈ, "ਨਹੀਂ ਐਡੇ ਵੱਡੇ ਕਮਰੇ ਵਿੱਚ ਮੈਂ ਇਕੱਲੀ ਕਿਵੇਂ ਸੌਂ ਸਕਦੀ ਹਾਂ.....ਬੱਦਲ, ਬਿਜਲੀ ਗਰਜ.......ਕਮਰਾ, ਇਕੱਲੀ ਨੂੰ ਖਾ ਜਾਵੇਗਾ.....ਮੈਂ ਨਹੀਂ ਸੌਂ ਸਕਦੀ ਇਕੱਲੀ।"(27) ਇਸ ਦੇ ਬਾਵਜੂਦ ਬਿਰਤਾਂਤਕਾਰ-ਕਹਾਣੀਕਾਰ ਜਦੋਂ ਉਸ ਨੂੰ ਵੱਖਰੇ ਕਮਰੇ ਵਿੱਚ ਸਵਾ ਦਿੰਦਾ ਹੈ ਤਾਂ ਉਬੜਵਾਹੇ ਉੱਠ ਕੇ ਆਪਣੇ ਮਨ ਦੇ ਵੇਗ ਤੇ ਅਵੇਸ ਪ੍ਰ ਕਰਦੀ ਕਹਿੰਦੀ ਹੈ, "ਖਿਮਾਂ ਕਰਨਾ ਮਿਸਟਰ ਸਿੰਘ! ਮੈਨੂੰ ਅਫਸੋਸ ਹੈ, ਜਿਸ ਦੀਵਾਰ ਦੀ ਵਿੱਥ ਤੇ ਅਸੀਂ ਪਏ ਹਾਂ ਉਸ 'ਚੋਂ ਇੱਕ ਬੂਹਾ ਅੰਦਰ ਵੱਲ ਖੁੱਲਦਾ ਹੈ, ਉਸੇ ਬੂਹੇ ਦੀ ਸਾਂਝ ਮੈਂ ਤੈਥੋਂ ਮੰਗਦੀ ਹਾਂ। ਕੀ ਮੈਨੂੰ ਆਗਿਆ ਦੇਵੇਂਗਾ ਕਿ ਕਦੇ-ਕਦੇ ਮੈਂ ਤੇਰੇ ਕੋਲ ਇਸ ਤਰ੍ਹਾਂ ਆ ਸਕਾਂ.......ਮੈਨੂੰ ਅੰਦਰ ਵੱਲ ਖੁਲ੍ਹਦੇ ਬੂਹੇ ਦੀ ਸਾਂਝ ਦੇ ਦੇ......ਮੈਂ ਹੋਰ ਕੁੱਝ ਨਹੀਂ ਮੰਗਦੀ।" (28) (26,27,28, ਰਵਿੰਦਰ ਰਵੀ, ਕਹਾਣੀ-'ਅੰਦਰ ਵੱਲ ਖੁੱਲਦਾ ਬੂਹਾ') ਜਿਸਮ ਤੋਂ ਪਾਰ ਆਤਮਾ ਵੱਲ, ਭਾਵ ਅੰਦਰ ਵੱਲ ਖੁੱਲਦੇ ਬੂਹੇ ਪ੍ਰਤੀ ਸੰਕੇਤ ਹੀ ਕਹਾਣੀ ਵਿੱਚ 'ਨਾਰੀ-ਚੇਤਨਾ' ਦਾ ਹਾਸਿਲ ਹੈ।

ਪੰਜਾਬ ਦੀ ਵੰਡ ਵੇਲੇ ਪੰਜਾਬੀ ਕਹਾਣੀਕਾਰ ਜ਼ੋਸ਼ੂਆ ਫਜ਼ਲਦੀਨ ਅਤੇ ਅਬਦੁਲ ਮਜੀਦ ਭੱਟੀ ਹੀ ਪਾਕਿਸਤਾਨ ਦੇ ਹਿੱਸੇ ਆਏ। ਅੱਜ ਲਗਭਗ ਦੋ ਦਰਜਨ ਤੋਂ ਵੱਧ ਪਾਕਿਸਤਾਨੀ ਕਹਾਣੀਕਾਰ ਗੁਰਮੁੱਖੀ ਅਤੇ ਸ਼ਾਹਮੁਖੀ ਵਿੱਚ ਕਹਾਣੀਆਂ ਲਿਖ ਰਹੇ ਹਨ ਜਿਸ ਸਦਕਾ ਨੌ-ਦਸ ਕਰੋੜੀ ਪਾਕਿਸਤਾਨੀ ਪੰਜਾਬੀ ਲੋਕ 'ਗਲੋਬਲੀ ਪੰਜਾਬੀ ਕਹਾਣੀ' ਵਿੱਚ ਗਲਪਨਿਕ ਸਰੋਕਾਰਾਂ ਨਾਲ ਨਿਵਾਜੇ-ਨਿਵਾਜੇ ਮਹਿਸੂਸ ਕਰ ਰਹੇ ਹਨ। ਅਫ਼ਜਲ ਅਹਿਸਨ ਰੰਧਾਵਾ-ਪਾਕਿਸਤਾਨੀ ਪੰਜਾਬੀ ਕਹਾਣੀ ਦਾ ਵੱਡਾ ਨਾਂ ਹੈ, ਆਗਾ ਅਲੀ ਮੁਦੱਸਰ, ਮੁਹੰਮਦ ਮਨਸ਼ਾ ਯਾਦ ਦਾ ਯੋਗਦਾਨ ਵੀ ਗੌਲਣਯੋਗ ਹੈ। ਨਾਰੀ-ਚੇਤਨਾ ਦੇ ਨਜ਼ਰੀਏ ਤਹਿਤ ਲਿਖਣ ਵਾਲੀ ਪਰਵੀਨ ਮਲਿਕ 'ਜੰਜ' ਕਹਾਣੀ ਰਾਹੀਂ ਭਾਵੇਂ 1970 ਵਿੱਚ ਸਾਹਿਤ-ਜਗਤ ਵਿੱਚ ਪ੍ਰਵੇਸ਼ ਕਰਦੀ ਹੈ। ਲਗਾਤਾਰ ਰੇਡੀਓ ਤੇ ਪਾਕਿਸਤਾਨੀ ਸਮਾਜਿਕ ਸੱਭਿਆਚਾਰਕ ਮਸਲਿਆਂ ਨਾਲ ਜੁੜੀ ਹੋਣ ਕਰਦੇ ਨਿਰੰਤਰ ਲਿਖ ਰਹੀ ਹੈ। ਲੋਕ-ਸਾਹਿਤ ਨਾਲ ਜੁੜੀ ਰਚਨਾ 'ਸਾਵੀ ਸਰ', ਨਾਵਲ 'ਕਿੜ', ਸਵੈ-ਜੀਵਨੀ 'ਕੱਸੀਆਂ ਦਾ ਪਾਣੀ' ਲਿਖਣ ਵਾਲੀ ਪਰਵੀਨ ਮਲਿਕ ਨੇ ਤਾਲ, ਬਾਰਾਂ ਵਰ੍ਹਿਆਂ ਦਾ ਪੰਧ, ਰੋਟੀ ਮੈਂਢੀ ਕਾਠ ਦੀ, ਨਿੱਕੀ ਜਿਹੀ ਕਹਾਣੀ, ਰਾਤੀ ਨਾ ਰੌਲਾ, ਦਾਅ, ਆਪੇ ਕਰੇਂ ਨਿਆਂ, ਚੁੱਪ ਦਾ ਪਹਿਰ ਆਦਿ ਮਹੱਤਵਪੂਰਨ ਕਹਾਣੀਆਂ ਰਚੀਆਂ। ਕਹਾਣੀ 'ਰੋਟੀ ਮੈਂਢੀ ਕਾਠ ਦੀ' ਵਿੱਚ ਇੱਕ ਮੱਧਮ ਵਰਗੀ ਔਰਤ ਮੁਲਾਜ਼ਮ ਦੀ ਮਾਨਸਿਕਤਾ ਨੂੰ ਪਾਕਿਸਤਾਨੀ ਸਮਾਜਿਕ ਤੇ ਰਾਜਨੀਤਕ ਸਿਸਟਮ ਨਾਲ ਮਨੋਵਿਗਿਆਨਕ ਸੰਘਰਸ਼ ਕਰਦਿਆਂ ਪੇਸ਼ ਕੀਤਾ ਗਿਆ ਹੈ। ਮਿਸਜ਼ ਮੰਜ਼ੂਰ ਦਰਮਿਆਨੀ ਸਰਕਾਰੀ ਮੁਲਾਜ਼ਮ ਹੈ ਜੋ ਮਨੋਵਿਗਿਆਨਕ ਤੌਰ ਤੇ ਇਹ ਅਹਿਸਾਸ ਰੱਖਦੀ ਹੈ ਕਿ ਹੁਕਮ ਪੌੜੀਆਂ ਦੇ ਰੂਪ ਵਿੱਚ ਉਪਰੋ ਹੇਠਾਂ ਵੱਲ ਵਹਿੰਦੇ ਹਨ ਤੇ ਇਹ ਹੁਕਮ ਅੰਬਰੋਂ ਬਹਿੰਦੀਆਂ ਪੌੜੀਆਂ ਜੇਡ ਵੀ ਹੋ ਸਕਦੇ ਹਨ। ਮਿਸਜ਼ ਮੰਜ਼ੂਰ ਅੰਦਰੋਂ-ਅੰਦਰੀਂ ਜਾਣਦੀ ਹੈ ਕਿ ਫਾਈਲਾਂ ਦੀਆਂ ਟਿੰਡਾਂ ਫਿਰਦੀਆਂ ਹੋਈਆਂ ਭਾਵੇਂ ਉਤਾਂਹ ਚੜ੍ਹ ਜਾਂਦੀਆਂ ਨੇ। ਵੱਡਿਆਂ ਨੇ ਫੈਸਲੇ ਲੈਣੇ ਹੁੰਦੇ, ਜਿਨ੍ਹਾਂ ਬਾਰੇ ਫੈਸਲੇ ਲੈਂਦੇ ਹਨ, ਉਨ੍ਹਾਂ ਦੀ ਕੋਈ ਪੁੱਛ ਨਹੀਂ ਹੰਦੀ। ਲੰਮੇ ਚੌੜੇ ਰਾਜਨੀਤਕ-ਪ੍ਰਸ਼ਾਸ਼ਨਿਕ ਸਿਸਟਮ ਨੂੰ ਖੂਹ ਦੀ ਮਾਲ੍ਹ ਵਾਂਗ ਚਲਾਉਣ ਲਈ ਸਾਰਾ ਜ਼ੋਰ ਮਿਸਜ਼ ਮੰਜ਼ੂਰ ਵਰਗੇ ਬੈਲਾਂ ਦਾ ਲੱਗਦਾ ਹੈ ਜਿਹੜੇ ਕਲਰਕ ਜਾਂ ਫਿਰ ਅਸਿਸਟੈਂਟ ਹੁੰਦੇ ਹਨ। ਇੱਕ ਹੋਰ ਅਨਹੋਣੀ ਕਿ ਨਾਰੀ ਹੋਣ ਦੇ ਨਾਂ ਤੇ ਮਿਸਜ਼ ਮੰਜ਼ੂਰ ਨੂੰ ਦੋਹਰੇ ਜਬਰ ਦਾ ਸ਼ਿਕਾਰ ਹੋਣਾ ਪੈਂਦਾ ਹੈ। ਉਹਦੇ ਮਰਦ ਦਫ਼ਤਰੀ ਸਾਥੀ ਬਹਾਨੇ ਬਹਾਨੇ ਨਾਲ ਤੁਰੇ ਰਹਿੰਦੇ ਹਨ। ਫੁੱਟ ਪਾਥਾਂ ਤੇ ਖਲੋ ਕੇ ਸਿਗਰਟਾਂ ਪੀਂਦੇ ਹਨ, ਢਾਬਿਆਂ ਤੇ ਜਾ ਰੋਟੀ ਖਾਂਦੇ ਨੇ, ਪਰ ਉਹ ਅਜਿਹਾ ਨਹੀਂ ਕਰਦੀ। ਕੰਮ ਪ੍ਰਤੀ ਲਗਨ ਕਾਰਨ ਉਹ ਬੌਸ ਦੀਆਂ ਨਜ਼ਰਾਂ ਵਿੱਚ ਭਾਵੇਂ ਨਾਇਕਾ ਬਣ ਜਾਂਦੀ ਹੈ, ਰਹਿੰਦੀ ਵਿਚਾਰੀ ਈ ਏ। ਖੁਸ਼ ਅਫਸਰ ਕਹਿੰਦਾ ਏ, "ਏਸੇ ਗੱਲੋਂ ਮੈਂ ਸੁਆਣੀਆਂ ਦੇ ਕੰਮ ਕਰਨੇ ਦੇ ਹੱਕ ਵਿੱਚ ਆਂ। ਵਿਚਾਰੀਆਂ ਸਿਰ ਸੁੱਟ ਕੇ ਕੰਮ ਲੱਗੀਆਂ ਰਹਿੰਨੀਆਂ।" (29) ਪਾਕਿਸਤਾਨੀ ਪ੍ਰਬੰਧ ਵਿੱਚ ਹਮਦਰਦੀ ਤੋਂ ਸੱਖਣੀ ਜਹਿਨੀਅਤ ਨੇ ਨਾਰੀ ਮਨ ਨੂੰ ਸੰਕੁਚਿਤ ਕੀਤਾ ਹੋਇਆ ਹੈ ਪਰ ਮਿਸਜ਼ ਮੰਜ਼ੂਰ ਦੀ ਹਿੰਮਤ ਤੇ ਇਮਾਨਦਾਰੀ ਸਭ ਕਾਸੇ ਨੂੰ ਮਾਤ ਪਾਉਂਦੀ ਹੈ। ਕਹਾਣੀ ਦੇ ਦੂਜੇ ਧਰਾਤਲ ਅਨੁਸਾਰ, ਮਿਸਜ਼ ਮੰਜ਼ੂਰ ਨੂੰ ਗ੍ਰਹਿਸਥੀ ਜੀਵਨ ਵਿੱਚ ਵੀ ਘਰ ਵਾਲੇ ਦਾ ਕੋਈ ਸਹਾਰਾ ਨਹੀਂ। ਗੀਤਾਂ-ਰਸਮਾਂ ਦੀਆਂ ਜਕੜ ਬੰਦੀਆਂ ਨਿਭਾਉਂਦੀ ਹੋਈ ਉਹ ਥੱਲੜੇ ਵਿਚਕਾਰਲੇ ਮੇਲ ਦੀ ਔਰਤ ਸਾਬਤ ਹੁੰਦੀ ਹੈ। ਪਾਕਿਸਤਾਨੀ ਸਮਾਜ ਵਿੱਚ ਧਾਰਨਾ ਹੈ ਕਿ ਸੁਆਣੀ ਭਾਵੇਂ ਕਿੰਨੀ ਵੀ ਥੱਕੀ ਟੁੱਟੀ ਆਵੇ, ਘਰ ਆ ਕੇ ਬੱਚਿਆਂ ਦਾ ਖਾਣਾ-ਪਕਾਉਣ ਦਾ ਕੰਮ ਆਪ ਕਰੇ। ਘਰ ਵਾਲਾ ਜੇ ਘਰ ਛੇਤੀ ਆ ਜਾਵੇ ਤਾਂ ਟੀ.ਵੀ. ਲਾ ਕੇ ਬੈਠਣਾ ਉਸਦਾ ਜਨਮ ਸਿੱਧ ਅਧਿਕਾਰ ਹੈ। ਮਿਸਜ਼ ਮੰਜ਼ੂਰ ਮਿਹਨਤ ਕਰ ਆਪਣੇ ਬੱਚਿਆਂ ਨੂੰ ਪੜ੍ਹਾਉਂਦੀ ਹੈ। ਬੱਚਿਆਂ ਦੇ ਭਵਿੱਖ ਨੂੰ ਸੰਵਾਰਨ ਦਾ ਸੁਪਨਾ ਰੱਖਦੀ ਹੋਈ, ਉਹ ਪਤੀ ਦੁਆਰਾ ਕੀਤੀ ਜਾਂਦੀ ਨਿੱਤ ਦਿਨ ਦੀ ਬੇਇੱਜਤੀ ਨੂੰ ਭੁੱਲ, ਦਫਤਰੀ ਥਕੇਵੇਂ ਨੂੰ ਭੁੱਲ, ਰੱਬੀ ਰਹਿਮਤ ਸਦਕਾ ਮਿਹਨਤ, ਹਿੰਮਤ ਤੇ ਸਬਰ ਨੂੰ ਆਪਣੇ ਹਥਿਆਰ ਬਣਾਉਂਦੀ ਹੈ, "ਅੰਤ ਵਿੱਚ ਸਾਰੀ ਬੇਇਜ਼ਤੀ ਤੇ ਥਕੇਵਾਂ ਭੁੱਲ ਅਤੇ ਭੁੱਖੀਆਂ ਜਾਨਾਂ ਦਾ ਈ ਖਿਆਲ, ਉਹਦਾ ਬਲਦੀ ਤੀਲੀ ਵਾਲਾ ਹੱਥ ਚੁੱਲੇ ਵੱਲ ਵਧਾ ਦਿੰਦਾ ਏ।"(30) (29,30, ਪਰਵੀਨ ਮਲਿਕ, ਕਹਾਣੀ- ਰੋਟੀ ਮੈਂਢੀ ਕਾਠ ਦੀ) ਪਾਕਿਸਤਾਨੀ ਰਾਜਨੀਤਕ, ਸੱਭਿਆਚਾਰਕ ਅਤੇ ਸਮਾਜਿਕ-ਸਿਸ਼ਟਮ ਅਨੁਸਾਰ ਕਹਾਣੀ 'ਰੋਟੀ ਮੈਂਢੀ ਕਾਠ ਦੀ' ਵਿੱਚ ਪੇਸ਼ ਮਿਸਜ਼ ਮੰਜ਼ੂਰ ਦੀ ਬੱਚਿਆਂ ਦਾ ਭਵਿੱਖ ਸੰਵਾਰਨ ਦੀ ਦ੍ਰਿੜ ਚਾਹਤ ਹੀ 'ਨਾਰੀ ਚੇਤਨਾ' ਦੀ ਲਖਾਇਕ ਹੈ।

ਸਮੁੱਚੇ ਤੌਰ ਤੇ ਕਿਹਾ ਜਾ ਸਕਦਾ ਹੈ ਕਿ ਬਾਕੀ ਗਲੋਬਲੀ ਭਾਸ਼ਾਵਾਂ ਵਾਂਗ ਪੰਜਾਬੀ ਗਲੋਬਲੀ ਕਹਾਣੀ ਵੀ ਗਲੋਬਲੀ ਕੈਨਵਸ ਤੇ ਉਭਰੀ 'ਨਾਰੀ ਚੇਤਨਾਂ' ਨੂੰ ਪੂਰਨ ਭਾਂਤ ਆਪਣੇ ਕਲਾਵੇ ਵਿੱਚ ਲੈ ਰਹੀ ਹੈ।

(ਸਮਾਪਤ)






# ਵਿਧਾਨ ਸਭਾ ਹਲਕਾ ਸੁਨਾਮ ਵਿੱਚ ਸਿਹਤ ਸਹੂਲਤਾਂ ਦੀ ਬਿਹਤਰੀ ਲਈ ਹੁਣ ਤਕ ਕਰੀਬ 57 ਕਰੋੜ ਰੁਪਏ ਖਰਚੇ: ਅਮਨ ਅਰੋੜਾ



**ਸੁਨਾਮ, 23 ਜੂਨ**
**ਜਗਦੇਵ ਰੰਚਨਾਂ**
**ਸ਼.ਅ.ਬਿਓਰੋ**

ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਅੱਜ ਸੁਨਾਮ ਹਲਕੇ ਦੇ ਲੋਕਾਂ ਨੂੰ ਇੱਕ ਵੱਡੀ ਸੌਗਾਤ ਦਿੰਦਿਆਂ ਸਰਕਾਰੀ ਹਸਪਤਾਲ ਸੁਨਾਮ ਵਿਖੇ 50 ਬੈੱਡਾਂ ਵਾਲੇ ਅਤਿ-ਆਧੁਨਿਕ ਜੱਚਾ-ਬੱਚਾ ਹਸਪਤਾਲ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਕਿਹਾ ਕਿ ਇਹ ਹਸਪਤਾਲ ਕਰੀਬ 14 ਕਰੋੜ 48 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤਾ ਜਾਵੇਗਾ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਵਿਧਾਨ ਸਭਾ ਹਲਕਾ ਸੁਨਾਮ ਦੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਲਈ ਹੁਣ ਤਕ 57 ਕਰੋੜ ਰੁਪਏ ਵੱਖ ਵੱਖ ਪ੍ਰੋਜੈਕਟਾਂ ਉੱਤੇ ਖਰਚੇ ਜਾ ਚੁੱਕੇ ਹਨ। ਜਿਨ੍ਹਾਂ ਵਿੱਚ ਕਰੀਬ 25.5 ਕਰੋੜ ਰੁਪਏ ਦੀ ਲਾਗਤ ਨਾਲ ਸਰਕਾਰੀ ਹਸਪਤਾਲ ਸੁਨਾਮ ਵਿਖੇ ਓਪੀਡੀ ਦੇ ਨਵੇਂ 09 ਕਮਰਿਆਂ ਦਾ ਬਲਾਕ, ਦਵਾਈਆਂ ਦਾ ਵੇਅਰ ਹਾਊਸ, ਟਰੋਮਾ ਸੈਂਟਰ ਅਤੇ ਬਲੱਡ ਬੈਂਕ ਸ਼ਾਮਿਲ ਹਨ। ਚੀਮਾ ਵਿਖੇ 14.5 ਕਰੋੜ ਰੁਪਏ ਦੀ ਲਾਗਤ ਦੇ ਨਾਲ ਅਤੇ ਲੌਂਗੋਵਾਲ ਵਿਖੇ 11.5 ਕਰੋੜ ਰੁਪਏ ਦੀ ਲਾਗ ਦੇ ਨਾਲ ਹਸਪਤਾਲ ਬਣਾਏ ਗਏ ਹਨ। ਹਲਕੇ ਵਿੱਚ ਵੱਖ-ਵੱਖ ਥਾਂ 08 ਆਮ ਆਦਮੀ ਕਲੀਨਿਕ ਬਣਾਏ ਗਏ ਹਨ, ਇੱਕ ਆਮ ਆਦਮੀ ਕਲੀਨਿਕ ਦੀ ਲਾਗਤ 25 ਲੱਖ ਰੁਪਏ ਹੈ। ਇਸੇ ਤਰ੍ਹਾਂ 12 ਹੈਲਥ ਐਂਡ ਵੈਲਨੈਸ ਸੈਂਟਰ ਬਣਾਏ ਗਏ ਹਨ ਤੇ ਇੱਕ ਹੈਲਥ ਐਂਡ ਵੈਲਨੈਸ ਸੈਂਟਰ ਦੀ ਲਾਗਤ 35 ਲੱਖ ਰੁਪਏ ਹੈ।

ਜੱਚਾ-ਬੱਚਾ ਹਸਪਤਾਲ ਮਾਵਾਂ ਅਤੇ ਨਵਜਨਮੇ ਬੱਚਿਆਂ ਲਈ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਵੱਲ ਇੱਕ ਅਹਿਮ ਕਦਮ ਹੈ। ਇਸ ਹਸਪਤਾਲ ਦੇ ਤਿਆਰ ਹੋਣ ਨਾਲ ਇਲਾਕੇ ਦੇ ਲੋਕਾਂ ਨੂੰ ਉੱਚ ਪੱਧਰੀ ਇਲਾਜ ਲਈ ਦੂਰ-ਦੁਰਾਡੇ ਜਾਂ ਵੱਡੇ ਸ਼ਹਿਰਾਂ ਦੇ ਹਸਪਤਾਲਾਂ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ।

ਇਸ ਹਸਪਤਾਲ ਵਿੱਚ 5 ਓ.ਪੀ.ਡੀ. ਕਮਰੇ, 2 ਆਧੁਨਿਕ ਆਪਰੇਸ਼ਨ ਥੀਏਟਰ, 3 ਬੈੱਡਾਂ ਵਾਲਾ ਨਾਰਮਲ ਡਿਲਿਵਰੀ ਰੂਮ, ਟੈਸਟਿੰਗ ਲੈਬ, ਅਲਟਰਾ ਸਾਊਂਡ ਲੈਬ, ਫਾਰਮੇਸੀ, ਈ.ਸੀ.ਜੀ.ਰੂਮ, ਪੀਡੀਆਟ੍ਰਿਕ ਰੂਮ ਅਤੇ ਇਮਿਊਨਾਈਜ਼ੇਸ਼ਨ ਰੂਮ ਸਮੇਤ ਹੋਰ ਸਾਰੀਆਂ ਆਧੁਨਿਕ ਸਹੂਲਤਾਂ ਉਪਲਬਧ ਹੋਣਗੀਆਂ।

ਇਸ ਤੋਂ ਇਲਾਵਾ, ਹਸਪਤਾਲ ਵਿੱਚ 4 ਗਾਇਨੀ ਵਾਰਡ, 2 ਬਾਲ ਰੋਗ ਵਾਰਡ, 4 ਪ੍ਰਾਈਵੇਟ ਕਮਰੇ, 3 ਡਾਕਟਰ ਸਟੇਸ਼ਨ ਅਤੇ 5 ਨਰਸ ਸਟੇਸ਼ਨ ਬਣਾਏ ਜਾਣਗੇ ਤਾਂ ਜੋ ਮਰੀਜ਼ਾਂ ਦੀ ਸੰਭਾਲ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਕੀਤੀ ਜਾ ਸਕੇ।

ਹਸਪਤਾਲ ਵਿੱਚ 4 ਬੈੱਡਾਂ ਵਾਲਾ ਹਾਈ ਡਿਪੈਂਡੈਂਸੀ ਯੂਨਿਟ (84"), ਮਿਡਵਾਈਫਰੀ ਲੈਡ ਕੇਅਰ ਯੂਨਿਟ ($*3") ਅਤੇ 12 ਬੈੱਡਾਂ ਵਾਲਾ ਸਪੈਸ਼ਲ ਨਿਊ ਬੌਰਨ ਕੇਅਰ ਯੂਨਿਟ (SNCU) ਵੀ ਸਥਾਪਿਤ ਕੀਤਾ ਜਾਵੇਗਾ, ਜਿਸ ਨਾਲ ਗੰਭੀਰ ਮਾਮਲਿਆਂ ਵਿੱਚ ਵੀ ਮਾਵਾਂ ਅਤੇ ਬੱਚਿਆਂ ਨੂੰ ਵਿਸ਼ੇਸ਼ ਇਲਾਜ ਮਿਲ ਸਕੇਗਾ।

ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਹਸਪਤਾਲ ਵਿੱਚ ਹਰ ਸੇਵਾ ਲਈ ਵੱਖਰਾ ਵੇਟਿੰਗ ਏਰੀਆ ਅਤੇ ਨਵਜਨਮੇ ਬੱਚਿਆਂ ਲਈ ਵਿਸ਼ੇਸ਼ ਫੀਡਿੰਗ ਯੂਨਿਟ ਵੀ ਬਣਾਇਆ ਜਾਵੇਗਾ, ਤਾਂ ਜੋ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਵਧੀਆ ਸਹੂਲਤਾਂ ਮਿਲ ਸਕਣ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਸਿਹਤ ਖੇਤਰ ਨੂੰ ਮਜ਼ਬੂਤ ਬਣਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ ਅਤੇ ਇਹ ਹਸਪਤਾਲ ਸੁਨਾਮ ਅਤੇ ਆਸ-ਪਾਸ ਦੇ ਇਲਾਕਿਆਂ ਲਈ ਵਰਦਾਨ ਸਾਬਤ ਹੋਵੇਗਾ। ਇਹ ਪ੍ਰੋਜੈਕਟ ਇੱਕੋ ਛੱਤ ਹੇਠ ਮੁਕੰਮਲ ਇਲਾਜ ਦੇ ਸੰਕਲਪ ਨੂੰ ਸਾਕਾਰ ਕਰੇਗਾ ਅਤੇ ਲੋਕਾਂ ਨੂੰ ਆਧੁਨਿਕ ਤੇ ਗੁਣਵੱਤਾ ਭਰੀਆਂ ਸਿਹਤ ਸੇਵਾਵਾਂ ਮੁਹੱਈਆ ਕਰਵਾਏਗਾ।

ਇਸ ਮੌਕੇ ਡਿਪਟੀ ਡਾਇਰੈਕਟਰ ਸਿਹਤ ਮੈਡਮ ਮੋਨਿਕਾ, ਯਾਦਵਿੰਦਰ ਨਿਰਮਾਣ, ਮਨਪ੍ਰੀਤ ਬਾਂਸਲ, ਸਾਹਿਬ ਸਿੰਘ, ਆਸ਼ਾ ਬਜ ਾਜ, ਮਾਹੀ ਮਹੰਤ, ਸੰਦੀਪ ਸੋਨੀ ਵਿਰਕ ਲਖਮੀਰਵਾਲਾ, ਯਸ਼ਪਾਲ ਮੰਗਲਾ, ਐਮ ਸੀ ਸ਼੍ਰੀ ਖਟਾਕ, ਐਮ ਸੀ ਸ਼੍ਰੀ ਸਕਸੈਨਾ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਵੱਖ-ਵੱਖ ਸੰਸਥਾਵਾਂ ਦੇ ਅਹੁਦੇਦਾਰ, ਪਤਵੰਤੇ ਅਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਹਾਜ਼ਰ ਸਨ।

# 30 ਜੂਨ ਤੱਕ 'ਓਪਨ ਮੈਨਹੋਲ ਫ੍ਰੀ' ਹੋਵੇਗਾ ਪੰਜਾਬ: ਹਰਜੋਤ ਸਿੰਘ ਬੈਂਸ

## ਸਥਾਨਕ ਸਰਕਾਰਾਂ ਮੰਤਰੀ ਨੇ ਮਿਊਂਸੀਪਲ ਕਮਿਸ਼ਨਰਾਂ ਅਤੇ ਵਧੀਕ ਡਿਪਟੀ ਕਮਿਸ਼ਨਰਾਂ ਨੂੰ ਪਾਲਣਾ ਰਿਪੋਰਟ ਜਮ੍ਹਾਂ ਕਰਾਉਣ ਦੇ ਦਿੱਤੇ ਨਿਰਦੇਸ਼

**ਚੰਡੀਗੜ੍ਹ, 23 ਜੂਨ**
**-ਸ਼.ਅ.ਬਿਓਰੋ-**



ਜਨਤਕ ਸੁਰੱਖਿਆ ਦੇ ਮੱਦੇਨਜ਼ਰ ਵੱਡਾ ਕਦਮ ਚੁੱਕਦਿਆਂ ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਸੂਬੇ ਦੇ ਹਰ ਸ਼ਹਿਰ ਨੂੰ 'ਓਪਨ ਮੈਨਹੋਲ-ਫ੍ਰੀ' ਕਰਨ ਲਈ 30 ਜੂਨ 2026 ਆਖ਼ਰੀ ਮਿਤੀ ਤੈਅ ਕੀਤੀ ਹੈ। ਸਾਰੇ ਨਗਰ ਨਿਗਮ ਕਮਿਸ਼ਨਰਾਂ ਅਤੇ ਵਧੀਕ ਡਿਪਟੀ ਕਮਿਸ਼ਨਰਾਂ (ਸ਼ਹਿਰੀ ਵਿਕਾਸ) ਨੂੰ ਇਸ ਸਬੰਧ ਵਿੱਚ ਇਨ-ਬਿਨ ਪਾਲਣਾ ਰਿਪੋਰਟ ਜਮ੍ਹਾਂ ਕਰਾਉਣ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਮਿਸ਼ਨ ਕਲੀਨ ਪੰਜਾਬ ਤਹਿਤ 'ਜ਼ੀਰੋ ਓਪਨ ਮੈਨਹੋਲ' ਮੁਹਿੰਮ ਵਿੱਚ ਕਿਸੇ ਵੀ ਕਿਸਮ ਦੀ ਲਾਪਰਵਾਹੀ ਜਾਂ ਅਣਗਹਿਲੀ ਦੇ ਸਖ਼ਤ ਨਤੀਜੇ ਭੁਗਤਣੇ ਪੈਣਗੇ। ਹਰਜੋਤ ਸਿੰਘ ਨੇ ਦੱਸਿਆ ਕਿ ਇਹ ਨਿਰਦੇਸ਼ ਸੂਬਾ ਪੱਧਰੀ ਸੁਰੱਖਿਆ ਆਡਿਟ ਤੋਂ ਬਾਅਦ ਆਇਆ ਹੈ, ਜਿਸ ਵਿੱਚ ਮਾਨਸੂਨ ਸੀਜ਼ਨ ਤੋਂ ਪਹਿਲਾਂ ਸੀਵਰੇਜ ਬੁਨਿਆਦੀ ਢਾਂਚੇ ਵਿੱਚ 1451 ਮੈਨਹੋਲ ਖੁੱਲ੍ਹੇ ਹੋਣ ਬਾਰੇ ਖ਼ੁਲਾਸਾ ਹੋਇਆ ਸੀ। ਉਨ੍ਹਾਂ ਕਿਹਾ ਕਿ 1000 ਤੋਂ ਵੱਧ ਮੈਨਹੋਲ ਪਹਿਲਾਂ ਹੀ ਠੀਕ ਕੀਤੇ ਜਾ ਚੁੱਕੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਬਰਸਾਤ ਦੇ ਮੌਸਮ ਦੌਰਾਨ ਪਾਣੀ ਭਰਨ ਨਾਲ ਹੋਣ ਵਾਲੇ ਹਾਦਸਿਆਂ ਨੂੰ ਰੋਕਣ ਲਈ ਬਾਕੀ ਸਾਰੇ ਖੁੱਲ੍ਹੇ ਪਏ ਮੈਨਹੋਲਾਂ ਨੂੰ ਬੰਦ ਕਰਨ ਵਿੱਚ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ।

ਖੁੱਲ੍ਹੇ ਮੈਨਹੋਲਾਂ ਨੂੰ ਖਾਸ ਕਰਕੇ ਬਰਸਾਤੀ ਮੌਸਮ ਦੌਰਾਨ 'ਮੌਤ ਦਾ ਖੂਹ' ਦੱਸਦਿਆਂ ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਲੋਕਾਂ ਦੀ ਸੁਰੱਖਿਆ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ ਅਤੇ ਲਾਪਰਵਾਹੀ ਲਈ ਜ਼ੀਰੋ ਸਹਿਣਸ਼ੀਲਤਾ ਦੀ ਚੇਤਾਵਨੀ ਦਿੱਤੀ। ਇਹ ਮੁਹਿੰਮ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਅਗਵਾਈ ਹੇਠ ਚੱਲ ਰਹੇ 'ਮਿਸ਼ਨ ਕਲੀਨ ਪੰਜਾਬ' ਪਹਿਲਕਦਮੀ ਦਾ ਹਿੱਸਾ ਹੈ।

ਜਵਾਬਦੇਹੀ ਨੂੰ ਯਕੀਨੀ ਬਣਾਉਣ ਲਈ ਸਥਾਨਕ ਸਰਕਾਰਾਂ ਵਿਭਾਗ ਨੇ ਮੈਨਹੋਲ ਬੰਦ ਕਰਨ ਦੀ ਅਸਲ-ਸਮੇਂ ਦੀ ਟਰੈਕਿੰਗ ਲਈ ਇੱਕ ਏ.ਆਈ.-ਏਕੀਕ੍ਰਿਤ ਮੋਬਾਈਲ ਐਪ ਵੀ ਸ਼ੁਰੂ ਕੀਤੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸਿਵਲ ਅਧਿਕਾਰੀਆਂ ਨੂੰ ਹੁਣ ਸਵੇਰੇ 7 ਵਜੇ ਤੋਂ ਸਵੇਰੇ 8 ਵਜੇ ਤੱਕ ਰੋਜ਼ਾਨਾ ਲਾਜ਼ਮੀ ਫੀਲਡ ਨਿਰੀਖਣ ਕਰਨਗੇ, ਜਦ ਕਿ ਸਾਰੇ ਸ਼ਹਿਰੀ ਕੇਂਦਰਾਂ ਵਿੱਚ 'ਵਾਰ ਰੂਮ' ਵਿਖੇ ਤਾਇਨਾਤ ਸਟਾਫ਼ 24 ਘੰਟੇ ਪਾਣੀ ਭਰਨ, ਚੋਕ ਹੋਏ ਸੀਵਰੇਜਾਂ ਅਤੇ ਮਾਨਸੂਨ ਨਾਲ ਸਬੰਧਤ ਸ਼ਿਕਾਇਤਾਂ ਦੀ ਨਿਗਰਾਨੀ ਕਰੇਗਾ।

ਇਸ ਮੁਹਿੰਮ ਦੀ ਨਿੱਜੀ ਤੌਰ 'ਤੇ ਨਿਗਰਾਨੀ ਕਰ ਰਹੇ ਸ਼੍ਰੀ ਘਣਸ਼ਿਆਮ ਥੋਰੀ, ਪ੍ਰਸ਼ਾਸਕੀ ਸਕੱਤਰ ਸਥਾਨਕ ਸਰਕਾਰਾਂ ਵਿਭਾਗ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਆਖ਼ਰੀ ਮਿਤੀ ਪੁੱਗਣ ਵਿੱਚ ਸਿਰਫ਼ 8 ਦਿਨ ਬਾਕੀ ਹਨ ਤੇ ਖੁੱਲ੍ਹੇ ਮੈਨਹੋਲਾਂ ਨੂੰ ਬੰਦ ਕਰਨ ਵਿੱਚ ਲਾਪਰਵਾਹੀ ਵਰਤਣ ਵਾਲੇ ਅਧਿਕਾਰੀਆਂ ਵਿਰੁੱਧ ਅਨੁਸ਼ਾਸਨੀ ਕਾਰਵਾਈ ਕੀਤੀ ਜਾਵੇਗੀ ਅਤੇ ਜਵਾਬਦੇਹੀ ਤੈਅ ਕੀਤੀ ਜਾਵੇਗੀ।

# ਅਟਾਰੀ-ਵਾਘਾ ਸਰਹੱਦ ਤੋਂ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਅਮਨ ਦਾ ਸੁਨੇਹਾ, ਅਮਰੀਕਾ ਤੇ ਪਾਕਿਸਤਾਨ ਦਾ ਕੀਤਾ ਧੰਨਵਾਦ



**ਅੰਮ੍ਰਿਤਸਰ, 23 ਜੂਨ**
**-ਸ਼.ਅ.ਬਿਓਰੋ-**

ਅਟਾਰੀ-ਵਾਹਘਾ ਸਰਹੱਦ 'ਤੇ ਅੱਜ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ ਅਤੇ ਜਨਰਲ ਸਕੱਤਰ ਹਰਪਾਲ ਸਿੰਘ ਬਲੇਰ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਅਪੀਲ ਕੀਤੀ ਗਈ, ਜਿਸ ਵਿੱਚ ਵਿਸ਼ਵ ਭਰ ਵਿੱਚ ਅਮਨ ਅਤੇ ਸਥਿਰਤਾ ਕਾਇਮ ਰੱਖਣ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ। ਇਸ ਮੌਕੇ ਪਾਰਟੀ ਆਗੂਆਂ ਨੇ ਕਿਹਾ ਕਿ ਜੰਗ ਕਿਸੇ ਵੀ ਸਮੱਸਿਆ ਦਾ ਹੱਲ ਨਹੀਂ ਹੁੰਦੀ, ਸਗੋਂ ਇਸ ਦਾ ਸਭ ਤੋਂ ਵੱਡਾ ਨੁਕਸਾਨ ਆਮ ਲੋਕਾਂ, ਕਿਸਾਨਾਂ, ਮਜ਼ਦੂਰਾਂ ਅਤੇ ਗਰੀਬ ਵਰਗ ਨੂੰ ਝੱਲਣਾ ਪੈਂਦਾ ਹੈ। ਪਾਰਟੀ ਵੱਲੋਂ ਜਾਰੀ ਕੀਤੀ ਗਈ ਅਪੀਲ ਵਿੱਚ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਅਤੇ ਪਾਕਿਸਤਾਨ ਸਰਕਾਰ ਦਾ ਧੰਨਵਾਦ ਕੀਤਾ ਗਿਆ, ਜਿਨ੍ਹਾਂ ਨੇ ਮੱਧ ਪੂਰਬ ਵਿੱਚ ਵਧ ਰਹੇ ਜੰਗੀ ਤਣਾਅ ਨੂੰ ਘਟਾਉਣ ਅਤੇ ਅਮਨ ਦੀਆਂ ਕੋਸ਼ਿਸ਼ਾਂ ਨੂੰ ਮਜ਼ਬੂਤ ਕਰਨ ਲਈ ਆਪਣੀ ਭੂਮਿਕਾ ਨਿਭਾਈ ਹੈ। ਉਨ੍ਹਾਂ ਨੇ ਕਿਹਾ ਕਿ ਜੇਕਰ ਜੰਗੀ ਟਕਰਾਅ ਹੋਰ ਵਧਦਾ ਤਾਂ ਇਸ ਦਾ ਸਿੱਧਾ ਪ੍ਰਭਾਵ ਦੁਨੀਆ ਭਰ ਦੀ ਅਰਥਵਿਵਸਥਾ 'ਤੇ ਪੈਂਦਾ ਅਤੇ ਤੇਲ, ਗੈਸ, ਆਵਾਜਾਈ ਅਤੇ ਹੋਰ ਜ਼ਰੂਰੀ ਵਸਤੂਆਂ ਦੀਆਂ ਕੀਮਤਾਂ ਵਿੱਚ ਭਾਰੀ ਵਾਧਾ ਹੋ ਸਕਦਾ ਸੀ, ਜਿਸ ਦਾ ਸਭ ਤੋਂ ਵੱਧ ਬੋਝ ਭਾਰਤ ਦੇ ਗਰੀਬ ਅਤੇ ਮੱਧ ਵਰਗ ਦੇ ਲੋਕਾਂ 'ਤੇ ਪੈਂਣਾ ਸੀ।ਇਮਾਨ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੀ ਤਰੱਕੀ ਅਤੇ ਖੁਸ਼ਹਾਲੀ ਦਾ ਰਾਹ ਜੰਗਾਂ ਵਿੱਚ ਨਹੀਂ, ਸਗੋਂ ਅਮਨ, ਵਪਾਰ ਅਤੇ ਆਪਸੀ ਸਹਿਯੋਗ ਵਿੱਚ ਹੈ।

ਉਨ੍ਹਾਂ ਕਿਹਾ ਕਿ ਜਦੋਂ ਵੀ ਭਾਰਤ ਅਤੇ ਪਾਕਿਸਤਾਨ ਦਰਮਿਆਨ ਤਣਾਅ ਪੈਦਾ ਹੁੰਦਾ ਹੈ ਤਾਂ ਇਸ ਦੀ ਸਭ ਤੋਂ ਵੱਡੀ ਕੀਮਤ ਦੋਵਾਂ ਪਾਸਿਆਂ ਦੇ ਪੰਜਾਬੀਆਂ ਨੂੰ ਚੁਕਾਉਣੀ ਪੈਂਦੀ ਹੈ। ਸਰਹੱਦੀ ਇਲਾਕਿਆਂ ਵਿੱਚ ਵਪਾਰਕ ਗਤੀਵਿਧੀਆਂ ਪ੍ਰਭਾਵਿਤ ਹੁੰਦੀਆਂ ਹਨ, ਨਿਵੇਸ਼ ਘਟਦਾ ਹੈ ਅਤੇ ਵਿਕਾਸ ਦੇ ਮੌਕੇ ਰੁਕ ਜਾਂਦੇ ਹਨ। ਇਸ ਦੇ ਉਲਟ ਜੇਕਰ ਖੇਤਰ ਵਿੱਚ ਅਮਨ ਅਤੇ ਸਥਿਰਤਾ ਹੋਵੇ ਤਾਂ ਪੰਜਾਬ ਦੁਬਾਰਾ ਦੱਖਣੀ ਏਸ਼ੀਆ ਅਤੇ ਮੱਧ ਏਸ਼ੀਆ ਦੇ ਦੇਸ਼ਾਂ ਵਿਚਕਾਰ ਵਪਾਰਕ ਦਰਵਾਜ਼ੇ ਵਜੋਂ ਆਪਣੀ ਅਹਿਮ ਭੂਮਿਕਾ ਨਿਭਾ ਸਕਦਾ ਹੈ। ਉਨ੍ਹਾਂ ਕਿਹਾ ਕਿ ਅਟਾਰੀ-ਵਾਹਘਾ ਸਰਹੱਦ ਰਾਹੀਂ ਵਪਾਰ ਨੂੰ ਹੋਰ ਉਤਸ਼ਾਹਿਤ ਕਰਨ ਨਾਲ ਆਵਾਜਾਈ, ਖੇਤੀਬਾੜੀ, ਉਦਯੋਗ, ਗੋਦਾਮਬੰਦੀ ਅਤੇ ਛੋਟੇ ਕਾਰੋਬਾਰਾਂ ਵਿੱਚ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਹੋ ਸਕਦੇ ਹਨ। ਇਸ ਨਾਲ ਪੰਜਾਬ ਦੀ ਆਰਥਿਕਤਾ ਨੂੰ ਵੀ ਨਵੀਂ ਤਾਕਤ ਮਿਲੇਗੀ ਅਤੇ ਨੌਜਵਾਨਾਂ ਲਈ ਰੋਜ਼ਗਾਰ ਦੇ ਰਾਹ ਖੁੱਲ੍ਹਣਗੇ।ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਭਾਰਤ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਖੇਤਰ ਵਿੱਚ ਅਮਨ ਬਣਾਈ ਰੱਖਣ। ਪਾਰਟੀ ਨੇ ਕਿਹਾ ਕਿ ਭਾਰਤ ਅਤੇ ਪਾਕਿਸਤਾਨ ਨੂੰ ਆਪਣੇ ਵਿਵਾਦ ਗੱਲਬਾਤ, ਆਪਸੀ ਸਤਿਕਾਰ ਅਤੇ ਸਹਿਯੋਗ ਰਾਹੀਂ ਹੱਲ ਕਰਨੇ ਚਾਹੀਦੇ ਹਨ, ਕਿਉਂਕਿ ਅਮਨ ਹੀ ਖੁਸ਼ਹਾਲੀ ਅਤੇ ਲੋਕ ਭਲਾਈ ਦਾ ਆਧਾਰ ਹੈ। ਅਪੀਲ ਦੇ ਅੰਤ ਵਿੱਚ ਪਾਰਟੀ ਆਗੂਆਂ ਨੇ ਕਿਹਾ ਕਿ ਪੰਜਾਬ ਨੂੰ ਜੰਗ ਦੀ ਸਰਹੱਦ ਨਹੀਂ, ਸਗੋਂ ਵਪਾਰ, ਉਦਯੋਗ, ਊਰਜਾ ਅਤੇ ਖੁਸ਼ਹਾਲੀ ਦਾ ਦਰਵਾਜ਼ਾ ਬਣਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਭਵਿੱਖ ਟਕਰਾਅ ਦਾ ਨਹੀਂ, ਸਗੋਂ ਅਮਨ, ਤਰੱਕੀ ਅਤੇ ਮਨੁੱਖੀ ਭਲਾਈ ਦਾ ਹੈ। ਇਸ ਮੌਕੇ ਅਮਰੀਕ ਸਿੰਘ ਨੰਗਲ, ਸ਼ਮਸ਼ੇਰ ਸਿੰਘ ਬਰਾੜ, ਹਰਜੀਤ ਸਿੰਘ ਮੀਆਪੁਰ, ਦਲਜੀਤ ਸਿੰਘ ਬਾਜਵਾ, ਹਰਮਨਦੀਪ ਸਿੰਘ ਸੁਲਤਾਨਵਿੰਡ, ਨੰਬਰਦਾਰ ਗੁਰਮੇਲ ਸਿੰਘ, ਪਰਮਜੀਤ ਸਿੰਘ ਖਾਸਾ, ਕੁਲਵੰਤ ਸਿੰਘ ਕੋਟਲਾ, ਰਵੀ ਸ਼ੇਰ ਸਿੰਘ, ਜੋਬਨਜੀਤ ਸਿੰਘ ਤੇ ਹੋਰ ਹਾਜ਼ਰ ਸਨ।

# ਬੂਥ ਲੈਵਲ ਏਜੰਟਾਂ (ਬੀਐਲਏਜ) ਲਈ ਔਰੀਐਂਟੇਸ਼ਨ ਪ੍ਰੋਗਰਾਮ



**ਪਟਿਆਲਾ, 23 ਜੂਨ**
**-ਅਰਸ਼ਦੀਪ ਸਿੰਘ-**

ਭਾਰਤ ਚੋਣ ਕਮਿਸ਼ਨ, ਵੱਲੋਂ ਚਲਾਈ ਜਾ ਰਹੀ ਵਿਸ਼ੇਸ਼ ਗਹਿਰੀ ਸੁਧਾਈ (ਐਸ ਆਈ ਆਰ) ਮੁਹਿੰਮ ਤਹਿਤ ਵਿਧਾਨ ਸਭਾ ਹਲਕਾ 115-ਪਟਿਆਲਾ ਵਿਖੇ ਵੱਖ-ਵੱਖ ਪਾਰਟੀਆਂ ਦੇ ਬੂਥ ਲੈਵਲ ਏਜੰਟਾਂ (ਬੀਐਲਏਜ) ਲਈ ਕਰਵਾਏ ਔਰੀਐਂਟੇਸ਼ਨ ਪ੍ਰੋਗਰਾਮ ਦੌਰਾਨ ਵਧੀਕ ਮੁੱਖ ਚੋਣ ਅਫਸਰ, ਪੰਜਾਬ ਸ਼੍ਰੀ ਅਮਨਦੀਪ ਬਾਂਸਲ ਨੇ ਟ੍ਰੇਨਿੰਗ ਦਾ ਜਾਇਜ਼ਾ ਲਿਆ। ਇਸ ਮੌਕੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ (ਈਆਰਓ) ਗੁਰਦੇਵ ਸਿੰਘ, ਤਹਿਸੀਲਦਾਰ ਚੋਣਾਂ ਵਿਜੈ ਕੁਮਾਰ ਚੌਧਰੀ, ਏ.ਈ.ਆਰ.ਓ.-1 ਕਮ- ਨਾਇਬ ਤਹਿਸੀਲਦਾਰ ਕਰਨਬੀਰ ਸਿੰਘ ਮਾਨ, ਅਸੈਂਬਲੀ ਲੈਵਲ ਮਾਸਟਰ ਟ੍ਰੇਨਰ ਧਰਮਿੰਦਰ ਸਿੰਘ, ਚੋਣ ਕਾਨੂੰਗੋ ਪ੍ਰੀਤੀ ਸ਼ਰਮਾ ਇਲੈਕਸ਼ਨ ਇੰਚਾਰਜ ਗੁਰਦੇਵ ਸਿੰਘ ਵੀ ਹਾਜ਼ਰ ਸਨ।

# ਪੰਜਾਬ ਟ੍ਰੇਡ ਕਮਿਸ਼ਨ ਦੇ ਵਾਈਸ ਚੇਅਰਮੈਨ ਗੁਰਪ੍ਰੀਤ ਸਿੰਘ ਧਮੋਲੀ ਅਤੇ ਡੀ ਐਸ ਪੀ ਮਨਜੀਤ ਸਿੰਘ ਨੇ ਕੀਤੀ ਕੱਪੜਾ ਮਾਰਕੀਟ ਦੇ ਦੁਕਾਨਦਾਰਾਂ ਨਾਲ ਮੁਲਾਕਾਤ

**ਰਾਜਪੁਰਾ, 23 ਜੂਨ**
**-ਸ਼.ਅ.ਬਿਓਰੋ-**



ਅੱਜ ਪੰਜਾਬ ਟ੍ਰੇਡ ਕਮਿਸ਼ਨ ਦੀ ਇਕ ਮੀਟਿੰਗ ਕੱਪੜਾ ਮਾਰਕੀਟ ਵਿੱਚ ਸਤਵਿੰਦਰ ਸਿੰਘ ਮੁੰਜਾਲ ਦੀ ਅਗਵਾਈ ਹੇਠ ਹੋਈ। ਜਿਸ ਵਿਚ ਪੰਜਾਬ ਟ੍ਰੇਡ ਕਮਿਸ਼ਨ ਦੇ ਵਾਈਸ ਚੇਅਰਮੈਨ ਗੁਰਪ੍ਰੀਤ ਸਿੰਘ ਧਮੋਲੀ ਅਤੇ ਹਲਕਾ ਚੇਅਰਮੈਨ ਟਿੰਕੂ ਬਾਂਸਲ ਨੇ ਕਪੜਾ ਮਾਰਕੀਟ ਦੇ ਦੁਕਾਨਦਾਰਾਂ ਨਾਲ ਪੁਲਸ ਪ੍ਰਸ਼ਾਸਨ ਦੇ ਉੱਚ ਅਧਿਕਾਰੀ ਡੀ ਐਸ ਪੀ ਮਨਜੀਤ ਸਿੰਘ, ਐਸ ਐਚ ਓ ਗੁਰਸੇਵਕ ਸਿੰਘ ਨਾਲ ਪੁਲਸ ਵਪਾਰਕ ਮਿਲਣੀ ਕਰਵਾਈ। ਇਸ ਮੌਕੇ ਦੁਕਾਨਦਾਰਾਂ ਨੇ ਆਪਣੀਆਂ ਸਮੱਸਿਆਵਾਂ ਦੱਸੀਆਂ, ਜਿਸ ਵਿਚ ਮੁੱਖ ਤੌਰ 'ਤੇ ਪੀ ਸੀ ਆਰ ਦਾ ਰਾਤ ਵੇਲੇ ਗੇੜਾ ਵਧਾਉਣ ਅਤੇ ਨਗਰ ਕੌਂਸਲ ਵਲੋਂ ਮਾਰਕੀਟ ਵਿੱਚ ਕੈਮਰੇ ਲਗਾਉਣ ਦੀ ਮੰਗ ਰੱਖੀ ਗਈ।

ਇਸ ਮੌਕੇ ਡੀ ਐਸ ਪੀ ਨੇ ਪੀ ਸੀ ਆਰ ਇੰਚਾਰਜ ਨੂੰ ਗੇੜੇ ਵਧਾਉਣ ਦੀ ਹਦਾਇਤ ਜਾਰੀ ਕੀਤੀ ਅਤੇ ਪੰਜਾਬ ਟ੍ਰੇਡ ਕਮਿਸ਼ਨ ਦੇ ਵਾਈਸ ਚੇਅਰਮੈਨ ਗੁਰਪ੍ਰੀਤ ਸਿੰਘ ਧਮੋਲੀ ਨੇ ਕਿਹਾ ਕਿ ਕੈਮਰੇ ਅਤੇ ਹੋਰ ਜੋ ਵੀ ਕੰਮ ਹਨ ਉਹ ਜਲਦ ਕਰਵਾ ਦਿੱਤੇ ਜਾਣਗੇ।

ਇਸ ਮੌਕੇ ਗੁਰਪ੍ਰੀਤ ਸਿੰਘ ਧਮੋਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਟ੍ਰੇਡ ਕਮਿਸ਼ਨ ਖੁਦ ਆਪ ਜੇ ਛੋਟੇ ਤੋਂ ਛੋਟੇ ਦੁਕਾਨਦਾਰ ਦੀ ਹਰ ਤਰਾਂ ਦੀ ਸਮੱਸਿਆ ਸੁਣ ਕੇ ਹੱਲ ਕਰਵਾ ਰਿਹਾ ਹੈ। ਇਸ ਮੌਕੇ ਪੰਜਾਬ ਟਰੇਡ ਕਮਿਸ਼ਨ ਹਲਕਾ ਮੈਂਬਰ ਮੁਕੇਸ਼ ਗੁਪਤਾ, ਕੀਰਤ ਸਿੰਘ ਸੇਹਰਾ, ਬਲਾਕ ਸੰਮਤੀ ਮੈਂਬਰ ਅਤੇ ਕਿਸਾਨ ਵਿੰਗ ਦੇ ਹਲਕਾ ਇੰਚਾਰਜ ਜਸਪਾਲ ਸਿੰਘ ਪਿਲਖਣੀ, ਮਾਰਕੀਟ ਦੇ ਦੁਕਾਨਦਾਰ ਕੁਲਵਿੰਦਰ ਸਿੰਘ, ਸੇਠੀ ਟੇਲਰ, ਸਤਪਾਲ, ਸਰਬਜੀਤ ਸਿੰਘ ਅਨੇਜਾ, ਮਨੋਜ ਕੁਮਾਰ, ਦਮਨ ਸਿੰਘ ਤੇ ਵੱਡੀ ਗਿਣਤੀ ਦੁਕਾਨਦਾਰ ਹਾਜ਼ਰ ਸਨ।

# ਮਾਤਾ ਸ਼੍ਰੀ ਕਾਲੀ ਦੇਵੀ ਮੰਦਿਰ ਦਾ ਨਿਰਮਾਣ ਜਲਦ ਹੋਏਗਾ ਪੂਰਾ : ਹਰਪਾਲ ਜੁਨੇਜਾ

**ਪਟਿਆਲਾ, 23 ਜੂਨ**
**-ਛਤਰਪਾਲ ਸਿੰਘ-**



ਅੱਜ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ਼੍ਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਯਤਨਾਂ ਸਦਕਾ ਮਾਤਾ ਸ਼੍ਰੀ ਕਾਲੀ ਦੇਵੀ ਮੰਦਿਰ ਦਾ ਜੋ ਨਿਰਮਾਣ ਤੇਜ ਰਫਤਾਰ ਨਾਲ ਚਾਲ ਰਿਹਾ ਹੈ। ਇਸ ਦੇ ਸਬੰਧ ਵਿਚ ਪੀ ਆਰ ਟੀ ਸੀ ਚੇਅਰਮੈਨ ਹਰਪਾਲ ਜੁਨੇਜਾ ਨੇ ਐੱਸ. ਡੀ. ਕੇ ਐੱਸ ਸਭਾ ਦੇ ਪ੍ਰਧਾਨ ਸ਼੍ਰੀ ਬਾਲ ਕ੍ਰਿਸ਼ਨ ਸਿੰਗਲਾ ਨਾਲ ਦੌਰਾ ਕੀਤਾ। ਇਸ ਮੌਕੇ ਚੇਅਰਮੈਨ ਹਰਪਾਲ ਜੁਨੇਜਾ ਨੇ ਕਿਹਾ ਕੇ ਮਾਤਾ ਸ਼੍ਰੀ ਕਾਲੀ ਦੇਵੀ ਮੰਦਿਰ ਦੀ ਉਸਾਰੀ ਦਾ ਕੰਮ ਬਹੁਤ ਤੇਜੀ ਅਤੇ ਆਧੁਨਿਕ ਤਰੀਕੇ ਨਾਲ ਚਲ ਰਿਹਾ ਹੈ ਅਤੇ ਜਲਦ ਸੰਗਤਾਂ ਦੇ ਸਪੁਰਧ ਕਰ ਦਿੱਤੋ ਜਾਵੇਗਾ।ਉਨ੍ਹਾਂ ਕਿਹਾ ਕੇ ਮਾਤਾ ਦੇ ਦਰਸ਼ਨ ਕਰਨ ਲਈ ਬੜੀ ਆਸਥਾ ਦੇ ਨਾਲ ਸੰਗਤ ਆਉਂਦੀਆਂ ਹਨ। ਇਸ ਮੌਕੇ ਸਭਾ ਦੇ ਪ੍ਰਧਾਨ ਬਾਲ ਕ੍ਰਿਸ਼ਨ ਸਿੰਗਲਾ ਨੇ ਕਿਹਾ ਕੇ ਪੰਜਾਬ ਦੇ ਮੁੱਖ ਮੰਤਰੀ ਨੇ ਜੋ ਮੰਦਿਰ ਦੇ ਨਿਰਮਾਣ ਲਈ ਉਪਰਾਲਾ ਕੀਤਾ ਹੈ ਉਹ ਰਹਿੰਦੀ ਦੁਨੀਆਂ ਤਕ ਸੰਗਤਾਂ ਯਾਦ ਰੱਖਣਗੀਆ। ਇਸ ਤੋਂ ਪਹਿਲਾ ਬਾਕੀ ਸਰਕਾਰਾਂ ਨੇ ਸਿਰਫ ਵਾਅਦੇ ਹੀ ਕੀਤੇ ਸਨ ਪਰ ਮਾਨ ਸਰਕਾਰ ਨੇ ਜੋ ਕਿਹਾ ਉਹ ਕੀਤਾ ਜਿਸ ਦਾ ਸਾਰਾ ਸਮਾਜ ਧੰਨਵਾਦੀ ਹੈ। ਇਸ ਮੌਕੇ ਸਭਾ ਦੇ ਅਹੁਦੇਦਾਰ ਸੰਜੇ ਸਿੰਗਲਾ, ਦੇਵੀ ਦਾਸ ਗੋਇਲ, ਰਾਜੀਵ ਗੋਇਲ, ਕੁਲਦੀਪ ਗਰਗ, ਵਿਜੈ ਗੋਇਲ, ਉਰਮਿਲਾ ਪੁਰੀ, ਨੀਨਾ ਗੁਪਤਾ, ਪਵਨ ਗੋਇਲ ਵੀ ਰਾਜੇਸ਼ ਸਿੰਗਲਾ ਹਾਜਰ ਸਨ।

### ਪੈਦਲ ਚੱਲਣ ਦੇ ਅਧਿਕਾਰ ਬਾਰੇ ਸੁਪਰੀਮ ਕੋਰਟ ਦਾ ਫੈਸਲਾ ਮੀਤ ਹੇਅਰ ਵੱਲੋਂ ਸੰਸਦ ਵਿੱਚ ਚੁੱਕੇ ਮੁੱਦਿਆਂ ਦੀ ਦਰੁਸਤਗੀ ਦਾ ਸਬੂਤ

# ਕੇਂਦਰ ਨੇ ਲੋਕ ਸਭਾ ਵਿੱਚ ਉਠਾਈਆਂ ਗਈਆਂ ਚਿੰਤਾਵਾਂ ਦੇ ਬਾਵਜੂਦ ਅਸਪਸ਼ਟ ਜਵਾਬ ਦਿੱਤਾ: ਮੀਤ ਹੇਅਰ

**ਚੰਡੀਗੜ੍ਹ, 23 ਜੂਨ**
**-ਸੰਜੀਵ ਸ਼ਰਮਾ-**

ਆਮ ਆਦਮੀ ਪਾਰਟੀ ਦੇ ਸੰਗਰੂਰ ਤੋਂ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਮਾਣਯੋਗ ਸੁਪਰੀਮ ਕੋਰਟ ਦੇ ਹਾਲ ਹੀ ਦੇ ਫੈਸਲੇ ਦਾ ਸਵਾਗਤ ਕੀਤਾ ਹੈ, ਜਿਸ ਵਿੱਚ ਪੈਦਲ ਚੱਲਣ ਵਾਲਿਆਂ ਲਈ ਫੁੱਟਪਾਥਾਂ ਦੀ ਵਰਤੋਂ ਕਰਨ ਦੇ ਅਧਿਕਾਰ ਨੂੰ ਮੌਲਿਕ ਅਧਿਕਾਰ ਵਜੋਂ ਮਾਨਤਾ ਦਿੱਤੀ ਗਈ ਹੈ। ਉਨ੍ਹਾਂ ਇਸਨੂੰ ਇਤਿਹਾਸਕ ਫੈਸਲਾ ਦੱਸਦਿਆਂ ਕਿਹਾ ਕਿ ਇਹ ਫੈਸਲਾ ਹਰੇਕ ਨਾਗਰਿਕ ਲਈ ਸੁਰੱਖਿਅਤ ਅਤੇ ਸਨਮਾਨਜਨਕ ਸੰਵਿਧਾਨਕ ਗਰੰਟੀ ਨੂੰ ਮਜ਼ਬੂਤ ਕਰਦਾ ਹੈ।

ਮੀਤ ਹੇਅਰ ਨੇ ਕਿਹਾ ਕਿ ਇਸ ਫੈਸਲੇ ਨੇ ਰਾਸ਼ਟਰੀ ਰਾਜਮਾਰਗਾਂ 'ਤੇ ਪੈਦਲ ਚੱਲਣ ਵਾਲਿਆਂ, ਸਾਈਕਲ ਸਵਾਰਾਂ ਅਤੇ ਹੋਰ ਗੈਰ-ਮੋਟਰਾਈਜ਼ਡ ਸੜਕ ਉਪਭੋਗਤਾਵਾਂ ਦੀ ਸੁਰੱਖਿਆ ਅਤੇ ਆਵਾਜਾਈ ਦੇ ਅਧਿਕਾਰਾਂ ਬਾਰੇ ਲੋਕ ਸਭਾ ਵਿੱਚ ਉਠਾਈਆਂ ਗਈਆਂ ਚਿੰਤਾਵਾਂ ਨੂੰ ਕਾਫ਼ੀ ਬਲ ਦਿੱਤਾ ਹੈ।

ਸੰਸਦ ਮੈਂਬਰ ਨੇ ਦੱਸਿਆ ਕਿ ਉਨ੍ਹਾਂ ਨੇ 31 ਜੁਲਾਈ, 2025 ਨੂੰ ਸੰਸਦ ਵਿੱਚ ਪ੍ਰਸ਼ਨ ਕਾਲ ਰਾਹੀਂ ਇਹ ਮੁੱਦਾ ਚੁੱਕਿਆ ਸੀ, ਜਿਸ ਵਿੱਚ ਕੇਂਦਰ ਸਰਕਾਰ ਤੋਂ ਸਪੱਸ਼ਟਤਾ ਮੰਗੀ ਗਈ ਸੀ ਕਿ ਕੀ ਸਰਕਾਰ ਰਾਸ਼ਟਰੀ ਰਾਜਮਾਰਗਾਂ ਦੇ ਨਾਲ-ਨਾਲ ਜਾਂ ਇਨ੍ਹਾਂ ਮਾਰਗਾਂ ਉੱਤੇ ਪੈਦਲ ਚੱਲਣ ਵਾਲਿਆਂ, ਸਾਈਕਲ ਸਵਾਰਾਂ ਅਤੇ ਗੈਰ-ਮੋਟਰਾਈਜ਼ਡ ਉਪਭੋਗਤਾਵਾਂ ਦੀ ਸੁਰੱਖਿਅਤ ਆਵਾਜਾਈ ਦੇ ਅਧਿਕਾਰ ਨੂੰ ਮਾਨਤਾ ਦਿੰਦੀ ਹੈ ਅਤੇ ਕਮਜ਼ੋਰ ਸੜਕ ਉਪਭੋਗਤਾਵਾਂ ਲਈ ਸੁਰੱਖਿਅਤ ਅਤੇ ਪਹੁੰਚਯੋਗ ਬੁਨਿਆਦੀ ਢਾਂਚੇ ਨੂੰ ਯਕੀਨੀ ਬਣਾਉਣ ਲਈ ਕਿਹੜੇ ਉਪਾਅ ਕੀਤੇ ਜਾ ਰਹੇ ਹਨ।

ਮੀਤ ਹੇਅਰ ਨੇ ਕਿਹਾ, "ਬੜੀ ਮੰਦਭਾਗੀ ਗੱਲ ਹੈ ਕਿ ਇੰਨਾ ਗੰਭੀਰ ਮੁੱਦਾ ਹੋਣ ਦੇ ਬਾਵਜੂਦ ਕੇਂਦਰ ਸਰਕਾਰ ਨੇ ਇਸ ਦਾ ਬੜਾ ਅਸਪਸ਼ਟ ਅਤੇ ਪ੍ਰਕਿਰਿਆਤਮਕ ਜਵਾਬ ਦਿੱਤਾ। ਇਸ ਵਿੱਚ ਸੁਰੱਖਿਅਤ ਆਵਾਜਾਈ ਨੂੰ ਇੱਕ ਅਧਿਕਾਰ ਵਜੋਂ ਸਪੱਸ਼ਟ ਤੌਰ 'ਤੇ ਮਾਨਤਾ ਦਿੱਤੇ ਬਿਨਾਂ ਜਾਂ ਸਾਰੇ ਰਾਸ਼ਟਰੀ ਰਾਜਮਾਰਗਾਂ 'ਤੇ ਪੈਦਲ ਚੱਲਣ ਵਾਲਿਆਂ ਲਈ ਸੁਰੱਖਿਅਤ ਬੁਨਿਆਦੀ ਢਾਂਚੇ ਨੂੰ ਯਕੀਨੀ ਬਣਾਉਣ ਲਈ ਇੱਕ ਠੋਸ ਰੂਪਰੇਖਾ ਉਲੀਕੇ ਬਿਨਾਂ ਸਿਰਫ਼ ਮੌਜੂਦਾ ਦਿਸ਼ਾ-ਨਿਰਦੇਸ਼ਾਂ, ਸਰਵੇਖਣਾਂ ਅਤੇ ਸੜਕ ਸੁਰੱਖਿਆ ਆਡਿਟ ਦਾ ਹਵਾਲਾ ਦਿੱਤਾ ਗਿਆ ਹੈ, ਜੋ ਬੜਾ ਗ਼ੈਰ-ਵਾਜਿਬ ਜਾਪਦਾ ਹੈ।"

ਉਨ੍ਹਾਂ ਅੱਗੇ ਕਿਹਾ ਕਿ ਸੁਪਰੀਮ ਕੋਰਟ ਨੇ ਹੁਣ ਸਪੱਸ਼ਟ ਤੌਰ 'ਤੇ ਕਿਹਾ ਹੈ ਕਿ ਪੈਦਲ ਚੱਲਣ ਦਾ ਅਧਿਕਾਰ ਸੰਵਿਧਾਨ ਦੇ ਭਾਗ 3 ਤਹਿਤ ਇੱਕ ਮੌਲਿਕ ਅਧਿਕਾਰ ਹੈ ਅਤੇ ਸਰਕਾਰ ਵੱਲੋਂ ਇਸ ਨੂੰ ਬਹੁਤ ਪਹਿਲਾਂ ਹੀ ਮਾਨਤਾ ਦੇ ਦਿੱਤੀ ਜਾਣੀ ਚਾਹੀਦੀ ਸੀ।

ਉਨ੍ਹਾਂ ਕਿਹਾ, "ਸੁਪਰੀਮ ਕੋਰਟ ਦਾ ਫ਼ੈਸਲਾ ਲੱਖਾਂ ਪੈਦਲ ਚੱਲਣ ਵਾਲਿਆਂ, ਸਾਈਕਲ ਸਵਾਰਾਂ, ਬਜ਼ੁਰਗਾਂ, ਔਰਤਾਂ, ਬੱਚਿਆਂ ਅਤੇ ਦਿਵਿਆਂਗਜਨਾਂ ਲਈ ਉਮੀਦ ਦੀ ਇੱਕ ਨਵੀਂ ਕਿਰਨ ਲੈ ਕੇ ਆਇਆ ਹੈ। ਇਹ ਫ਼ੈਸਲਾ ਯਕੀਨੀ ਬਣਾਉਂਦਾ ਹੈ ਕਿ ਦੇਸ਼ ਵਿੱਚ ਸੜਕੀ ਬੁਨਿਆਦੀ ਢਾਂਚਾ ਸਿਰਫ਼ ਵਾਹਨਾਂ ਲਈ ਹੀ ਨਹੀਂ ਸਗੋਂ ਲੋਕਾਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤਾ ਜਾਵੇ।"



ਮੀਤ ਹੇਅਰ ਨੇ ਅੱਗੇ ਕਿਹਾ ਕਿ ਇਹ ਫ਼ੈਸਲਾ ਆਵਾਜਾਈ ਦੇ ਸੰਵਿਧਾਨਕ ਅਧਿਕਾਰ ਨੂੰ ਲਾਗੂ ਕਰਨ ਵਿੱਚ ਇੱਕ ਮੀਲ ਪੱਥਰ ਸਾਬਤ ਹੋਵੇਗਾ ਅਤੇ ਭਵਿੱਖ ਦੇ ਪ੍ਰੋਜੈਕਟਾਂ ਵਿੱਚ ਹਰ ਪੱਧਰ 'ਤੇ ਅਧਿਕਾਰੀਆਂ ਨੂੰ ਫੁੱਟਪਾਥਾਂ, ਸੁਰੱਖਿਅਤ ਕਰਾਸਿੰਗ, ਹਰੇਕ ਸਥਾਨ ਤੱਕ ਸੁਖਾਲੀ ਪਹੁੰਚ ਅਤੇ ਪੈਦਲ ਚੱਲਣ ਵਾਲਿਆਂ ਲਈ ਹੋਰ ਲੋੜੀਂਦੇ ਬੁਨਿਆਦੀ ਢਾਂਚੇ ਨੂੰ ਤਰਜੀਹ ਦੇਣ ਵਾਸਤੇ ਉਤਸ਼ਾਹਿਤ ਕਰੇਗਾ।

ਜ਼ਿਕਰਯੋਗ ਹੈ ਕਿ ਜਸਟਿਸ ਪੀ.ਐਸ. ਨਰਸਿਮਹਾ ਅਤੇ ਜਸਟਿਸ ਏ.ਐਸ. ਚੰਦੂਰਕਰ ਦੀ ਬੈਂਚ ਨੇ ਦੱਸਿਆ, " ਸੰਵਿਧਾਨ ਦੇ ਭਾਗ 3 ਤਹਿਤ ਪੈਦਲ ਚੱਲਣਾ ਇੱਕ ਮੌਲਿਕ ਅਧਿਕਾਰ ਹੈ।

ਇਹ ਭਾਰਤ ਦੇ ਸੰਵਿਧਾਨ ਦੇ ਅਨੁਛੇਦ 19(1)(ਡੀ) ਤਹਿਤ ਆਵਾਜਾਈ ਦੇ ਅਧਿਕਾਰ ਦਾ ਇੱਕ ਅਨਿੱਖੜਵਾਂ ਅੰਗ ਹੈ, ਜਿਸਨੂੰ ਅਨੁਛੇਦ 19(1)(ਏ), ਅਨੁਛੇਦ 19(1)(ਬੀ), ਅਨੁਛੇਦ 19(1)(ਸੀ) ਅਤੇ ਅਨੁਛੇਦ 21 ਦੇ ਨਾਲ ਪੜ੍ਹਿਆ ਜਾਣਾ ਚਾਹੀਦਾ ਹੈ।"

# ਝੋਨੇ ਦੀ ਸਿੱਧੀ ਬਿਜਾਈ ਦੀ ਰਜਿਸਟ੍ਰੇਸ਼ਨ ਦੀ ਆਖਿਰੀ ਮਿਤੀ 25 ਜੂਨ

**ਫਾਜਿਲਕਾ, 23 ਜੂਨ**
**-ਸ਼.ਅ.ਬਿਓਰੋ-**

ਪੰਜਾਬ ਸਰਕਾਰ ਵੱਲੋਂ ਪਾਣੀ ਦੀ ਬਚੱਤ ਦੇ ਉਦੇਸ਼ ਨਾਲ ਝੋਨੇ ਦੀ ਸਿੱਧੀ ਬਿਜਾਈ ਕਰਨ ਨੂੰ ਪਹਿਲ ਦੇਣ ਦੇ ਦਿੱਤੇ ਸੱਦੇ ਤੇ ਜਿਲ੍ਹੇ ਦੇ ਕਿਸਾਨਾਂ ਨੇ ਵੱਡੇ ਪੱਧਰ ਤੇ ਝੋਨੇ ਦੀ ਸਿੱਧੀ ਬਿਜਾਈ ਕੀਤੀ ਹੈਂ।ਇਸ ਸਮੇਂ ਜਿਲ੍ਹਾ ਫਾਜਿਲਕਾ ਝੋਨੇ ਦੀ ਸਿੱਧੀ ਬਿਜਾਈ ਕਰਨ ਵਿੱਚ ਪੰਜਾਬ ਵਿੱਚ ਮੋਹਰੀ ਹੈ। ਜਿਲ੍ਹਾ ਫਾਜਿਲਕਾ ਵਿੱਚ 8513 ਕਿਸਾਨਾਂ ਨੇ ਪੋਰਟਲ ਉੱਤੇ 106913.72 ਏਕੜ ਰਕਬੇ ਲਈ ਰਜਿਸਟਰ ਕੀਤਾ ਹੈ,ਜਦਕਿ ਸ਼੍ਰੀ ਮੁਕਤਸਰ ਸਾਹਿਬ 69091.05 ਏਕੜ ਦਰਜ ਕਰਕੇ ਦੂਜੇ ਨੰਬਰ ਤੇ ਹੈ।ਇਹ ਜਾਣਕਾਰੀ ਮੁੱਖ ਖੇਤੀਬਾੜੀ ਅਫਸਰ,ਫਾਜਿਲਕਾ ਡਾ.ਕੁਲਵੰਤ ਸਿੰਘ ਨੇ ਦਿੱਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋ ਪੋਰਟਲ ਉੱਤੇ ਸਿੱਧੀ ਬਿਜਾਈ ਸਬੰਧੀ ਪ੍ਰੋਤਸਾਹਨ ਰਾਸ਼ੀ ਪ੍ਰਾਪਤ ਕਰਨ ਲਈ ਰਜਿਸਟ੍ਰੇਸ਼ਨ ਵਾਸਤੇ ਮਿਤੀ 15/06/2026 ਤੋਂ ਵੱਧਾ ਕੇ 25/06/2026 ਨਿਸ਼ਚਿਤ ਕੀਤੀ ਗਈ ਹੈ।ਪੰਜਾਬ ਸਰਕਾਰ ਦੁਆਰਾ ਸਿੱਧੀ ਬਿਜਾਈ ਨੂੰ ਉਤਸਾਹਿਤ ਕਰਨ ਲਈ 1500/- ਰੁਪਏ ਪ੍ਰਤੀ ਏਕੜ ਪ੍ਰੋਤਸ਼ਾਹਨ ਰਾਸ਼ੀ ਦਿੱਤੀ ਜਾਂਦੀ ਹੈਂ।ਸਿੱਧੀ ਬਿਜਾਈ ਕਰਨ ਨਾਲ ਜਿੱਥੇ ਪਾਣੀ ਦੀ ਬੱਚਤ ਹੁੰਦੀ ਹੈ, ਉੱਥੇ 1500/- ਰੁਪਏ ਪ੍ਰਤੀ ਏਕੜ ਪ੍ਰੋਤਸ਼ਾਹਨ ਰਾਸ਼ੀ ਵੀ ਸਰਕਾਰ ਵੱਲੋ ਦਿੱਤੀ ਜਾਂਦੀ ਹੈਂ। ਮੁੱਖ ਖੇਤੀਬਾੜੀ ਅਫਸਰ,ਫਾਜਿਲਕਾ ਡਾ.ਕੁਲਵੰਤ ਸਿੰਘ ਨੇ ਕਿਹਾ ਕਿ ਜੇ ਕਿਸੇ ਕਿਸਾਨ ਵੀਰ ਨੇ ਅਜੇ ਤੱਕ ਸਿੱਧੀ ਬਿਜਾਈ ਦੀ ਪ੍ਰੋਤਸ਼ਾਹਨ ਰਾਸ਼ੀ ਪ੍ਰਾਪਤ ਕਰਨ ਲਈ ਪੋਰਟਲ ਉੱਤੇ ਰਜਿਸਟ੍ਰੇਸ਼ਨ ਨਹੀਂ ਕਰਵਾਇਆ ਹੈ ਤਾਂ ਉਹ ਆਪਣੀ ਰਜਿਸਟ੍ਰੇਸ਼ਨ ਪੋਰਟਲ ਉੱਤੇ ਤੁਰੰਤ ਕਰਵਾਉਣ।

# ਝਾੜ ਸਾਹਿਬ ਕਾਲਜ ਵਿਖੇ ਮਨਾਇਆ ਗਿਆ ਅੰਤਰ-ਰਾਸ਼ਟਰੀ ਯੋਗਾ ਦਿਵਸ



**ਮਾਛੀਵਾੜਾ ਸਾਹਿਬ, 23 ਜੂਨ**
**-ਸ਼.ਅ.ਬਿਓਰੋ-**

ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ ਦੇ ਪ੍ਰਿੰਸੀਪਲ ਡਾ.ਰਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਫਿਜ਼ੀਕਲ ਐਜੂਕੇਸ਼ਨ ਵਿਭਾਗ ਹੈਲਥ ਅਤੇ ਯੋਗਾ ਕਲੱਬ ਦੇ ਕਨਵੀਨਰ ਰਣਬੀਰ ਸਿੰਘ ਸੋਮਲ ਨੇ ਅੰਤਰਰਾਸ਼ਟਰੀ ਯੋਗਾ ਦਿਵਸ ਨੂੰ ਸਮਰਪਿਤ ਇਕ ਰੋਜ਼ਾ ਯੋਗਾ ਤੇ ਮੈਡੀਟੇਸ਼ਨ ਕੈਂਪ ਲਗਾਇਆ। ਜਿਸ ਵਿੱਚ ਕਾਲਜ ਦੀਆਂ ਵਿਦਿਆਰਥਣਾਂ ਅਤੇ ਸਟਾਫ ਨੇ ਵੱਧ ਚੜ੍ਹ ਕੇ ਹਿੱਸਾ ਲਿਆ। .ਰਣਬੀਰ ਸਿੰਘ ਵੱਲੋਂ ਇਸ ਮੌਕੇ ਵਿਦਿਆਰਥਣਾਂ ਨੂੰ ਵੱਖ-ਵੱਖ ਆਸਣ ਕਰਵਾਏ ਗਏ ਅਤੇ ਇਹਨਾਂ ਦੇ ਲਾਭ ਦਸਦੇ ਹੋਏ ਕਿਹਾ ਕਿ ਯੋਗ ਆਸਣ ਕਰਨ ਨਾਲ ਹਰ ਤਰ੍ਹਾਂ ਦੇ ਸਰੀਰਕ ਤੇ ਮਾਨਸਿਕ ਤਨਾਅ, ਲਹੂ ਦਾ ਦਬਾਅ, ਗੁੱਸਾ ਆਉਣਾ, ਪੇਟ ਰੋਗ ਤੋ ਛੁਟਕਾਰਾ ਮਿਲਦਾ ਹੈ ਤੇ ਸਰੀਰ 'ਚ ਊਰਜਾ ਦਾ ਸੰਚਾਰ ਹੁੰਦਾ ਹੈ।

ਉਹਨਾਂ ਇਕਾਗਰਤਾ ਅਤੇ ਧਿਆਨ ਬਾਰੇ ਵੀ ਦਸਿਆ ਅਤੇ ਉਸ ਸਬੰਧੀ ਆਸਨ ਵੀ ਕਰਵਾਏ ਗਏ । ਕਾਲਜ ਪ੍ਰਿੰ. ਰਜਿੰਦਰ ਕੌਰ ਨੇ ਯੋਗਾ ਦਿਵਸ ਦੀ ਮਹੱਤਤਾ ਦੱਸਦਿਆਂ ਕਿਹਾ ਕੀ ਅੱਜ ਦੇ ਆਧੁਨਿਕਤਾ ਦੇ ਯੁੱਗ ਵਿੱਚ ਯੋਗਾ ਆਸਣਾਂ ਦੇ ਮਾਧਿਅਮ ਨਾਲ ਹੀ ਸਰੀਰਕ ਤੇ ਮਾਨਸਿਕ ਬਿਮਾਰੀਆਂ ਤੋਂ ਆਸਾਨੀ ਨਾਲ ਨਿਜ਼ਾਤ ਪਾ ਸਕਦੇ ਹਾਂ। ਅੱਜ ਪੂਰੀ ਦੁਨੀਆ 'ਚ ਯੋਗਾ ਦਿਵਸ ਮਨਾਇਆ ਜਾ ਰਿਹਾ ਹੈ ਜਿਸ ਦਾ ਉਦੇਸ਼ ਦੁਨੀਆਂ ਨੂੰ ਯੋਗਾਂ ਦੇ ਲਾਭਾਂ ਪ੍ਰਤੀ ਜਾਗਰੂਕ ਕਰਨਾ ਹੈ। ਇਸ ਮੌਕੇ ਡਾ.ਰਣਜੀਤ ਕੌਰ, ਸ਼੍ਰੀਮਤੀ ਬਲਜਿੰਦਰ ਕੌਰ, ਪ੍ਰੋ.ਸੁਖਦੀਪ ਕੌਰ, ਪ੍ਰੋ.ਅਮਨਦੀਪ ਕੌਰ, ਪ੍ਰੋ.ਸਿਮਰਨਪ੍ਰੀਤ ਕੌਰ, ਸ਼੍ਰੀਮਤੀ ਕੁਲਵਿੰਦਰ ਕੌਰ, ਮੁਕੇਸ਼ ਸ਼ਰਮਾ, ਸੁਖਵੀਰ ਸਿੰਘ, ਰਜਿੰਦਰ ਸਿੰਘ ਵੀ ਹਾਜ਼ਰ ਸਨ ਅਤੇ ਅੰਤ ਵਿੱਚ ਸਭ ਦੀ ਚੰਗੀ ਸਿਹਤ ਅਤੇ ਤੰਦਰੁਸਤੀ ਦੀ ਕਾਮਨਾ ਕੀਤੀ ਗਈ।

# ਟਿੱਪਰ ਦੀ ਲਪੇਟ ਵਿੱਚ ਆਉਣ ਕਾਰਨ ਬਜ਼ੁਰਗ ਦੀ ਮੌਤ

**ਮਾਛੀਵਾੜਾ ਸਾਹਿਬ, 23 ਜੂਨ**
**-ਸ਼.ਅ.ਬਿਓਰੋ-**

ਮਾਛੀਵਾੜਾ ਨਵਾਂ ਸ਼ਹਿਰ ਰੋਡ ਤੇ ਲੱਖੋਵਾਲ ਨਜ਼ਦੀਕ ਟੀ ਪੁਆਇੰਟ ਤੇ ਵਾਪਰੇ ਕਾ ਸਵੇਰ ਸਮੇਂ ਵਾਪਰੇ ਇੱਕ ਹਾਦਸੇ ਵਿੱਚ ਲੁਬਾਣਗੜ੍ਹ ਵਾਸੀ ਦਰਸ਼ਨ ਸਿੰਘ ਦੀ ਮੌਤ ਹੋ ਗਈ।

ਪ੍ਰਾਪਤ ਜਾਣਕਾਰੀ ਅਨੁਸਾਰ ਦਰਸ਼ਨ ਸਿੰਘ (ਉਮਰ ਕਰੀਬ 80 ਸਾਲ ) ਆਪਣੀ ਸਕੂਟਰੀ ਤੇ ਮਾਛੀਵਾੜਾ ਸਾਹਿਬ ਤੋਂ ਆਪਣੇ ਕਿਸੇ ਨਿੱਜੀ ਕੰਮ ਕਰਨ ਉਪਰੰਤ ਵਾਪਸ ਲੁਬਾਣਗੜ੍ਹ ਨੂੰ ਆ ਰਿਹਾ ਸੀ, ਜਦੋਂ ਲੱਖੋਵਾਲ ਟੀ ਪੁਆਇੰਟ ਤੋਂ ਉਹ ਆਪਣੇ ਪਿੰਡ ਵਾਲੀ ਸਾਈਡ ਮੁੜ ਲੱਗਾ ਤਾਂ ਪਿੱਛੋਂ ਆ ਰਹੇ ਟਿੱਪਰ ਦੀ ਲਪੇਟ ਵਿੱਚ ਆ ਗਿਆ ਅਤੇ ਉਸਦੀ ਥਾਂ ਤੇ ਹੀ ਮੌਤ ਹੋ ਗਈ।

ਤਿੰਨ ਧੀਆਂ ਅਤੇ ਇੱਕ ਬੇਟੇ ਦਾ ਬਾਪ ਦਰਸ਼ਨ ਸਿੰਘ ਖੇਤੀਬਾੜੀ ਦਾ ਕਿੱਤਾ ਕਰਦਾ ਸੀ । ਪੁਲਿਸ ਵੱਲੋਂ ਮੌਕੇ ਤੇ ਆ ਕੇ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਅਤੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ। ਦਰਸ਼ਨ ਸਿੰਘ ਦਾ ਇੱਕੋ ਇੱਕ ਪੁੱਤਰ ਗੁਰਦੀਪ ਸਿੰਘ ਕੁਵੈਤ ਵਿੱਚ ਰੋਜੀ ਰੋਟੀ ਲਈ ਗਿਆ ਹੋਇਆ ਹੈ, ਜੋ ਕੱਲ੍ਹ ਸਵੇਰੇ ਵਾਪਸ ਆ ਰਿਹਾ ਹੈ ਅਤੇ ਉਸਦੇ ਆਉਣ ਉਪਰੰਤ ਦੁਪਹਿਰ ਕਰੀਬ ਇੱਕ ਵਜੇ ਉਹਨਾਂ ਦੇ ਦਾ ਅੰਤਿਮ ਸੰਸਕਾਰ ਸ਼ਮਸ਼ਾਨ ਘਾਟ ਲੁਬਾਣਗੜ੍ਹ ਵਿਖੇ ਕੀਤਾ ਜਾਵੇਗਾ।

# ਜਵੱਦੀ ਟਕਸਾਲ ਵਿਖੇ ਹ.ਫਤਾਵਾਰੀ ਨਾਮ ਸਿਮਰਨ ਸਮਾਗਮ ਆਯੋਜਿਤ




**ਲੁਧਿਆਣਾ, 23 ਜੂਨ**
**ਲਛਮਣ ਜੀਤ ਸਿੰਘ ਪੁਰਬਾ**

ਗੁਰਬਾਣੀ, ਗੁਰ ਇਤਿਹਾਸ ਅਤੇ ਗੁਰਮਤਿ ਸੰਗੀਤ ਦੇ ਪ੍ਰਚਾਰ ਲਈ ਜਵੱਦੀ ਟਕਸਾਲ ਵਿਖੇ ਹਫਤਾਵਾਰੀ ਨਾਮ ਸਿਮਰਨ ਸਮਾਗਮ ਕਰਵਾਇਆ ਗਿਆ।

ਸਮਾਗਮ ਦੀ ਸ਼ੁਰੂਆਤ ਗੁਰ ਸ਼ਬਦ ਸੰਗੀਤ ਅਕੈਡਮੀ ਦੇ ਵਿਦਿਆਰਥੀਆਂ ਵੱਲੋਂ ਸ਼ਬਦ ਕੀਰਤਨ ਨਾਲ ਹੋਈ।

ਇਸ ਮੌਕੇ ਜਵੱਦੀ ਟਕਸਾਲ ਦੇ ਮੁਖੀ ਸੰਤ ਬਾਬਾ ਅਮੀਰ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰ ਸਾਂਝੇ ਕਰਦਿਆਂ ਸ਼ਬਦ ਗੁਰੂ ਅਤੇ ਗੁਰਬਾਣੀ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹੀ ਸਿੱਖਾਂ ਦੇ ਸਦਾ ਕਾਇਮ ਰਹਿਣ ਵਾਲੇ ਗੁਰੂ ਹਨ ਅਤੇ ਸਿੱਖ ਨੂੰ ਬਾਣੀ ਤੋਂ ਹੀ ਅਗਵਾਈ ਲੈਣੀ ਚਾਹੀਦੀ ਹੈ।

ਸਮਾਗਮ ਉਪਰੰਤ ਸੰਗਤਾਂ ਲਈ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ।

# ਅਕਾਲੀਆਂ ਨੇ ਪੰਜਾਬ ਨਾਲ ਧ੍ਰੋਹ ਕਮਾਇਆ, ਕਿਸਾਨਾਂ ਦੀ ਪਿੱਠ ਵਿੱਚ ਛੁਰਾ ਮਾਰਿਆ ਅਤੇ ਸਿਆਸੀ ਹਿੱਤਾਂ ਲਈ ਧਰਮ ਦੀ ਦੁਰਵਰਤੋਂ ਕੀਤੀ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

## ➢ 'ਬੇਅਦਬੀ ਪਾਰਟੀ' ਨੇ ਪੰਜਾਬ ਨੂੰ 'ਚਿੱਟੇ ਵਾਲਾ ਪੰਜਾਬ' ਬਣਾਇਆ, ਆਪ ਸਰਕਾਰ 'ਸਿਹਤਮੰਦ ਪੰਜਾਬ' ਸਿਰਜ ਰਹੀ ਹੈ ➢ ਇੱਕ ਪਾਸੇ ਅਸੀਂ ਨਸ਼ਾ ਤਸਕਰਾਂ 'ਤੇ ਸ਼ਿਕੰਜਾ ਕੱਸ ਰਹੇ ਹਾਂ, ਦੂਜੇ ਪਾਸੇ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇ ਰਹੇ ਹਾਂ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**ਫਰੀਦਕੋਟ, 23 ਜੂਨ/ -ਸ਼.ਅ.ਬਿਓਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਪੰਜਾਬ ਦੇ ਲੋਕ ਇਹ ਨਹੀਂ ਭੁੱਲੇ ਕਿ ਕਿਸ ਤਰ੍ਹਾਂ ਬਾਦਲ ਪਰਿਵਾਰ ਅਤੇ ਅਕਾਲੀ ਲੀਡਰਸ਼ਿਪ ਨੇ ਵਾਰ-ਵਾਰ ਸੂਬੇ ਦੇ ਹਿੱਤਾਂ ਨਾਲ ਸਮਝੌਤਾ ਕੀਤਾ, ਤਿੰਨ ਕਾਲੇ ਖੇਤੀ ਕਾਨੂੰਨਾਂ ਦਾ ਸਮਰਥਨ ਕੀਤਾ, ਸਿਆਸੀ ਲਾਹੇ ਲਈ ਧਰਮ ਦੀ ਦੁਰਵਰਤੋਂ ਕੀਤੀ ਅਤੇ ਪੰਜਾਬ ਵਿੱਚ ਨਸ਼ਿਆਂ ਦੇ ਕੋਹੜ ਨੂੰ ਵਧਣ-ਫੁੱਲਣ ਦਿੱਤਾ। ਫਰੀਦਕੋਟ ਦੇ ਪਿੰਡ ਪੰਜਗਰਾਈਂ ਕਲਾਂ ਵਿਖੇ 'ਲੋਕ ਮਿਲਣੀ' ਪ੍ਰੋਗਰਾਮ ਦੌਰਾਨ ਲੋਕਾਂ ਨਾਲ ਰੂ-ਬ-ਰੂ ਹੁੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਜਿੱਥੇ ਪੰਜਾਬ ਨੂੰ ਨਸ਼ਿਆਂ, ਬੇਰੁਜ਼ਗਾਰੀ ਅਤੇ ਪਤਨ ਵੱਲ ਧੱਕਿਆ, ਉੱਥੇ 'ਆਪ' ਸਰਕਾਰ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ, ਪਾਰਦਰਸ਼ੀ ਸਰਕਾਰੀ ਭਰਤੀ, ਸਿੱਖਿਆ ਵਿੱਚ ਇਤਿਹਾਸਕ ਸੁਧਾਰ, ਸਾਰਿਆਂ ਲਈ ਸਿਹਤ ਸਹੂਲਤਾਂ ਅਤੇ ਔਰਤਾਂ ਦੇ ਹਿੱਤ ਵਾਲੀਆਂ ਭਲਾਈ ਸਕੀਮਾਂ ਰਾਹੀਂ ਸੂਬੇ ਦੀ ਨੁਹਾਰ ਬਦਲ ਰਹੀ ਹੈ।

ਮੁੱਖ ਮੰਤਰੀ ਨੇ ਦਾਅਵਾ ਕੀਤਾ ਕਿ ਪੰਜਾਬ ਅਤੇ ਇਸ ਦੇ ਲੋਕਾਂ ਨਾਲ ਗੱਦਾਰੀ ਕਰਨ ਵਾਲਿਆਂ ਦਾ ਹਰ ਕਾਰਨਾਮਾ ਜਨਤਾ ਦੇ ਸਾਹਮਣੇ ਲਿਆਂਦਾ ਜਾਵੇਗਾ, ਜਦੋਂ ਕਿ ਮੌਜੂਦਾ ਸਰਕਾਰ ਇੱਕ ਸਿਹਤਮੰਦ, ਸਿੱਖਿਅਤ ਅਤੇ ਖ਼ੁਸ਼ਹਾਲ ਪੰਜਾਬ ਦੀ ਸਿਰਜਣਾ ਵੱਲ ਪੂਰੀ ਤਰ੍ਹਾਂ ਕੇਂਦਰਿਤ ਹੈ।

ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਜਿਨ੍ਹਾਂ ਦੇ ਨਾਲ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੀ ਮੌਜੂਦ ਸਨ, ਨੇ ਕਿਹਾ ਕਿ ਬਾਦਲ ਪਰਿਵਾਰ ਨੇ ਸੂਬੇ 'ਤੇ ਲੰਮਾ ਸਮਾਂ ਰਾਜ ਕੀਤਾ ਹੈ ਅਤੇ ਹਮੇਸ਼ਾ ਸੂਬੇ ਨੂੰ ਕਮਜ਼ੋਰ ਕਰਨ ਦੀਆਂ ਸਾਜ਼ਿਸ਼ਾਂ ਘੜੀਆਂ ਹਨ। ਉਨ੍ਹਾਂ ਕਿਹਾ, ਬਾਦਲਾਂ ਦਾ ਇੱਕੋ ਇੱਕ ਏਜੰਡਾ ਸੂਬੇ ਅਤੇ ਇਸ ਦੇ ਲੋਕਾਂ ਦੇ ਹਿੱਤਾਂ ਨਾਲ ਸਮਝੌਤਾ ਕਰਕੇ ਆਪਣੇ ਨਿੱਜੀ ਹਿੱਤਾਂ ਨੂੰ ਸੁਰੱਖਿਅਤ ਕਰਨਾ ਰਿਹਾ ਹੈ। ਇਹ ਅਜਿਹੇ ਮੌਕਾਪ੍ਰਸਤ ਆਗੂ ਹਨ, ਜੋ ਆਪਣੇ ਨਿੱਜੀ ਅਤੇ ਸਿਆਸੀ ਹਿੱਤਾਂ ਮੁਤਾਬਕ ਗਿਰਗਿਟ ਵਾਂਗ ਰੰਗ ਅਤੇ ਸਟੈਂਡ ਬਦਲਦੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੇ ਅਕਾਲੀਆਂ ਨੂੰ ਚੁਣਿਆ ਸੀ ਪਰ ਉਹ ਗੱਦਾਰ ਸਾਬਤ ਹੋਏ ਅਤੇ ਉਨ੍ਹਾਂ ਨੇ ਹਮੇਸ਼ਾ ਸੂਬੇ ਅਤੇ ਇਸ ਦੇ ਲੋਕਾਂ ਦੀ ਪਿੱਠ ਵਿੱਚ ਛੁਰਾ ਮਾਰਿਆ। ਭਗਵੰਤ ਸਿੰਘ ਮਾਨ ਨੇ ਕਿਹਾ, ਜਦੋਂ ਪੂਰੀ ਕਿਸਾਨੀ ਆਪਣੇ ਹੱਕਾਂ ਲਈ ਲੜ ਰਹੀ ਸੀ, ਉਦੋਂ ਅਕਾਲੀਆਂ ਨੇ ਕੇਂਦਰੀ ਮੰਤਰਾਲੇ ਵਿੱਚ ਆਪਣੀਆਂ ਕੁਰਸੀਆਂ ਬਚਾਉਣ ਲਈ ਮੋਦੀ ਸਰਕਾਰ ਦੇ ਕਾਲੇ ਖੇਤੀ ਕਾਨੂੰਨਾਂ ਦਾ ਸਮਰਥਨ ਕੀਤਾ ਸੀ। ਅਕਾਲੀਆਂ ਨੇ ਆਪਣੇ ਸਿਆਸੀ ਹਿੱਤਾਂ ਲਈ ਧਰਮ ਦੀ ਦੁਰਵਰਤੋਂ ਕੀਤੀ ਅਤੇ ਲੋਕ ਇਸ ਲਈ ਉਨ੍ਹਾਂ ਨੂੰ ਕਦੇ ਮੁਆਫ਼ ਨਹੀਂ ਕਰ ਸਕਦੇ।

ਇੱਕ ਹੋਰ ਮਿਸਾਲ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਆਗੂਆਂ ਨੇ ਖ਼ੁਦ ਨੂੰ ਕਿਸਾਨ ਦੱਸ ਕੇ ਲੰਮਾ ਸਮਾਂ ਲੋਕਾਂ ਨੂੰ ਮੂਰਖ ਬਣਾਇਆ ਹੈ। ਉਨ੍ਹਾਂ ਕਿਹਾ, ਉਹ ਇਹ ਸਪੱਸ਼ਟ ਕਰਨ ਕਿ ਕੋਈ ਅੰਨਦਾਤਾ ਬੱਸਾਂ ਦਾ ਇੰਨਾ ਵੱਡਾ ਕਾਫ਼ਲਾ ਅਤੇ ਗੁੜਗਾਓਂ ਵਿੱਚ ਆਲੀਸ਼ਾਨ ਹੋਟਲ ਕਿਵੇਂ ਬਣਾ ਸਕਦਾ ਹੈ। ਇਹ ਸਾਰੀ ਜਾਇਦਾਦ ਇਸ ਲਈ ਇਕੱਠੀ ਕੀਤੀ ਗਈ ਹੈ ਕਿਉਂਕਿ ਉਨ੍ਹਾਂ ਨੇ ਆਪਣੇ ਸਿਆਸੀ ਹਿੱਤਾਂ ਲਈ ਸੂਬੇ ਅਤੇ ਲੋਕਾਂ ਦੇ ਹਿੱਤਾਂ ਨੂੰ ਵੇਚ ਦਿੱਤਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਕਾਲੀ, ਪੀੜ੍ਹੀਆਂ ਦੇ ਘਾਣ ਲਈ ਜ਼ਿੰਮੇਵਾਰ ਹਨ ਕਿਉਂਕਿ ਨਸ਼ਾ ਤਸਕਰੀ ਨੂੰ ਉਨ੍ਹਾਂ ਦੀ ਸਰਪ੍ਰਸਤੀ ਹਾਸਲ ਸੀ ਅਤੇ ਇਹ ਉਨ੍ਹਾਂ ਦੇ ਲੰਮੇ ਕੁਸ਼ਾਸਨ ਦੌਰਾਨ ਵਧੀ-ਫੁੱਲੀ। ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਆਗੂਆਂ ਦੇ ਹੱਥ ਉਨ੍ਹਾਂ ਲੱਖਾਂ ਨੌਜਵਾਨਾਂ ਦੇ ਖ਼ੂਨ ਨਾਲ ਰੰਗੇ ਹੋਏ ਹਨ, ਜੋ ਨਸ਼ਿਆਂ ਦੀ ਭੇਟ ਚੜ੍ਹ ਗਏ, ਜਿਸ ਦੀ ਸਪਲਾਈ ਸੂਬੇ ਵਿੱਚ ਸਰਕਾਰੀ ਗੱਡੀਆਂ ਰਾਹੀਂ ਕੀਤੀ ਜਾਂਦੀ ਸੀ। ਉਨ੍ਹਾਂ ਕਿਹਾ, ਇਨ੍ਹਾਂ ਆਗੂਆਂ ਦੇ ਪਾਪ ਬਖ਼ਸ਼ਣਯੋਗ ਨਹੀਂ ਹਨ ਅਤੇ ਲੋਕ ਇਨ੍ਹਾਂ ਦੇ ਮਾੜੇ ਕਾਰਨਾਮਿਆਂ ਦੀ ਲੰਮੀ ਦਾਸਤਾਨ ਲਈ ਇਨ੍ਹਾਂ ਨੂੰ ਕਦੇ ਵੀ ਮੁਆਫ਼ ਨਹੀਂ ਕਰ ਸਕਦੇ। ਬੇਅਦਬੀ ਦੇ ਜ਼ਿੰਮੇਵਾਰ ਲੋਕ ਸ੍ਰੀ



ਅਕਾਲ ਤਖ਼ਤ ਸਾਹਿਬ 'ਤੇ ਪੇਸ਼ ਹੋਏ ਅਤੇ ਜਨਤਕ ਤੌਰ 'ਤੇ ਆਪਣਾ ਗੁਨਾਹ ਕਬੂਲ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ ਜਦੋਂ ਉਨ੍ਹਾਂ ਦੀਆਂ ਸਿਆਸੀ ਇੱਛਾਵਾਂ ਪੂਰੀਆਂ ਨਾ ਹੋਈਆਂ ਤਾਂ ਉਨ੍ਹਾਂ ਨੇ ਯੂ-ਟਰਨ ਲੈ ਲਿਆ। ਭਗਵੰਤ ਸਿੰਘ ਮਾਨ ਨੇ ਕਿਹਾ, ÷ਪੂਰਾ ਸੂਬਾ ਇਨ੍ਹਾਂ ਆਗੂਆਂ ਦਾ ਅਸਲੀ ਚਿਹਰਾ ਜਾਣਦਾ ਹੈ, ਜਿਨ੍ਹਾਂ ਨੇ ਹਮੇਸ਼ਾ ਸਿਆਸੀ ਹੱਥਕੰਡਿਆਂ ਰਾਹੀਂ ਲੋਕਾਂ ਨੂੰ ਗੁਮਰਾਹ ਕੀਤਾ ਹੈ। ਇਨ੍ਹਾਂ ਆਗੂਆਂ ਨੇ ਗੈਂਗਸਟਰਾਂ ਦੀ ਪਿੱਠ ਥਾਪੜੀ ਅਤੇ ਨਸ਼ਾ ਤਸਕਰਾਂ ਨੂੰ ਪਨਾਹ ਦੇ ਕੇ ਪੰਜਾਬ ਦੇ ਨੌਜਵਾਨਾਂ ਦੀਆਂ ਰਗਾਂ ਵਿੱਚ ਨਸ਼ਾ ਘੋਲਿਆ। ਲੋਕ ਅਕਾਲੀਆਂ ਨੂੰ ਉਨ੍ਹਾਂ ਦੇ ਪਾਪਾਂ ਲਈ ਕਦੇ ਮੁਆਫ਼ ਨਹੀਂ ਕਰਨਗੇ ਅਤੇ ਇੱਕ ਵਾਰ ਫਿਰ ਉਨ੍ਹਾਂ ਨੂੰ ਸਬਕ ਸਿਖਾਉਣਗੇ। ਲੋਕਾਂ ਨੇ ਵਾਰ-ਵਾਰ ਉਨ੍ਹਾਂ ਨੂੰ ਚੁਣਿਆ, ਪਰ ਉਨ੍ਹਾਂ ਨੇ ਵਾਰ-ਵਾਰ ਪੰਜਾਬ ਅਤੇ ਇਸ ਦੇ ਲੋਕਾਂ ਨਾਲ ਧ੍ਰੋਹ ਕਮਾਇਆ।÷

ਮੁੱਖ ਮੰਤਰੀ ਨੇ ਦੁਹਰਾਇਆ ਕਿ ਅਕਾਲੀਆਂ ਨੇ ਆਪਣੇ ਸਿਆਸੀ ਹਿੱਤਾਂ ਲਈ ਧਰਮ ਦੀ ਦੁਰਵਰਤੋਂ ਕੀਤੀ, ਇਸ ਲਈ ਲੋਕ ਉਨ੍ਹਾਂ ਨੂੰ ਕਦੇ ਮੁਆਫ਼ ਨਹੀਂ ਕਰ ਸਕਦੇ।

ਉਨ੍ਹਾਂ ਕਿਹਾ ਕਿ ਮਰਹੂਮ ਪ੍ਰਕਾਸ਼ ਸਿੰਘ ਬਾਦਲ ਨੇ ਵੀ ਸੁਖਬੀਰ ਸਿੰਘ ਬਾਦਲ ਨੂੰ ਕਦੇ ਵੀ ਸੂਬੇ ਦਾ ਮੁਖੀ ਨਹੀਂ ਬਣਾਇਆ ਕਿਉਂਕਿ ਉਹ ਜਾਣਦੇ ਸਨ ਕਿ ਸਾਬਕਾ ਉਪ ਮੁੱਖ ਮੰਤਰੀ ਪੰਜਾਬ ਨੂੰ ਮੁਸੀਬਤ ਵਿੱਚ ਪਾ ਦੇਣਗੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਜ਼ਮੀਨੀ ਹਕੀਕਤਾਂ ਤੋਂ ਜਾਣੂ ਨਹੀਂ ਹਨ ਕਿਉਂਕਿ ਉਨ੍ਹਾਂ ਨੇ ਆਪਣੀ ਸਾਰੀ ਜ਼ਿੰਦਗੀ ਐਸ਼ੋ-ਆਰਾਮ ਅਤੇ ਖ਼ੁਸ਼ਹਾਲੀ ਵਾਲੇ ਸੁਰੱਖਿਅਤ ਮਾਹੌਲ ਵਿੱਚ ਗੁਜ਼ਾਰੀ ਹੈ।

ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੂੰ ਸੂਬੇ ਦੀ ਮੁੱਢਲੀ ਭੂਗੋਲਿਕ ਸਥਿਤੀ ਦਾ ਵੀ ਪਤਾ ਨਹੀਂ ਹੈ ਪਰ ਫਿਰ ਵੀ ਉਹ ਪੰਜਾਬ ਵਿੱਚ ਸਿਆਸੀ ਸੱਤਾ ਪ੍ਰਾਪਤ ਕਰਨਾ ਚਾਹੁੰਦੇ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ÷ਬਾਕੀ ਗੱਲਾਂ ਤਾਂ ਇੱਕ ਪਾਸੇਂ ਰਹੀਆਂ, ਸਾਬਕਾ ਉਪ ਮੁੱਖ ਮੰਤਰੀ ਪੰਜਾਬ ਦੀਆਂ ਮੁੱਢਲੀਆਂ ਫ਼ਸਲਾਂ ਵਿੱਚ ਫ਼ਰਕ ਵੀ ਨਹੀਂ ਕਰ ਸਕਦੇ ਕਿਉਂਕਿ ਉਹ ਸੂਬੇ ਦੇ ਮੁੱਖ ਮੁੱਦਿਆਂ ਤੋਂ ਹੀ ਪੂਰੀ ਤਰ੍ਹਾਂ ਵਾਕਫ਼ ਨਹੀਂ ਹਨ। ਦੂਜੇ ਪਾਸੇ ਪੰਜਾਬ ਸਰਕਾਰ ਨੇ ਸੂਬੇ ਦੀ ਭਲਾਈ ਅਤੇ ਲੋਕਾਂ ਦੀ ਖੁਸ਼ਹਾਲੀ ਯਕੀਨੀ ਬਣਾਉਣ ਲਈ ਅਨੇਕਾਂ ਪਹਿਲਕਦਮੀਆਂ ਕੀਤੀਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਪੰਜਾਬ ਸਰਕਾਰ ਨੇ ਨੌਜਵਾਨਾਂ ਨੂੰ 67,500 ਤੋਂ ਵੱਧ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਹਨ।

ਉਨ੍ਹਾਂ ਅੱਗੇ ਕਿਹਾ, ਪੰਜਾਬ ਵਿੱਚ ਭ੍ਰਿਸ਼ਟਾਚਾਰ ਅਤੇ ਪੱਖਪਾਤ ਦਾ ਯੁੱਗ ਖਤਮ ਹੋ ਗਿਆ ਹੈ। ਅੱਜ ਨੌਜਵਾਨਾਂ ਨੂੰ ਨਿਰੋਲ ਯੋਗਤਾ ਦੇ ਆਧਾਰ 'ਤੇ ਪਾਰਦਰਸ਼ੀ ਢੰਗ ਨਾਲ ਨੌਕਰੀਆਂ ਮਿਲ ਰਹੀਆਂ ਹਨ।

ਸਰਕਾਰ ਪੰਜਾਬੀਆਂ ਦੀਆਂ ਉਮੀਦਾਂ 'ਤੇ ਖਰੀ ਉਤਰ ਰਹੀ ਹੈ ਅਤੇ ਸੂਬੇ ਦਾ ਇੱਕ-ਇੱਕ ਪੈਸਾ ਇਸ ਦੇ ਲੋਕਾਂ ਦੇ ਵਿਕਾਸ 'ਤੇ ਖਰਚ ਕੀਤਾ ਜਾ ਰਿਹਾ ਹੈ।÷

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਹਿਲੀ ਵਾਰ ਕੋਈ ਮੁੱਖ ਮੰਤਰੀ ਸਿਰਫ਼ ਸਟੇਜ ਤੋਂ ਬੋਲਣ ਦੀ ਬਜਾਏ ਖੁੱਲ੍ਹੇਆਮ ਗੱਲਬਾਤ ਕਰਕੇ ਆਮ ਲੋਕਾਂ ਦੀਆਂ ਗੱਲਾਂ ਸੁਣ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਸਰਕਾਰੀ ਖਜ਼ਾਨੇ ਦੇ ਇੱਕ-ਇੱਕ ਪੈਸੇ ਦੀ ਵਰਤੋਂ ਲੋਕਾਂ ਦੀ ਭਲਾਈ ਲਈ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦੇ 90 ਫ਼ੀਸਦ ਤੋਂ ਵੱਧ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ ਅਤੇ ਕਿਸਾਨਾਂ ਨੂੰ ਦਿਨ ਵੇਲੇ ਬਿਜਲੀ ਮਿਲ ਰਹੀ ਹੈ, ਜੋ ਮਿਸਾਲੀ ਕਦਮ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਜਿਹੇ ਸਮੇਂ ਜਦੋਂ ਦੇਸ਼ ਦੀ ਜਾਇਦਾਦ ਕੇਂਦਰ ਸਰਕਾਰ ਵੱਲੋਂ ਆਪਣੇ ਕਰੀਬੀ ਦੋਸਤਾਂ ਨੂੰ ਮਾਮੂਲੀ ਕੀਮਤਾਂ 'ਤੇ ਸੌਂਪੀ ਜਾ ਰਹੀ ਹੈ, ਪੰਜਾਬ ਸਰਕਾਰ ਨੇ ਇੱਕ ਨਿੱਜੀ ਥਰਮਲ ਪਲਾਂਟ ਖਰੀਦ ਕੇ ਇਸ ਦਾ ਨਾਮ ਸ੍ਰੀ ਗੁਰੂ ਅਮਰਦਾਸ ਜੀ ਦੇ ਨਾਮ 'ਤੇ ਰੱਖ ਕੇ ਇਤਿਹਾਸ ਰਚਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੂੰ ਵਿਆਪਕ ਸਿਹਤ ਸੰਭਾਲ ਪ੍ਰਦਾਨ ਕਰਨ ਲਈ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕੀਤੀ ਹੈ, ਜੋ ਦੇਸ਼ ਦੀ ਆਪਣੀ ਕਿਸਮ ਦੀ ਪਹਿਲੀ ਯੋਜਨਾ ਹੈ ਜੋ ਪੰਜਾਬ ਦੇ ਹਰੇਕ ਨਿਵਾਸੀ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਨਕਦ ਰਹਿਤ ਡਾਕਟਰੀ ਇਲਾਜ ਪ੍ਰਦਾਨ ਕਰਦੀ ਹੈ। ਉਨ੍ਹਾਂ ਅੱਗੇ ਕਿਹਾ, ਪੰਜਾਬ ਅਜਿਹਾ ਵਿਆਪਕ ਸਿਹਤ ਸੰਭਾਲ ਕਵਰੇਜ ਪ੍ਰਦਾਨ ਕਰਨ ਵਾਲਾ ਪਹਿਲਾ ਭਾਰਤੀ ਸੂਬਾ ਹੈ, ਜਿਸ ਨਾਲ ਪਰਿਵਾਰਾਂ 'ਤੇ ਵਿੱਤੀ ਬੋਝ ਘੱਟ ਗਿਆ ਹੈ ਅਤੇ ਮਿਆਰੀ ਸਿਹਤ ਸੇਵਾਵਾਂ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਇਤਿਹਾਸਕ ਪਹਿਲਕਦਮੀ ਦਾ ਉਦੇਸ਼ ਸੂਬੇ ਦੇ ਸਾਰੇ ਪਰਿਵਾਰਾਂ ਨੂੰ ਵਿਆਪਕ ਸਿਹਤ ਸੰਭਾਲ ਕਵਰੇਜ ਪ੍ਰਦਾਨ ਕਰਨਾ ਹੈ ਅਤੇ ਲੋਕ ਇਸ ਯੋਜਨਾ ਤਹਿਤ ਪਹਿਲਾਂ ਹੀ 650 ਕਰੋੜ ਰੁਪਏ ਤੋਂ ਵੱਧ ਦਾ ਮੁਫ਼ਤ ਇਲਾਜ ਪ੍ਰਾਪਤ ਕਰ ਚੁੱਕੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ, 1 ਜੁਲਾਈ ਤੋਂ 18 ਸਾਲ ਤੋਂ ਵੱਧ ਉਮਰ ਦੀਆਂ ਮਹਿਲਾ ਲਾਭਪਾਤਰੀਆਂ ਨੂੰ ਵਿੱਤੀ ਸਹਾਇਤਾ ਬਾਰੇ ਉਨ੍ਹਾਂ ਦੇ ਮੋਬਾਈਲ ਫੋਨਾਂ 'ਤੇ ਸੂਚਨਾ ਮਿਲੇਗੀ। ਉਨ੍ਹਾਂ ਅੱਗੇ ਕਿਹਾ, ਹੋਰ ਸਾਰੇ ਵਰਗਾਂ ਨਾਲ ਸਬੰਧਤ ਔਰਤਾਂ ਨੂੰ 1,000 ਰੁਪਏ ਪ੍ਰਤੀ ਮਹੀਨਾ ਮਿਲਣਗੇ, ਜਦੋਂ ਕਿ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਮਿਲਣਗੇ। ਇਹ ਫੰਡ ਸਿੱਧੇ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਟਰਾਂਸਫਰ ਕੀਤੇ ਜਾਣਗੇ ਅਤੇ ਪਹਿਲਾਂ ਹੀ ਸਮਾਜਿਕ ਸੁਰੱਖਿਆ ਪੈਨਸ਼ਨ ਪ੍ਰਾਪਤ ਕਰ ਰਹੀਆਂ ਔਰਤਾਂ ਵੀ ਇਸ ਸਕੀਮ ਦਾ ਲਾਭ ਲੈਣ ਯੋਗ ਹੋਣਗੀਆਂ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੀਆਂ 97 ਫ਼ੀਸਦ ਔਰਤਾਂ ਨੂੰ ਇਸ ਯੋਜਨਾ ਤੋਂ ਲਾਭ ਹੋਣ ਦੀ ਉਮੀਦ ਹੈ ਅਤੇ ਸੂਬਾ ਸਰਕਾਰ ਨੇ ਇਸ ਲਈ ਬਜਟ ਵਿੱਚ 9,300 ਕਰੋੜ ਰੁਪਏ ਰੱਖੇ ਹਨ।

ਇਸ ਯੋਜਨਾ ਦੇ ਵਡੇਰੇ ਸਮਾਜਿਕ ਮਹੱਤਵ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਭਾਵੇਂ ਇਹ ਵਿੱਤੀ ਸਹਾਇਤਾ ਔਰਤਾਂ ਨੂੰ ਅਮੀਰ ਨਹੀਂ ਬਣਾ ਸਕਦੀ ਪਰ ਇਹ ਉਨ੍ਹਾਂ ਨੂੰ ਬਣਦਾ ਮਾਣ ਅਤੇ ਸਤਿਕਾਰ ਜ਼ਰੂਰ ਪ੍ਰਦਾਨ ਕਰੇਗੀ। ਉਹਨਾਂ ਕਿਹਾ,÷ਔਰਤਾਂ ਸਭ ਤੋਂ ਵੱਧ ਸਤਿਕਾਰ ਦੀਆਂ ਹੱਕਦਾਰ ਹਨ ਕਿਉਂਕਿ ਉਹ ਜੀਵਨ ਦਾ ਮੁੱਢ ਹਨ। ਮਾਵਾਂ ਅਤੇ ਭੈਣਾਂ ਦੀਆਂ ਦੁਆਵਾਂ ਵਿੱਚ ਦੁਨੀਆ ਦੀ ਹਰ ਚੁਣੌਤੀ ਨੂੰ ਪਛਾੜਨ ਦੀ ਤਾਕਤ ਹੁੰਦੀ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲਿੰਗ ਸਮਾਨਤਾ ਨੂੰ ਉਤਸ਼ਾਹਿਤ ਕਰਨ ਅਤੇ ਸਮਾਜਿਕ ਤੇ ਆਰਥਿਕ ਫੈਸਲੇ ਲੈਣ ਵਿੱਚ ਔਰਤਾਂ ਦੀ ਭਾਗੀਦਾਰੀ ਵਧਾਉਣ ਲਈ ਔਰਤਾਂ ਦੀ ਆਰਥਿਕ ਖੁਦਮੁਖਤਿਆਰੀ ਨੂੰ ਮਜ਼ਬੂਤ ਕਰਨਾ ਬਹੁਤ ਜ਼ਰੂਰੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਪਰਮਾਤਮਾ ਦੇ ਬਹੁਤ ਧੰਨਵਾਦੀ ਹਨ ਕਿ ਅਕਾਲ ਪੁਰਖ ਨੇ ਉਨ੍ਹਾਂ ਨੂੰ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਐਕਟ, 2026 ਨੂੰ ਲਾਗੂ ਕਰਨ ਦਾ ਮੌਕਾ ਦਿੱਤਾ।

ਉਨ੍ਹਾਂ ਕਿਹਾ ਕਿ ਜਦੋਂ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਵਾਪਰੀਆਂ, ਲੱਖਾਂ ਲੋਕਾਂ ਦੇ ਦਿਲ ਵਲੂੰਧਰੇ ਗਏ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਰਮਾਤਮਾ ਨੇ ਉਨ੍ਹਾਂ ਨੂੰ ਬੁੱਧੀ ਤੇ ਬਲ ਬਖਸ਼ਿਆ ਤਾਂ ਹੀ ਉਹ ਕਾਨੂੰਨੀ ਮਾਹਿਰਾਂ ਨਾਲ ਢੁਕਵੇਂ ਸਲਾਹ-ਮਸ਼ਵਰੇ ਤੋਂ ਬਾਅਦ ਇਹ ਬਿੱਲ ਲਿਆਉਣ ਦੇ ਸਮਰੱਥ ਹੋਏ। ਉਨ੍ਹਾਂ ਕਿਹਾ,ਆਪ ਸਰਕਾਰ ਨੇ ਇਸ ਬਿੱਲ ਦਾ ਖਰੜਾ ਬਹੁਤ ਧਿਆਨ ਨਾਲ ਤਿਆਰ ਕੀਤਾ ਹੈ ਤਾਂ ਜੋ ਭਵਿੱਖ ਵਿੱਚ ਕੋਈ ਵੀ ਸੋਧ ਜਾਂ ਖਾਮੀਆਂ ਇਸ ਨੂੰ ਕਮਜ਼ੋਰ ਨਾ ਕਰ ਸਕਣ।

ਮੁੱਖ ਮੰਤਰੀ ਨੇ ਵਿਸ਼ਵਾਸ ਪ੍ਰਗਟਾਇਆ ਕਿ ਇਹ ਕਾਨੂੰਨ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਵੱਡੀ ਰੋਕਥਾਮ ਵਜੋਂ ਕੰਮ ਕਰੇਗਾ ਅਤੇ ਇਹ ਯਕੀਨੀ ਬਣਾਏਗਾ ਕਿ ਭਵਿੱਖ ਵਿੱਚ ਕੋਈ ਵੀ ਅਜਿਹਾ ਘਿਨਾਉਣਾ ਅਪਰਾਧ ਕਰਨ ਦੀ ਹਿੰਮਤ ਨਾ ਕਰੇ।

ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨਾ ਸ਼ਾਂਤੀ, ਸਦਭਾਵਨਾ, ਭਾਈਚਾਰੇ ਅਤੇ ਅਕੀਦਤ ਨੂੰ ਢਾਹ ਲਾਉਣ ਦੀ ਡੂੰਘੀ ਸਾਜ਼ਿਸ਼ ਸੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹਰ ਸਿੱਖ ਦੇ ਪਿਤਾ ਹਨ ਅਤੇ ਇਨ੍ਹਾਂ ਦੀ ਪਵਿੱਤਰਤਾ ਨੂੰ ਕਾਇਮ ਰੱਖਣਾ ਸਾਰਿਆਂ ਦਾ ਸਮੂਹਿਕ ਫ਼ਰਜ਼ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚੁੱਕੇ ਗਏ ਇਸ ਇਤਿਹਾਸਕ ਕਦਮ ਲਈ ਦੁਨੀਆ ਭਰ ਦੇ ਲੋਕ ਖ਼ੁਸ਼ ਹਨ ਅਤੇ ਧੰਨਵਾਦ ਜ਼ਾਹਿਰ ਕਰ ਰਹੇ ਹਨ।

ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਅਤੇ ਹੋਰ ਵੀ ਮੌਜੂਦ ਸਨ।

# ਨਗਰ ਕੌਂਸਲ ਲੌਂਗੋਵਾਲ ਦੇ ਨਵੇਂ ਅਹੁਦੇਦਾਰਾਂ ਦੀ ਸਰਬਸੰਮਤੀ ਨਾਲ ਚੋਣ: ਰਛਪਾਲ ਕੌਰ ਨੂੰ ਪ੍ਰਧਾਨ, ਕੁਲਦੀਪ ਸਿੰਘ ਬੰਟੀ ਨੂੰ ਸੀਨੀਅਰ ਮੀਤ ਪ੍ਰਧਾਨ ਅਤੇ ਕਰਮਜੀਤ ਕੌਰ ਨੂੰ ਮੀਤ ਪ੍ਰਧਾਨ ਚੁਣਿਆ

## ➢ ਨਵੇਂ ਅਹੁਦੇਦਾਰਾਂ ਨੂੰ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਦਿੱਤੀ ਵਧਾਈ ➢ 52 ਸ਼ਹੀਦਾਂ ਦੀ ਧਰਤੀ ਲੌਂਗੋਵਾਲ ਦੇ ਵਿਕਾਸ ਵਿੱਚ ਕੋਈ ਕਮੀ ਨਹੀਂ ਛੱਡੀ ਜਾਵੇਗੀ: ਅਮਨ ਅਰੋੜਾ

**ਸੰਗਰੂਰ/ਲੌਂਗੋਵਾਲ, 23 ਜੂਨ**
**-ਜਗਦੇਵ ਰੰਚਨਾਂ-**

ਨਗਰ ਕੌਂਸਲ ਲੌਂਗੋਵਾਲ ਦੀ ਚੋਣ ਲਈ ਸਰਬਸੰਮਤੀ ਨਾਲ ਆਮ ਆਦਮੀ ਪਾਰਟੀ ਦੇ ਕੌਂਸਲਰ ਸ਼੍ਰੀਮਤੀ ਰਛਪਾਲ ਕੌਰ, ਪਤਨੀ ਬਲਵਿੰਦਰ ਸਿੰਘ ਨੂੰ ਪ੍ਰਧਾਨ, ਕੁਲਦੀਪ ਸਿੰਘ ਬੰਟੀ ਨੂੰ ਸੀਨੀਅਰ ਮੀਤ ਪ੍ਰਧਾਨ ਅਤੇ ਸ਼੍ਰੀਮਤੀ ਕਰਮਜੀਤ ਕੌਰ, ਪਤਨੀ ਗੁਰਜੀਤ ਸਿੰਘ ਕਾਲਾ ਨੂੰ ਮੀਤ ਪ੍ਰਧਾਨ ਚੁਣਿਆ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਨਵ-ਚੁਣੇ ਅਹੁਦੇਦਾਰਾਂ ਨੂੰ ਮੁਬਾਰਕਬਾਦ ਦਿੰਦਿਆਂ ਉਨ੍ਹਾਂ ਨੂੰ ਲੋਕ ਸੇਵਾ ਅਤੇ ਵਿਕਾਸ ਲਈ ਸਮਰਪਿਤ ਹੋ ਕੇ ਕੰਮ ਕਰਨ ਦਾ ਸੱਦਾ ਦਿੱਤਾ।



ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਲੌਂਗੋਵਾਲ ਦੇ ਲੋਕਾਂ ਨੇ ਆਮ ਆਦਮੀ ਪਾਰਟੀ 'ਤੇ ਜੋ ਭਰੋਸਾ ਜਤਾਇਆ ਹੈ, ਉਸ ਨੂੰ ਕਾਇਮ ਰੱਖਣਾ ਸਾਡੀ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਨਵੀਂ ਟੀਮ ਸਖਤ ਮਿਹਨਤ, ਲਗਨ ਅਤੇ ਸਮਰਪਣ ਭਾਵਨਾ ਨਾਲ ਨਗਰ ਕੌਂਸਲ ਲੌਂਗੋਵਾਲ ਦੇ ਸਰਬਪੱਖੀ ਵਿਕਾਸ ਅਤੇ ਲੋਕ ਭਲਾਈ ਨੂੰ ਯਕੀਨੀ ਬਣਾਏਗੀ।

ਸ੍ਰੀ ਅਰੋੜਾ ਨੇ ਕਿਹਾ, ਲੌਂਗੋਵਾਲ ਦੇ ਵਿਕਾਸ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਪੰਜਾਬ ਸਰਕਾਰ ਵੱਲੋਂ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਹਰ ਲੋਕ ਭਲਾਈ ਪ੍ਰੋਜੈਕਟ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ।

ਉਨ੍ਹਾਂ ਲੌਂਗੋਵਾਲ ਵਿੱਚ ਪਹਿਲਾਂ ਹੀ ਹੋਏ ਕਰੋੜਾਂ ਰੁਪਏ ਦੇ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਹੋਰ ਵਿਕਾਸ ਕਾਰਜਾਂ ਲਈ ਸਰਕਾਰ ਪੂਰੀ ਤਰ੍ਹਾਂ ਤਤਪਰ ਹੈ। ਉਨ੍ਹਾਂ ਇਹ ਵੀ ਵਿਸ਼ਵਾਸ ਜਤਾਇਆ ਕਿ ਸਾਰੇ ਨਗਰ ਕੌਂਸਲਰ ਪਾਰਟੀ ਪੱਧਰ ਤੋਂ ਉੱਪਰ ਉੱਠ ਕੇ ਸ਼ਹਿਰ ਦੇ ਹਿੱਤਾਂ ਨੂੰ ਪਹਿਲ ਦੇਣਗੇ ਅਤੇ ਵਿਕਾਸ ਨੂੰ ਤੇਜ਼ੀ ਨਾਲ ਅੱਗੇ ਵਧਾਉਣਗੇ।

ਨਵ-ਚੁਣੀ ਪ੍ਰਧਾਨ ਸ਼੍ਰੀਮਤੀ ਰਛਪਾਲ ਕੌਰ ਨੇ ਕਿਹਾ, ਜੋ ਜ਼ਿੰਮੇਵਾਰੀ ਪਾਰਟੀ ਅਤੇ ਸ਼ਹਿਰ ਵਾਸੀਆਂ ਨੇ ਮੇਰੇ ਸਿਰ ਰੱਖੀ ਹੈ, ਮੈਂ ਉਸ ਨੂੰ ਪੂਰੀ ਇਮਾਨਦਾਰੀ ਅਤੇ ਨਿਸ਼ਠਾ ਨਾਲ ਨਿਭਾਵਾਂਗੀ। ਲੌਂਗੋਵਾਲ ਦੇ ਹਰ ਵਾਰਡ ਦੇ ਵਿਕਾਸ ਨੂੰ ਯਕੀਨੀ ਬਣਾਉਣਾ ਮੇਰੀ ਪਹਿਲ ਹੋਵੇਗੀ।

ਸੀਨੀਅਰ ਮੀਤ ਪ੍ਰਧਾਨ ਸਰਦਾਰ ਕੁਲਦੀਪ ਸਿੰਘ ਬੰਟੀ ਨੇ ਕਿਹਾ, ਅਸੀਂ ਸਾਰੀ ਟੀਮ ਮਿਲ ਕੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਾਂਗੇ ਅਤੇ ਸ਼ਹਿਰ ਦੇ ਵਿਕਾਸ ਲਈ ਦਿਨ-ਰਾਤ ਕੰਮ ਕਰਾਂਗੇ। ਮੀਤ ਪ੍ਰਧਾਨ ਸ਼੍ਰੀਮਤੀ ਕਰਮਜੀਤ ਕੌਰ ਨੇ ਕਿਹਾ, ਲੋਕਾਂ ਦੀਆਂ ਮੁੱਢਲੀਆਂ ਸਹੂਲਤਾਂ ਅਤੇ ਸ਼ਹਿਰ ਦੀ ਬਿਹਤਰੀ ਲਈ ਨਗਰ ਕੌਂਸਲ ਵੱਲੋਂ ਪੂਰੀ ਤਨਦੇਹੀ ਨਾਲ ਕੰਮ ਕੀਤਾ ਜਾਵੇਗਾ।

ਇਸ ਮੌਕੇ ਭਾਰੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਆਗੂ, ਵਰਕਰ ਅਤੇ ਵੱਡੀ ਗਿਣਤੀ ਨਗਰ ਨਿਵਾਸੀ ਹਾਜ਼ਰ ਸਨ।

# ਪ੍ਰੋ. (ਡਾ.) ਰਤਨ ਸਿੰਘ ਅਤੇ ਡਾ. ਗੌਰਵ ਧੀਮਾਨ ਵੱਲੋਂ 26 ਯੂਕੇ ਡਿਜ਼ਾਇਨ ਪੇਟੈਂਟ ਪ੍ਰਾਪਤ

**ਪਟਿਆਲਾ, 23 ਜੂਨ**
**-ਬਲਜੀਤ ਸਰਨਾ-**

ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਦੇ ਮਾਣਯੋਗ ਵਾਈਸ ਚਾਂਸਲਰ ਪ੍ਰੋ. (ਡਾ.) ਰਤਨ ਸਿੰਘ ਅਤੇ ਅਸਿਸਟੈਂਟ ਪ੍ਰੋਫੈਸਰ ਡਾ. ਗੌਰਵ ਧੀਮਾਨ ਨੇ ਇੱਕ ਮਹੱਤਵਪੂਰਨ ਅਕਾਦਮਿਕ ਉਪਲਬਧੀ ਹਾਸਲ ਕਰਦੇ ਹੋਏ ਕੁੱਲ 26 ਯੂਕੇ ਡਿਜ਼ਾਇਨ ਪੇਟੈਂਟ ਪ੍ਰਾਪਤ ਕੀਤੇ ਹਨ। ਇਹ ਮਹੱਤਵਪੂਰਨ ਉਪਲਬਧੀ ਯੂਨੀਵਰਸਿਟੀ ਵੱਲੋਂ ਨਵੀਨਤਾ, ਖੋਜ ਅਤੇ ਬੌਧਿਕ ਸੰਪਤੀ ਦੇ ਖੇਤਰ ਵਿੱਚ ਅੰਤਰਰਾਸ਼ਟਰੀ ਪੱਧਰ &#CI;ਤੇ ਕੀਤੇ ਜਾ ਰਹੇ ਯੋਗਦਾਨ ਨੂੰ ਦਰਸਾਉਂਦੀ ਹੈ। ਪ੍ਰਾਪਤ ਕੀਤੇ ਗਏ ਇਹ ਡਿਜ਼ਾਇਨ ਪੇਟੈਂਟ ਵੱਖ-ਵੱਖ ਖੇਤਰਾਂ ਵਿੱਚ ਨਵੀਨ ਅਤੇ ਰਚਨਾਤਮਕ ਕੰਮ ਦੀ ਪਹਚਾਨ ਹਨ।

ਪ੍ਰੋ. (ਡਾ.) ਰਤਨ ਸਿੰਘ ਨੇ ਡਾ. ਗੌਰਵ ਧੀਮਾਨ ਨੂੰ ਇਸ ਉਪਲਬਧੀ ਲਈ ਵਧਾਈ ਦਿੰਦਿਆਂ ਕਿਹਾ ਕਿ ਇਸ ਤਰ੍ਹਾਂ ਦੀਆਂ ਕਾਮਯਾਬੀਆਂ ਯੂਨੀਵਰਸਿਟੀ ਦੀ ਵਿਸ਼ਵ ਪੱਧਰੀ ਸਾਖ ਨੂੰ ਮਜ਼ਬੂਤ ਕਰਦੀਆਂ ਹਨ। ਉਨ੍ਹਾਂ ਨੇ ਕਿਹਾ ਕਿ ਯੂਨੀਵਰਸਿਟੀ ਹਮੇਸ਼ਾਂ ਖੋਜ, ਨਵੀਨਤਾ ਅਤੇ ਸ਼ਿੱਖਿਆ ਵਿੱਚ ਉਤਕ੍ਰਿਸ਼ਟਤਾ ਨੂੰ ਪ੍ਰੋਤਸਾਹਿਤ ਕਰਨ ਲਈ ਵਚਨਬੱਧ ਹੈ। ਡਾ. ਗੌਰਵ ਧੀਮਾਨ ਨੇ ਯੂਨੀਵਰਸਿਟੀ ਪ੍ਰਬੰਧਨ ਵੱਲੋਂ ਮਿਲ ਰਹੇ ਸਹਿਯੋਗ ਅਤੇ ਹੌਸਲੇ ਲਈ ਧੰਨਵਾਦ ਪ੍ਰਗਟਾਇਆ। ਉਨ੍ਹਾਂ ਨੇ ਕਿਹਾ ਕਿ ਇਹ ਉਪਲਬਧੀ ਸਾਂਝੀ ਮਿਹਨਤ ਅਤੇ ਖੋਜ-ਕੇਂਦਰਿਤ ਵਾਤਾਵਰਣ ਦਾ ਨਤੀਜਾ ਹੈ।



ਇਹ ਉਪਲਬਧੀ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਲਈ ਗੌਰਵ ਦਾ ਵਿਸ਼ਾ ਹੈ ਅਤੇ ਇਹ ਸੰਸਥਾ ਨੂੰ ਨਵੀਨ ਖੋਜ ਅਤੇ ਅਕਾਦਮਿਕ ਉਤਕ੍ਰਿਸ਼ਟਤਾ ਦੇ ਕੇਂਦਰ ਵਜੋਂ ਮਜ਼ਬੂਤ ਕਰਦੀ ਹੈ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਪਿੰਡ ਪੱਧਰ ਤੱਕ ਮਜ਼ਬੂਤ ਕਰਨ ਲਈ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਅਹਿਮ ਮੀਟਿੰਗ

**ਪਟਿਆਲਾ, 23 ਜੂਨ**
**-ਛਤਰਪਾਲ ਸਿੰਘ-**

ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਪਿੰਡ ਪੱਧਰ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਅਤੇ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਦੇ ਮਕਸਦ ਨਾਲ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਯੁੱਧ ਨਸ਼ਿਆਂ ਵਿਰੁੱਧ ਪਿੰਡਾਂ ਦਾ ਹਾਲ ਮੁੱਖ ਮੰਤਰੀ ਦੇ ਨਾਲ ਪ੍ਰੋਗਰਾਮ ਤਹਿਤ ਇੱਕ ਅਹਿਮ ਮੀਟਿੰਗ ਕੀਤੀ।

ਇਸ ਮੌਕੇ ਸੰਬੋਧਨ ਕਰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਪਹਿਲੀ ਵਾਰ ਆਮ ਆਦਮੀ ਪਾਰਟੀ ਦੀ ਸਰਕਾਰ ਦੌਰਾਨ ਪੂਰਾ ਪ੍ਰਸ਼ਾਸਨ, ਹਲਕੇ ਦੇ ਬਲਾਕ ਪ੍ਰਧਾਨ ਅਤੇ ਵੀ.ਡੀ.ਸੀ. ਮੈਂਬਰ ਇੱਕੋ ਛੱਤ ਹੇਠਾਂ ਇਕੱਠੇ ਹੋ ਕੇ ਨਸ਼ਿਆਂ ਖ਼ਿਲਾਫ਼ ਜੰਗ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਵਿਚਾਰ-ਵਟਾਂਦਰਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹ ਤੋਂ ਖਤਮ ਕਰਨ ਲਈ ਵਚਨਬੱਧ ਹੈ ਅਤੇ ਇਸ ਮੁਹਿੰਮ ਵਿੱਚ ਸਮਾਜ ਦੇ ਹਰ ਵਰਗ ਦੀ ਭਾਗੀਦਾਰੀ ਬਹੁਤ ਜ਼ਰੂਰੀ ਹੈ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਜੇਕਰ ਕਿਸੇ ਪਰਿਵਾਰ ਦਾ ਨੌਜਵਾਨ ਨਸ਼ੇ ਦੀ ਲਤ ਦਾ ਸ਼ਿਕਾਰ ਹੈ ਤਾਂ ਉਸ ਦੇ ਮਾਪੇ ਜਾਂ ਪਰਿਵਾਰਕ ਮੈਂਬਰ ਸਾਕੇਤ ਹੈਲਪਲਾਈਨ ਨੰਬਰ 0175-2213385 'ਤੇ ਸੰਪਰਕ ਕਰ ਸਕਦੇ ਹਨ। ਉਨ੍ਹਾਂ ਭਰੋਸਾ ਦਿਵਾਇਆ ਕਿ ਪ੍ਰਭਾਵਿਤ ਨੌਜਵਾਨਾਂ ਨੂੰ ਮਾਹਿਰ ਡਾਕਟਰਾਂ ਦੀ ਨਿਗਰਾਨੀ ਹੇਠ ਇਲਾਜ ਅਤੇ ਮੁੜ ਵਸੇਬੇ ਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ।




ਸਿਹਤ ਮੰਤਰੀ ਨੇ ਜ਼ਿਲ੍ਹਾ ਸਿੱਖਿਆ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਕੂਲਾਂ ਦੇ ਅਧਿਆਪਕਾਂ ਨੂੰ ਵਿਸ਼ੇਸ਼ ਟ੍ਰੇਨਿੰਗ ਦਿੱਤੀ ਜਾਵੇ ਤਾਂ ਜੋ ਉਹ ਬੱਚਿਆਂ ਦੇ ਵਿਵਹਾਰ ਵਿੱਚ ਆਉਣ ਵਾਲੀਆਂ ਤਬਦੀਲੀਆਂ ਨੂੰ ਸਮਝ ਸਕਣ ਅਤੇ ਸਮੇਂ ਸਿਰ ਇਹ ਪਛਾਣ ਕੀਤੀ ਜਾ ਸਕੇ ਕਿ ਕੋਈ ਵਿਦਿਆਰਥੀ ਨਸ਼ਿਆਂ ਦੀ ਲਪੇਟ ਵਿੱਚ ਤਾਂ ਨਹੀਂ ਆ ਰਿਹਾ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਰੋਕਥਾਮ ਲਈ ਜਾਗਰੂਕਤਾ ਅਤੇ ਸ਼ੁਰੂਆਤੀ ਪਛਾਣ ਬਹੁਤ ਮਹੱਤਵਪੂਰਨ ਹੈ।ਓਹਨਾ ਕਿਹਾ ਕਿ ਮਾਨ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਿਆਂ ਦੀ ਲਤ ਤੋਂ ਮੁਕਤੀ ਲਈ ਇਲਾਜ, ਕਾਊਂਸਲਿੰਗ ਅਤੇ ਸਹਾਇਤਾ ਸੇਵਾਵਾਂ ਲਗਾਤਾਰ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਨਸ਼ਾ ਛੱਡਣ ਲਈ ਟੈਲੀ-ਮਾਨਸ ਟੋਲ ਫ੍ਰੀ ਹੈਲਪਲਾਈਨ 1800-891-4416 ਉੱਤੇ ਸੰਪਰਕ ਕਰਕੇ ਮਾਹਿਰ ਸਲਾਹ ਅਤੇ ਮਦਦ ਲਈ ਜਾ ਸਕਦੀ ਹੈ।

ਵਿਧਾਇਕ ਸ੍ਰੀ ਗੁਰਲਾਲ ਘਨੌਰ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨਸ਼ਿਆਂ ਖ਼ਿਲਾਫ਼ ਨਿਰਣਾਇਕ ਲੜਾਈ ਲੜ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡ ਪੱਧਰ 'ਤੇ ਵੀ.ਡੀ.ਸੀ. ਮੈਂਬਰਾਂ, ਪੰਚਾਇਤਾਂ ਅਤੇ ਸਮਾਜਿਕ ਸੰਸਥਾਵਾਂ ਨੂੰ ਇਸ ਮੁਹਿੰਮ ਨਾਲ ਜੋੜ ਕੇ ਇਸ ਨੂੰ ਲੋਕ ਅੰਦੋਲਨ ਦਾ ਰੂਪ ਦਿੱਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਸਿੱਖਿਆ, ਖੇਡਾਂ ਅਤੇ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਕੇ ਹੀ ਨਸ਼ਿਆਂ ਦੀ ਸਮੱਸਿਆ ਦਾ ਸਥਾਈ ਹੱਲ ਕੀਤਾ ਜਾ ਸਕਦਾ ਹੈ। ਉਨ੍ਹਾਂ ਸਾਰੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਬਾਰੇ ਜਾਣਕਾਰੀ ਤੁਰੰਤ ਪ੍ਰਸ਼ਾਸਨ ਨਾਲ ਸਾਂਝੀ ਕਰਨ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਸਿਰਫ਼ ਨਸ਼ਾ ਛੁਡਾਉਣ ਤੱਕ ਸੀਮਿਤ ਨਹੀਂ ਹੈ, ਸਗੋਂ ਨਸ਼ਿਆਂ ਤੋਂ ਮੁਕਤ ਹੋਏ ਨੌਜਵਾਨਾਂ ਦੇ ਪੁਨਰ ਵਿਕਾਸ ਅਤੇ ਪੁਨਰਵਾਸ 'ਤੇ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦਾ ਟੀਚਾ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨਾ ਹੈ ਤਾਂ ਜੋ ਉਹ ਨਵੀਂ ਜ਼ਿੰਦਗੀ ਦੀ ਸ਼ੁਰੂਆਤ ਕਰ ਸਕਣ ਅਤੇ ਸਮਾਜ ਦੀ ਮੁੱਖ ਧਾਰਾ ਨਾਲ ਜੁੜ ਸਕਣ।

ਐਸ.ਐਸ.ਪੀ. ਸ੍ਰੀ ਵਰੁਣ ਸ਼ਰਮਾ ਨੇ ਕਿਹਾ ਕਿ ਪੰਜਾਬ ਪੁਲਿਸ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰ ਰਹੀ ਹੈ ਅਤੇ ਕਿਸੇ ਵੀ ਦੋਸ਼ੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਪੁਲਿਸ ਅਤੇ ਜ਼ਿਲ੍ਹਾ ਪ੍ਰਸ਼ਾਸਨ ਆਪਸੀ ਤਾਲਮੇਲ ਨਾਲ ਕੰਮ ਕਰ ਰਹੇ ਹਨ ਤਾਂ ਜੋ ਨਸ਼ਿਆਂ ਦੇ ਨੈੱਟਵਰਕ ਨੂੰ ਪੂਰੀ ਤਰ੍ਹਾਂ ਤੋੜਿਆ ਜਾ ਸਕੇ।

ਉਨ੍ਹਾਂ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਨਸ਼ਿਆਂ ਸੰਬੰਧੀ ਦਿੱਤੀ ਜਾਣ ਵਾਲੀ ਹਰ ਜਾਣਕਾਰੀ ਨੂੰ ਪੂਰੀ ਗੁਪਤਤਾ ਨਾਲ ਲਿਆ ਜਾਵੇਗਾ ਅਤੇ ਸੂਚਨਾ ਦੇਣ ਵਾਲੇ ਵਿਅਕਤੀ ਦੀ ਪਹਿਚਾਣ ਸੁਰੱਖਿਅਤ ਰੱਖੀ ਜਾਵੇਗੀ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ ਤੇ ਸਕਾਰਾਤਮਕ ਗਤੀਵਿਧੀਆਂ ਨਾਲ ਜੁੜਨ ਦੀ ਅਪੀਲ ਕੀਤੀ।

# ਦਿੱਲੀ ਕਮੇਟੀ ਦਾ ਵਫਦ ਕਰਨ ਪ੍ਰਯਾਗ ਮਾਮਲੇ ਵਿੱਚ ਮੁੱਖ ਮੰਤਰੀ ਉੱਤਰਾਖੰਡ ਨੂੰ ਮਿਲਿਆ: ਹਰਮੀਤ ਸਿੰਘ

**ਦੇਹਰਾਦੂਨ, 23 ਜੂਨ**
**-ਸ਼.ਅ.ਬਿਓਰੋ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਹਰਮੀਤ ਸਿੰਘ ਕਾਲਕਾ ਦੀ ਅਗਵਾਈ ਵਿੱਚ ਇੱਕ ਉੱਚ ਪੱਧਰੀ ਵਫ਼ਦ ਨੇ ਅੱਜ ਉੱਤਰਾਖੰਡ ਦੇ ਮੁੱਖ ਮੰਤਰੀ ਸ੍ਰੀ ਪੁਸ਼ਕਰ ਸਿੰਘ ਧਾਮੀ ਨਾਲ ਮੀਟਿੰਗ ਕਰਕੇ 16 ਜੂਨ ਨੂੰ ਕਰਨਪ੍ਰਯਾਗ ਵਿਖੇ ਵਾਪਰੀ ਘਟਨਾ ਅਤੇ ਉਸ ਤੋਂ ਬਾਅਦ ਚਮੋਲੀ ਪੁਲਿਸ ਵੱਲੋਂ ਕੀਤੀ ਗਈ ਕਾਰਵਾਈ ਸਬੰਧੀ ਸਿੱਖ ਭਾਈਚਾਰੇ ਦੀਆਂ ਚਿੰਤਾਵਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀਆਂ। ਵਫ਼ਦ ਵਿੱਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਸ. ਜਗਦੀਪ ਸਿੰਘ ਕਾਹਲੋਂ, ਸ. ਭੁਪਿੰਦਰ ਸਿੰਘ ਭੁੱਲਰ, ਸ. ਸੁਖਿੰਦਰ ਸਿੰਘ ਅਤੇ ਸ. ਇੰਦਰਜੀਤ ਸਿੰਘ ਵੀ ਸ਼ਾਮਲ ਸਨ।

ਮੀਟਿੰਗ ਉਪਰੰਤ ਜਾਣਕਾਰੀ ਦਿੰਦਿਆਂ ਸ. ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਵਫ਼ਦ ਨੇ ਮੁੱਖ ਮੰਤਰੀ ਨੂੰ ਦੱਸਿਆ ਕਿ ਚਮੋਲੀ ਪੁਲਿਸ ਦੀ ਕਾਰਵਾਈ ਨੂੰ ਲੈ ਕੇ ਸਿੱਖ ਭਾਈਚਾਰੇ ਵਿੱਚ ਗਹਿਰਾ ਰੋਸ ਹੈ। ਉਨ੍ਹਾਂ ਕਿਹਾ ਕਿ ਜੇਕਰ ਦੋ ਧਿਰਾਂ ਵਿਚਕਾਰ ਕੋਈ ਵਿਵਾਦ ਜਾਂ ਝਗੜਾ ਹੋਇਆ ਸੀ ਤਾਂ ਕਾਨੂੰਨੀ ਕਾਰਵਾਈ ਨਿਰਪੱਖ ਅਤੇ ਦੋਵਾਂ ਪਾਸਿਆਂ ਦੇ ਤੱਥਾਂ ਨੂੰ ਧਿਆਨ ਵਿੱਚ ਰੱਖ ਕੇ ਕੀਤੀ ਜਾਣੀ ਚਾਹੀਦੀ ਸੀ, ਪਰ ਮਾਮਲੇ ਵਿੱਚ ਇਕਪੱਖੀ ਕਾਰਵਾਈ ਦੀ ਭਾਵਨਾ ਸਾਹਮਣੇ ਆਈ ਹੈ, ਜਿਸ ਕਾਰਨ ਸਿੱਖਾਂ ਵਿੱਚ ਬਹੁਤ ਰੋਸ ਪਾਇਆ ਜਾ ਰਿਹਾ ਹੈ।



ਸ. ਕਾਲਕਾ ਨੇ ਦੋਸ਼ ਲਾਇਆ ਕਿ ਹਿਰਾਸਤ ਵਿੱਚ ਲਏ ਗਏ ਸਿੱਖ ਨੌਜਵਾਨਾਂ ਨਾਲ ਕਥਿਤ ਤੌਰ 'ਤੇ ਦੁਰਵਿਵਹਾਰ ਅਤੇ ਉਨ੍ਹਾਂ ਨੂੰ ਬਿਨਾਂ ਦਸਤਾਰ ਅਦਾਲਤ ਵਿੱਚ ਪੇਸ਼ ਕਰਨ ਨਾਲ ਸਿੱਖ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਸੱਚਾਈ ਸਾਹਮਣੇ ਆਉਣੀ ਅਤੇ ਜ਼ਿੰਮੇਵਾਰਾਂ ਦੀ ਜਵਾਬਦੇਹੀ ਤੈਅ ਹੋਣੀ ਬਹੁਤ ਜ਼ਰੂਰੀ ਹੈ। ਮੁੱਖ ਮੰਤਰੀ ਸ੍ਰੀ ਪੁਸ਼ਕਰ ਸਿੰਘ ਧਾਮੀ ਨੇ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਪੂਰੇ ਮਾਮਲੇ ਦੀ ਜਾਂਚ ਡੀਜੀਪੀ ਪੱਧਰ 'ਤੇ ਕਰਵਾਈ ਜਾਵੇਗੀ ਅਤੇ 15 ਦਿਨਾਂ ਦੇ ਅੰਦਰ ਜਾਂਚ ਮੁਕੰਮਲ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ।

ਉਨ੍ਹਾਂ ਦੱਸਿਆ ਕਿ ਹਰਿਦੁਆਰ ਦੇ ਐਸਐਸਪੀ ਸ. ਨਵਨੀਤ ਸਿੰਘ ਭੁੱਲਰ ਨੂੰ ਜਾਂਚ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਸਰਦਾਰ ਕਾਲਕਾ ਨੇ ਦੱਸਿਆ ਕਿ ਮਾਮਲੇ ਵਿੱਚ ਕ੍ਰਾਸ ਐਫਆਈਆਰ ਦਰਜ ਕੀਤੀ ਗਈ ਹੈ ਤਾਂ ਜੋ ਸਾਰੇ ਪੱਖਾਂ ਦੀ ਨਿਰਪੱਖਤਾ ਨਾਲ ਜਾਂਚ ਹੋ ਸਕੇ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਫ਼ਦ ਨੇ ਮੰਗ ਕੀਤੀ ਕਿ ਜਿਨ੍ਹਾਂ ਪੁਲਿਸ ਅਧਿਕਾਰੀਆਂ ਦੀ ਭੂਮਿਕਾ ਸਬੰਧੀ ਸਵਾਲ ਉਠੇ ਹਨ, ਉਨ੍ਹਾਂ ਦੇ ਵਰਤਾਅ ਦੀ ਵੀ ਨਿਰਪੱਖ ਜਾਂਚ ਕੀਤੀ ਜਾਵੇ। ਇਸ 'ਤੇ ਮੁੱਖ ਮੰਤਰੀ ਨੇ ਭਰੋਸਾ ਦਿਵਾਇਆ ਕਿ ਜਾਂਚ ਦੌਰਾਨ ਜੋ ਵੀ ਤੱਥ ਸਾਹਮਣੇ ਆਉਣਗੇ, ਉਨ੍ਹਾਂ ਦੇ ਆਧਾਰ 'ਤੇ ਬਣਦੀ ਕਾਰਵਾਈ ਕੀਤੀ ਜਾਵੇਗੀ।

ਮੁੱਖ ਮੰਤਰੀ ਨੇ ਇਹ ਵੀ ਸਪੱਸ਼ਟ ਕੀਤਾ ਕਿ ਉੱਤਰਾਖੰਡ ਆਉਣ ਵਾਲੇ ਹਰ ਯਾਤਰੀ ਦੀ ਸੁਰੱਖਿਆ, ਸਨਮਾਨ ਅਤੇ ਧਾਰਮਿਕ ਆਜ਼ਾਦੀ ਦੀ ਰੱਖਿਆ ਉਤਰਾਖੰਡ ਸਰਕਾਰ ਦੀ ਜ਼ਿੰਮੇਂਵਾਰੀ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਭਾਈਚਾਰੇ ਨਾਲ ਵਿਤਕਰਾ ਨਹੀਂ ਹੋਣਾ ਚਾਹੀਦਾ ਅਤੇ ਅਜਿਹੇ ਬਿਆਨਾਂ ਜਾਂ ਕਦਮਾਂ ਤੋਂ ਵੀ ਬਚਣਾ ਚਾਹੀਦਾ ਹੈ ਜੋ ਸਮਾਜਿਕ ਸਦਭਾਵਨਾ ਨੂੰ ਨੁਕਸਾਨ ਪਹੁੰਚਾਉਣ। ਸ. ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਮੁੱਖ ਮੰਤਰੀ ਨਾਲ ਮੀਟਿੰਗ ਬਹੁਤ ਸਦਭਾਵਨਾਪੂਰਨ ਮਾਹੌਲ ਵਿੱਚ ਹੋਈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਵੱਲੋਂ ਦਿੱਤੇ ਗਏ ਭਰੋਸਿਆਂ ਨਾਲ ਵਫ਼ਦ ਨੂੰ ਸੰਤੁਸ਼ਟੀ ਮਿਲੀ ਹੈ ਅਤੇ ਉਮੀਦ ਹੈ ਕਿ ਜਾਂਚ ਪੂਰੀ ਪਾਰਦਰਸ਼ਤਾ ਅਤੇ ਨਿਰਪੱਖਤਾ ਨਾਲ ਮੁਕੰਮਲ ਕੀਤੀ ਜਾਵੇਗੀ।




# ਮਾਰਾ ਹਰਿਆਣਾ




# ਸ਼ਾਂਤੀ, ਭਾਈਚਾਰੇ ਅਤੇ ਨਿਸ਼ਕਾਮ ਕਰਮ ਦੇ ਵਿਸ਼ਵਵਿਆਪੀ ਸੰਦੇਸ਼ ਦੇ ਨਾਲ ਕਿਓਟੋ (ਜਾਪਾਨ) ਵਿੱਚ ਅੰਤਰਰਾਸ਼ਟਰੀ ਗੀਤਾ ਮਹੋਤਸਵ ਦੀ ਸ਼ਾਨਦਾਰ ਸਮਾਪਤੀ

**ਚੰਡੀਗੜ੍ਹ, 23 ਜੂਨ**
**-ਮਨੋਜ ਸ਼ਰਮਾ-**

ਜਾਪਾਨ ਦੇ ਇਤਿਹਾਸਕ ਸ਼ਹਿਰ ਕਿਓਟੋ ਵਿੱਚ ਬਹੁਤ ਹੀ ਅਧਿਆਤਮਿਕ ਉਤਸ਼ਾਹ ਅਤੇ ਸੱਭਿਆਚਾਰਕ ਸਦਭਾਵਨਾ ਨਾਲ ਅੰਤਰਰਾਸ਼ਟਰੀ ਗੀਤਾ ਮਹੋਤਸਵ ਦੇ ਜਾਪਾਨ ਐਡੀਸ਼ਨ ਦਾ ਸ਼ਾਨਦਾਰ ਸਮਾਪਤੀ ਸਮਾਰੋਹ ਆਯੋਜਿਤ ਕੀਤਾ ਗਿਆ। ਇਸ ਸ਼ਾਨਦਾਰ ਆਯੋਜਨ ਵਿੱਚ ਭਗਵਦ ਗੀਤਾ ਦੇ ਸਦੀਵੀ ਉਪਦੇਸ਼ਾਂ ਨੂੰ ਦੁਹਰਾਉਂਦੇ ਹੋਏ ਵਿਸ਼ਵ ਸ਼ਾਂਤੀ, ਆਪਸੀ ਭਾਈਚਾਰੇ ਅਤੇ ਨਿਸ਼ਕਾਮ ਕਰਮ ਦੇ ਸਰਵਵਿਆਪੀ ਸੰਦੇਸ਼ ’ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ।

ਇਸ ਦੇ ਤਹਿਤ ਟੋਕੀਓ ਯੂਨੀਵਰਸਿਟੀ ਵਿੱਚ ਇੱਕ ਬਹੁਤ ਹੀ ਵੱਕਾਰੀ ਵਿਦਿਅਕ ਸੈਮੀਨਾਰ ਦਾ ਸ਼ਾਨਦਾਰ ਆਯੋਜਨ ਹੋਇਆ ਅਤੇ ਏਦੋਗਾਵਾ ਦੀਆਂ ਸੜਕਾਂ ’ਤੇ ਭਵੱਯ ਗੀਤਾ ਸਦਭਾਵਨਾ ਯਾਤਰਾ ਕੱਢੀ ਗਈ, ਜਿਸ ਨੇ ਭਾਰਤੀ ਪ੍ਰਵਾਸੀਆਂ ਅਤੇ ਜਾਪਾਨੀ ਭਾਈਚਾਰੇ ਦੇ ਹਜ਼ਾਰਾਂ ਲੋਕਾਂ ਨੂੰ ਇੱਕਜੁੱਟ ਕਰ ਦਿੱਤਾ।

ਓਸਾਕਾ ਪ੍ਰਾਂਤ ਵਿਧਾਨ ਸਭਾ ਵਿੱਚ ਪਵਿੱਤਰ ਗੀਤਾ ਭੇਟ ਕੀਤੀ ਗਈ। ਓਸਾਕਾ ਅਸੈਂਬਲੀ ਵਿੱਚ ਕੁੱਲ 50 ਵਿਧਾਇਕ ਹਨ, ਹੈਰਾਨੀ ਦੀ ਗੱਲ ਹੈ ਕਿ ਜਿਸ ਵਿੱਚ 49 ਵਿਧਾਇਕਾਂ ਦਾ ਇੱਕ ਵਿਸ਼ਿਸ਼ਟ ਸੰਗਠਨ ’ਇੰਡੋ ਜਾਪਾਨ ਫਰੈਂਡਸ਼ਿਪ ਫੋਰਮ’ ਦੇ ਨਾਮ ਨਾਲ ਬਣਿਆ ਹੋਇਆ ਹੈ। ਅਸੈਂਬਲੀ ਵਿੱਚ ਇਨ੍ਹਾਂ ਵਿੱਚੋਂ 9 ਪ੍ਰਤੀਨਿਧੀ ਵਿਧਾਇਕਾਂ ਨੂੰ ਸਵਾਮੀ ਗਿਆਨਾਨੰਦ ਮਹਾਰਾਜ ਅਤੇ ਕਮਿਸ਼ਨਰ ਅਤੇ ਸਕੱਤਰ ਸੂਚਨਾ, ਜਨ ਸੰਪਰਕ ਅਤੇ ਭਾਸ਼ਾ ਵਿਭਾਗ ਅਤੇ ਮੈਂਬਰ ਸਕੱਤਰ ਕੁਰੂਕਸ਼ੇਤਰ ਵਿਕਾਸ ਬੋਰਡ ਡਾ: ਅਮਿਤ ਅਗਰਵਾਲ ਦੇ ਨਾਲ ਕੁਰੂਕਸ਼ੇਤਰ ਵਿਕਾਸ ਬੋਰਡ ਦੇ ਪ੍ਰਤੀਨਿਧੀ ਮੰਡਲ ਨੇ ਸ਼੍ਰੀਮਦ ਭਗਵਦ ਗੀਤਾ ਭੇਟ ਕੀਤੀ। ਵਿਧਾਇਕਾਂ ਨੇ ਭਾਰਤ ਅਤੇ ਜਾਪਾਨ ਦੀ ਸੰਸਕ੍ਰਿਤੀ ਦੇ ਵੱਖ-ਵੱਖ ਪਹਿਲੂਆਂ ’ਤੇ ਵੀ ਚਰਚਾ ਕੀਤੀ। ਇੱਕੋ ਜਿਹੀ ਸੋਚ, ਇੱਕੋ ਜਿਹੀ ਸੰਸਕ੍ਰਿਤੀ ਅਤੇ ਸੰਸਕਾਰਾਂ ’ਤੇ ਦੋਵੇਂ ਦੇਸ਼ ਇਕਜੁੱਟ ਹੋ ਕੇ ਕਿਵੇਂ ਕੰਮ ਕਰਨ, ਇਸ ’ਤੇ ਵਿਸਤ੍ਰਿਤ ਚਰਚਾ ਹੋਈ।



ਓਸਾਕਾ ਪ੍ਰਾਂਤ ਵਿਧਾਨ ਸਭਾ ਵਿੱਚ ਪਰਮ ਪੂਜਯ ਸਵਾਮੀ ਗਿਆਨਾਨੰਦ ਮਹਾਰਾਜ, ਭਾਰਤ ਦੇ ਮਹਾਵਣਜ ਦੂਤ ਡਾ: ਅਬਦੁਲ ਸਮੀ, ਡਾ: ਅਮਿਤ ਅਗਰਵਾਲ, ਉਪੇਂਦਰ ਸਿੰਗਲ (ਮਾਨਦ ਸਕੱਤਰ), ਅਥਾਰਟੀ ਮੈਂਬਰ ਵਿਜੇ ਨਰੂਲਾ ਅਤੇ ਹਿੰਦੂ ਸਵੈਮ ਸੇਵਕ ਸੰਘ ਦੇ ਸਮਰਪਿਤ ਮੈਂਬਰ ਮੌਕੇ ’ਤੇ ਮੌਜੂਦ ਸਨ।

ਇਸ ਤੋਂ ਬਾਅਦ ਇਗਾਸ਼ੀ ਓਸਾਕਾ ਦੇ ਮੇਅਰ ਜੁੰਜ਼ੋ ਨਾਗਾਓ ਨਾਲ ਵਿਸ਼ਿਸ਼ਟ ਪ੍ਰਤੀਨਿਧੀ ਮੰਡਲ ਦੀ ਮੀਟਿੰਗ ਉਨ੍ਹਾਂ ਦੇ ਦਫ਼ਤਰ ਵਿੱਚ ਸੰਪੰਨ ਹੋਈ, ਜਿਸ ਵਿੱਚ ਵਿਧਾਇਕ ਸਤਪਾਲ ਜਾਂਬਾਜੀ, ਪੰਚਕੂਲਾ ਦੇ ਮੇਅਰ ਸ਼ਿਆਮਲਾਲ ਬਾਂਸਲ, ਰਮਿਤਾ ਅਗਰਵਾਲ ਸਮੇਤ ਕੁਰੂਕਸ਼ੇਤਰ ਵਿਕਾਸ ਬੋਰਡ ਦੇ ਪ੍ਰਤੀਨਿਧੀ ਸ਼ਾਮਲ ਹੋਏ। ਕਿਓਟੋ ਜਾਪਾਨ ਦੀ ਸੱਭਿਆਚਾਰਕ ਰਾਜਧਾਨੀ ਹੈ ਅਤੇ ਕੁਰੂਕਸ਼ੇਤਰ ਹਰਿਆਣਾ ਦੀ। ਇਸ ਨਾਤੇ ਦੋਵਾਂ ਸ਼ਹਿਰਾਂ ਵਿੱਚ ਕਿਸ ਤਰ੍ਹਾਂ ਦੇ ਸੱਭਿਆਚਾਰਕ ਅਦਾਨ-ਪ੍ਰਦਾਨ ਦੀਆਂ ਸੰਭਾਵਨਾਵਾਂ ਹੋ ਸਕਦੀਆਂ ਹਨ, ਇਸ ਗੱਲ ’ਤੇ ਚਰਚਾ ਹੋਈ।

ਦੁਪਹਿਰ ਬਾਅਦ ਕਿਓਟੋ ਦੇ ’ਜ਼ਿਆਨ ਕਾਰਨਰ’ ਨਾਮਕ ਇੱਕ ਪ੍ਰਸਿੱਧ ਸੱਭਿਆਚਾਰਕ ਕੰਪਲੈਕਸ ਵਿੱਚ ਸ਼੍ਰੀਮਦ ਭਗਵਦ ਗੀਤਾ ਦਾ ਜਾਪਾਨੀ ਭਾਸ਼ਾ ਵਿੱਚ ਰਵਾਇਤੀ ’ਕਾਬੂਕੀ ਸ਼ੋਅ’ ਆਯੋਜਿਤ ਕੀਤਾ ਗਿਆ, ਜਿਸ ਵਿੱਚ ਸ਼੍ਰੀਮਦ ਭਗਵਦ ਗੀਤਾ ਦੇ ਸਾਰ ਨੂੰ ਜਾਪਾਨੀ ਭਾਸ਼ਾ ਵਿੱਚ ਮੰਚਿਤ ਕੀਤਾ ਗਿਆ।

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਦਾ ਇਸ ਬ੍ਰਹਮ ਮਹੋਤਸਵ ਦੇ ਸਫਲ ਆਯੋਜਨ ਲਈ ਇੱਕ ਵਿਸ਼ੇਸ਼ ਵੀਡੀਓ ਸੰਦੇਸ਼ ਪ੍ਰਸਾਰਿਤ ਕੀਤਾ ਗਿਆ। ਉਨ੍ਹਾਂ ਨੇ ਇਸ ਸਦੀਵੀ ਉਤਸਵ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਆਯੋਜਨ ਭਾਰਤ ਅਤੇ ਜਾਪਾਨ ਵਿਚਕਾਰ ਅੰਤਰਰਾਸ਼ਟਰੀ ਅਤੇ ਸੱਭਿਆਚਾਰਕ ਸਬੰਧਾਂ ਨੂੰ ਹੋਰ ਮਜ਼ਬੂਤ ਕਰਦੇ ਹਨ।

ਵਿਸ਼ਵ ਗੀਤਾ ਮੰਚ ਦੇ ਪ੍ਰੇਰਕ ਗੀਤਾ ਮਨੀਸ਼ੀ ਸਵਾਮੀ ਗਿਆਨਾਨੰਦ ਮਹਾਰਾਜ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਗੀਤਾ ਕਿਸੇ ਇੱਕ ਧਰਮ ਜਾਂ ਖੇਤਰ ਤੱਕ ਸੀਮਤ ਨਹੀਂ ਹੈ, ਸਗੋਂ ਇਹ ਪੂਰੀ ਮਾਨਵਤਾ ਲਈ ਸ਼ਾਂਤੀਪੂਰਨ ਜੀਵਨ ਜਿਉਣ ਅਤੇ ਸਹੀ ਮਾਰਗ ’ਤੇ ਚੱਲਣ ਦੀ ਇੱਕ ਵਿਹਾਰਕ ਜੀਵਨ ਨਿਯਮਾਵਲੀ ਹੈ।

ਸਵਾਮੀ ਗੁਰੁਸ਼ਰਨਾਨੰਦ ਮਹਾਰਾਜ ਨੇ ਸਭਾ ਨੂੰ ਆਪਣਾ ਪਵਿੱਤਰ ਆਸ਼ੀਰਵਾਦ ਦਿੰਦੇ ਹੋਏ ਕਿਹਾ ਕਿ ਗੀਤਾ ਦਾ ਪ੍ਰਾਚੀਨ ਗਿਆਨ ਭਾਰਤ ਅਤੇ ਜਾਪਾਨ ਦੀਆਂ ਡੂੰਘੀਆਂ ਅਧਿਆਤਮਿਕ ਵਿਰਾਸਤਾਂ ਨੂੰ ਜੋੜਨ ਵਾਲੇ ਇੱਕ ਮਜ਼ਬੂਤ ਸੇਤੂ (ਪੁਲ) ਵਜੋਂ ਕੰਮ ਕਰਦਾ ਹੈ।

ਕੁਰੂਕਸ਼ੇਤਰ ਵਿਕਾਸ ਬੋਰਡ ਦੇ ਮੈਂਬਰ ਸਕੱਤਰ ਡਾ: ਅਮਿਤ ਅਗਰਵਾਲ ਨੇ ਵਰਤਮਾਨ ਸਮੇਂ ਵਿੱਚ ਗੀਤਾ ਦੇ ਦਰਸ਼ਨ ਦੀ ਵਿਸ਼ਵਵਿਆਪੀ ਪ੍ਰਸੰਗਿਕਤਾ ’ਤੇ ਚਾਨਣਾ ਪਾਇਆ। ਉਨ੍ਹਾਂ ਨੇ ਦੱਸਿਆ ਕਿ ਕਿਵੇਂ ਗੀਤਾ ਦਾ ਨਿਸ਼ਕਾਮ ਕਰਮ ਅਤੇ ਨੈਤਿਕ ਮਾਰਗ ਅੱਜ ਦੀਆਂ ਆਧੁਨਿਕ ਚੁਣੌਤੀਆਂ ਨਾਲ ਨਜਿੱਠਣ ਵਿੱਚ ਪੂਰੀ ਦੁਨੀਆ ਦਾ ਮਾਰਗਦਰਸ਼ਨ ਕਰ ਸਕਦਾ ਹੈ।

ਇਸ ਸਮਾਪਤੀ ਸਮਾਰੋਹ ਦਾ ਇੱਕ ਮੁੱਖ ਆਕਰਸ਼ਣ ਪ੍ਰਸਿੱਧ ’ਓਟਾਨੀ ਗਰੁੱਪ’ ਦੁਆਰਾ ਪੇਸ਼ ਕੀਤਾ ਗਿਆ ਇੱਕ ਅਦਭੁਤ ਅੰਤਰ-ਸੱਭਿਆਚਾਰਕ ਵਿਸ਼ੇਸ਼ ਜਾਪਾਨੀ ਰਵਾਇਤੀ ਨਾਟਕ ’ਕਾਬੂਕੀ ਸ਼ੋਅ’ ਸੀ। ਕੇਇਜ਼ੋ ਓਟਾਨੀ ਅਤੇ ਰਿਯੁਸੇਈ ਓਟਾਨੀ ਨੇ ਆਪਣੀ ਸ਼ਾਨਦਾਰ ਅਦਾਕਾਰੀ ਨਾਲ ਅੰਤਰਰਾਸ਼ਟਰੀ ਦਰਸ਼ਕਾਂ ਨੂੰ ਮੰਤਰ-ਮੁਗਧ ਕਰ ਦਿੱਤਾ। ਇਸ ਪੇਸ਼ਕਾਰੀ ਨੇ ਦੋਵਾਂ ਦੇਸ਼ਾਂ ਵਿਚਕਾਰ ਡੂੰਘੇ ਸੱਭਿਆਚਾਰਕ ਸਬੰਧਾਂ ਅਤੇ ਆਪਸੀ ਸਤਿਕਾਰ ਨੂੰ ਪ੍ਰਦਰਸ਼ਿਤ ਕੀਤਾ।

ਭਾਰਤੀ ਦੂਤਾਵਾਸ ਦੁਆਰਾ ਆਯੋਜਿਤ ਇਹ ਸ਼ਾਨਦਾਰ ਅਤੇ ਭਾਵਪੂਰਨ ਪ੍ਰੋਗਰਾਮ ਅੰਤਰਰਾਸ਼ਟਰੀ ਗੀਤਾ ਮਹੋਤਸਵ ਦੇ ਸਮਾਪਤੀ ਸਮਾਰੋਹ ਵਜੋਂ ਰਿਹਾ।

ਸਵਾਮੀ ਗਿਆਨਾਨੰਦ ਦੇ ਮਾਰਗਦਰਸ਼ਨ ਵਿੱਚ ਕੁਰੂਕਸ਼ੇਤਰ ਵਿਕਾਸ ਬੋਰਡ ਦੇ ਪ੍ਰਤੀਨਿਧੀ ਮੰਡਲ ਨੇ ਓਟਾਨੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਨਾਲ ਦੋਵਾਂ ਦੇਸ਼ਾਂ ਵਿਚਕਾਰ ਗੀਤਾ ’ਤੇ ਖੋਜ ਅਤੇ ਕਲਚਰਲ ਐਕਸਚੇਂਜ (ਸੱਭਿਆਚਾਰਕ ਅਦਾਨ-ਪ੍ਰਦਾਨ) ’ਤੇ ਵੀ ਚਰਚਾ ਕੀਤੀ ਅਤੇ ਯੂਨੀਵਰਸਿਟੀ ਵਿੱਚ ਗੀਤਾ ਭੇਟ ਕੀਤੀ। ਇਸਕਾਨ ਨੇ ਗੀਤਾ ਦੇ ਬ੍ਰਹਮ ਸੰਦੇਸ਼ ਨੂੰ ਜਨ-ਜਨ ਤੱਕ ਪਹੁੰਚਾਉਣ ਵਿੱਚ ਆਪਣਾ ਸਮੂਹਿਕ ਯੋਗਦਾਨ ਦਿੱਤਾ।

ਜਾਪਾਨ ਦੇ ਕਿਓਟੋ ਵਿੱਚ ਅੰਤਰਰਾਸ਼ਟਰੀ ਗੀਤਾ ਮਹੋਤਸਵ ਦਾ ਇਹ ਸਫਲ ਸਮਾਪਤੀ, ਕੁਰੂਕਸ਼ੇਤਰ ਦੇ ਸਦੀਵੀ ਅਤੇ ਅਮਰ ਸੰਦੇਸ਼ ਨੂੰ ਵਿਸ਼ਵ ਪਟਲ ’ਤੇ ਲਿਜਾਣ ਵਿੱਚ ਇੱਕ ਹੋਰ ਮੀਲ ਦਾ ਪੱਥਰ ਸਾਬਤ ਹੋਇਆ ਹੈ। ਇਹ ਆਯੋਜਨ ਉਗਦੇ ਸੂਰਜ ਦੀ ਧਰਤੀ ਜਾਪਾਨ ਵਿੱਚ ਸ਼ਾਂਤੀ, ਜਾਗਰੂਕਤਾ ਅਤੇ ਅਟੁੱਟ ਭਾਈਚਾਰੇ ਦੀ ਇੱਕ ਅਮਿੱਟ ਛਾਪ ਛੱਡ ਗਿਆ ਹੈ।

## ਸੂਬੇ ਵਿੱਚ ਹੜ੍ਹ ਨਿਯੰਤਰਣ ਲਈ ਉਪਕਰਨਾਂ ਦੀ 30 ਕਰੋੜ ਤੋਂ ਵੱਧ ਦੀ ਖਰੀਦ ਨੂੰ ਦਿੱਤੀ ਮਨਜ਼ੂਰੀ - ਮੰਤਰੀ ਸ਼ਰੂਤੀ ਚੌਧਰੀ

**ਚੰਡੀਗੜ੍ਹ, 23 ਜੂਨ**
**-ਸੰਜੀਵ ਸ਼ਰਮਾ-**

ਹਰਿਆਣਾ ਦੀ ਸਿੰਚਾਈ ਅਤੇ ਜਲ ਸਰੋਤ ਮੰਤਰੀ ਸ੍ਰੀਮਤੀ ਸ਼ਰੂਤੀ ਚੌਧਰੀ ਦੀ ਅਗਵਾਈ ਹੇਠ ਅੱਜ ਇੱਥੇ ਸਿਵਲ ਸਕੱਤਰੇਤ ਵਿੱਚ ਵਿਭਾਗੀ ਉੱਚ-ਅਧਿਕਾਰ ਪ੍ਰਾਪਤ ਖਰੀਦ ਕਮੇਟੀ ਦੀ ਇੱਕ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਸੂਬੇ ਵਿੱਚ ਆਗਾਮੀ ਮਾਨਸੂਨ ਦੇ ਮੱਦੇਨਜ਼ਰ ਹੜ੍ਹ ਨਿਯੰਤਰਣ ਲਈ ਫੈਸਲੇ ਲਏ ਗਏ। ਮੀਟਿੰਗ ਵਿੱਚ ਡੀਐਚਪੀਪੀਸੀ ਦੇ ਮੈਂਬਰ ਅਤੇ ਸੂਬੇ ਦੇ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਵੀ ਵਿਸ਼ੇਸ਼ ਤੌਰ ’ਤੇ ਮੌਜੂਦ ਸਨ। ਮੀਟਿੰਗ ਦੌਰਾਨ ਕਮੇਟੀ ਨੇ ਜਲ ਭਰਾਵ ਅਤੇ ਹੜ੍ਹ ਵਰਗੀਆਂ ਸਥਿਤੀਆਂ ਨਾਲ ਨਜਿੱਠਣ ਲਈ ਪਾਈਪਾਂ ਅਤੇ ਹਾਈ-ਪਾਵਰ ਵਾਟਰ ਪੰਪਾਂ ਦੀ ਖਰੀਦ ਨਾਲ ਸਬੰਧਤ ਸਾਰੇ 16 ਏਜੰਡਿਆਂ ਨੂੰ ਸਰਬਸੰਮਤੀ ਨਾਲ ਮਨਜ਼ੂਰੀ ਦਿੱਤੀ। ਇਨ੍ਹਾਂ ਉਪਕਰਨਾਂ ਅਤੇ ਸਮੱਗਰੀਆਂ ਦੀ ਖਰੀਦ ’ਤੇ ਸੂਬਾ ਸਰਕਾਰ ਵੱਲੋਂ 30 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਖਰਚ ਕੀਤੀ ਜਾਵੇਗੀ। ਮੰਤਰੀ ਨੇ ਕਿਹਾ ਕਿ ਸਰਕਾਰ ਦੇ ਇਸ ਕਦਮ ਨਾਲ ਸੂਬੇ ਦੇ ਸੰਵੇਦਨਸ਼ੀਲ ਅਤੇ ਹੇਠਲੇ ਇਲਾਕਿਆਂ ਵਿੱਚ ਪਾਣੀ ਦੇ ਨਿਕਾਸ ਦੇ ਪ੍ਰਬੰਧਾਂ ਨੂੰ ਭਾਰੀ ਮਜ਼ਬੂਤੀ ਮਿਲੇਗੀ। ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਹੜ੍ਹ ਨਿਯੰਤਰਣ ਨਾਲ ਜੁੜੀ ਸਾਰੀ ਸਮੱਗਰੀ ਦੀ ਸਪਲਾਈ ਸਮੇਂ ਸਿਰ ਯਕੀਨੀ ਬਣਾਈ ਜਾਵੇ। ਸਪਲਾਇਰਾਂ ਦੁਆਰਾ ਨਿਰਧਾਰਤ ਸਪਲਾਈ ਪ੍ਰੋਗਰਾਮ ਦੀ ਸਖ਼ਤੀ ਨਾਲ ਪਾਲਣਾ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਨੇ ਕਿਹਾ ਕਿ ਮਾਨਸੂਨ ਦੇ ਆਉਣ ਤੋਂ ਪਹਿਲਾਂ ਦੀਆਂ ਤਿਆਰੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਦੇਰੀ ਜਾਂ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ, ਤਾਂ ਜੋ ਜਨਤਾ ਨੂੰ ਜਲ ਭਰਾਵ ਦੀ ਸਮੱਸਿਆ ਤੋਂ ਬਚਾਇਆ ਜਾ ਸਕੇ।

## ਵਿਕਸਿਤ ਭਾਰਤ ਲਈ ਯੂਥ ਦੀ ਹਿੱਸੇਦਾਰੀ ਅਹਿਮ: ਬਰਾਲਾ

**ਰਤੀਆ, 23 ਜੂਨ**
**-ਸ਼.ਅ.ਬਿਓਰੋ-**

ਕੇਂਦਰ ਸਰਕਾਰ ਦੇ 12 ਸਾਲ ਪੂਰੇ ਹੋਣ ’ਤੇ ਪਿੰਡ ਦਮਕੋਰਾ ਦੇ ਸਟੇਡੀਅਮ ਵਿੱਚ ਅੱਜ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਰਾਜ ਸਭਾ ਮੈਂਬਰ ਸੁਭਾਸ਼ ਬਰਾਲਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਪੌਦਾ ਲਾ ਕੇ ਵਾਤਾਵਰਨ ਸੰਭਾਲ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਵਿਕਸਿਤ ਭਾਰਤ ਦਾ ਸੁਪਨਾ ਪੂਰਾ ਕਰਨ ਲਈ ਨੌਜਵਾਨਾਂ ਦੀ ਹਿੱਸੇਦਾਰੀ ਸਭ ਤੋਂ ਅਹਿਮ ਹੈ। ਰਾਸ਼ਟਰ ਨਿਰਮਾਣ, ਵਾਤਾਵਰਨ ਸੁਰੱਖਿਆ ਅਤੇ ਸਮਾਜਿਕ ਜਾਗਰੂਕਤਾ ਵਰਗੀਆਂ ਮੁਹਿੰਮਾਂ ਵਿੱਚ ਨੌਜਵਾਨਾਂ ਦੀ ਸਰਗਰਮ ਸ਼ਮੂਲੀਅਤ ਦੇਸ਼ ਨੂੰ ਨਵੀਆਂ ਉਚਾਈਆਂ ਤੱਕ ਲੈ ਕੇ ਜਾ ਸਕਦੀ ਹੈ।



ਸਮਾਗਮ ਨੂੰ ਸੰਬੋਧਨ ਕਰਦਿਆਂ ਸੁਭਾਸ਼ ਬਰਾਲਾ ਨੇ ਕਿਹਾ ਕਿ ਪਿਛਲੇ 12 ਸਾਲਾਂ ਦੌਰਾਨ ਕੇਂਦਰ ਸਰਕਾਰ ਨੇ ਸੇਵਾ, ਸੁਸ਼ਾਸਨ, ਗਰੀਬ ਕਲਿਆਣ ਅਤੇ ਰਾਸ਼ਟਰ ਨਿਰਮਾਣ ਨੂੰ ਆਪਣੀ ਕਾਰਜਸ਼ੈਲੀ ਦਾ ਕੇਂਦਰ ਬਣਾਇਆ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਰਤ ਨੇ ਵਿਕਾਸ, ਬੁਨਿਆਦੀ ਢਾਂਚੇ, ਡਿਜ਼ੀਟਲ ਕ੍ਰਾਂਤੀ, ਸਮਾਜਿਕ ਸੁਰੱਖਿਆ, ਆਤਮਨਿਰਭਰਤਾ ਅਤੇ ਆਰਥਿਕ ਮਜ਼ਬੂਤੀ ਦੇ ਖੇਤਰਾਂ ਵਿੱਚ ਮਹੱਤਵਪੂਰਨ ਉਪਲਬਧੀਆਂ ਹਾਸਲ ਕੀਤੀਆਂ ਹਨ। ਅੱਜ ਭਾਰਤ ਵਿਸ਼ਵ ਪੱਧਰ ’ਤੇ ਇੱਕ ਮਜ਼ਬੂਤ ਦੇਸ਼ ਵਜੋਂ ਆਪਣੀ ਪਹਿਚਾਣ ਬਣਾ ਚੁੱਕਾ ਹੈ। ਕੇਂਦਰ ਸਰਕਾਰ ਦੇ 12 ਸਾਲ ਪੂਰੇ ਹੋਣ ਦਾ ਇਹ ਮੌਕਾ ਸਿਰਫ ਪ੍ਰਾਪਤੀਆਂ ਦਾ ਜਸ਼ਨ ਮਨਾਉਣ ਲਈ ਨਹੀਂ, ਸਗੋਂ ਸਮਾਜ ਅਤੇ ਵਾਤਾਵਰਨ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਯਾਦ ਕਰਨ ਲਈ ਵੀ ਹੈ।

ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਵਿੱਚ ਪ੍ਰਦੂਸ਼ਣ ਅਤੇ ਜਲਵਾਯੂ ਪਰਿਵਰਤਨ ਸੰਸਾਰ ਸਾਹਮਣੇ ਵੱਡੀਆਂ ਚੁਣੌਤੀਆਂ ਹਨ, ਜਿਨ੍ਹਾਂ ਨਾਲ ਨਜਿੱਠਣ ਲਈ ਪੌਦੇ ਲਗਾਉਣਾ ਸਭ ਤੋਂ ਸਰਲ ਉਪਾਅ ਹੈ। ਹਰ ਨਾਗਰਿਕ ਨੂੰ ਆਪਣੇ ਜੀਵਨ ਵਿੱਚ ਇੱਕ ਪੌਦਾ ਜ਼ਰੂਰ ਲਗਾਉਣਾ ਚਾਹੀਦਾ ਹੈ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਪੌਦਿਆਂ ਦੇ ਪਾਲਕ ਬਣ ਕੇ ਉਨ੍ਹਾਂ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਵੀ ਨਿਭਾਉਣ। ਇਸ ਮੌਕੇ ਉਪ ਮੰਡਲ ਮੈਜਿਸਟਰੇਟ (ਐੱਸ ਡੀ ਐੱਮ) ਆਕਾਸ਼ ਸ਼ਰਮਾ ਨੇ ਦੱਸਿਆ ਕਿ ਇਸ ਮੌਕੇ ਇੱਕ ਵਿਸ਼ੇਸ਼ ਜਨ-ਕਲਿਆਣਕਾਰੀ ਅਭਿਆਨ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਤਹਿਤ ਖੇਤਰ ਵਿੱਚ ਤਿੰਨ ਦਿਨਾਂ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਇਨ੍ਹਾਂ ਦਾ ਮੁੱਖ ਉਦੇਸ਼ ਆਮ ਲੋਕਾਂ ਨੂੰ ਕੇਂਦਰ ਅਤੇ ਰਾਜ ਸਰਕਾਰ ਦੀਆਂ ਵੱਖ-ਵੱਖ ਲੋਕ ਭਲਾਈ ਯੋਜਨਾਵਾਂ ਨਾਲ ਜੋੜਨਾ ਹੈ। ਜੇਕਰ ਕਿਸੇ ਵਿਅਕਤੀ ਦੀ ਕੋਈ ਸਰਕਾਰੀ ਸਹੂਲਤ ਜਾਂ ਪੈਨਸ਼ਨ ਬੰਦ ਹੋ ਗਈ ਹੈ ਤਾਂ ਉਹ ਕੈਂਪ ਵਿੱਚ ਪਹੁੰਚ ਕੇ ਉਸਨੂੰ ਮੁੜ ਚਾਲੂ ਕਰਵਾ ਸਕਦਾ ਹੈ। ਸਮਾਗਮ ਦੌਰਾਨ ਹਾਜ਼ਰ ਲੋਕਾਂ ਨੇ ਵਾਤਾਵਰਨ ਦੀ ਰੱਖਿਆ ਦਾ ਅਹਿਦ ਲਿਆ।

## ਆਈਆਈਟੀ ਰੋਪੜ ਦੇ ਮਾਰਗਦਰਸ਼ਨ ਵਿੱਚ ਐਸਆਈਈਟੀ ਪੰਚਕੂਲਾ ਬਣੇਗਾ ਐਕਸੀਲੈਂਸ ਦਾ ਨਵਾਂ ਕੇਂਦਰ

**ਚੰਡੀਗੜ੍ਹ, 23 ਜੂਨ**
**-ਮਨੋਜ ਸ਼ਰਮਾ-**

ਭਾਰਤੀ ਪ੍ਰੋਦਯੋਗਿਕ ਸੰਸਥਾਨ (, ਰੋਪੜ ਅਤੇ ਰਾਜ ਇੰਜੀਨੀਅਰਿੰਗ ਅਤੇ ਤਕਨਾਲੋਜੀ ਸੰਸਥਾਨ, ਪੰਚਕੂਲਾ ਨੇ ਵਿਦਿਅਕ ਸਹਿਯੋਗ ਲਈ ਇੱਕ ਸਮਝੌਤਾ ਪੱਤਰ ’ਤੇ ਹਸਤਾਖਰ ਕਰਕੇ ਅਧਿਕਾਰਤ ਤੌਰ ’ਤੇ ਇੱਕ ਰਣਨੀਤਕ ਭਾਈਵਾਲੀ ਦੀ ਸ਼ੁਰੂਆਤ ਕੀਤੀ ਹੈ। ਇਸ ਇਤਿਹਾਸਕ ਸਮਝੌਤੇ ਦਾ ਉਦੇਸ਼ ਦੋਵਾਂ ਸੰਸਥਾਨਾਂ ਵਿਚਕਾਰ ਸਹਿਯੋਗ ਨੂੰ ਵਧਾਉਣਾ, ਗਿਆਨ ਦੇ ਪ੍ਰਸਾਰ ਨੂੰ ਸੁਖਾਲਾ ਬਣਾਉਣਾ ਅਤੇ ਆਪਸੀ ਲਾਭ ਦੇ ਆਧਾਰ ’ਤੇ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੂੰ ਗਲੋਬਲ ਤਜਰਬੇ ਦੇ ਮੌਕੇ ਪ੍ਰਦਾਨ ਕਰਨਾ ਹੈ। ਇਹ ਸਹਿਯੋਗ ਅਕਾਦਮਿਕ ਅਤੇ ਖੋਜ-ਅਧਾਰਿਤ ਪਹਿਲਕਦਮੀਆਂ ਦੀ ਇੱਕ ਵਿਸ਼ਾਲ ਲੜੀ ਨੂੰ ਕਵਰ ਕਰਦਾ ਹੈ, ਜਿਸ ਨੂੰ ਇੰਜੀਨੀਅਰਿੰਗ ਦੇ ਵਿਦਿਆਰਥੀਆਂ ਨੂੰ ਉੱਚ ਪੱਧਰੀ ਤਜਰਬਾ ਪ੍ਰਦਾਨ ਕਰਨ ਲਈ ਤਿਆਰ ਕੀਤਾ ਗਿਆ ਹੈ।

ਆਈਆਈਟੀ ਰੋਪੜ ਦੇ ਨਿਦੇਸ਼ਕ ਪ੍ਰੋਫੈਸਰ ਸੀ. ਸੀ. ਰੈਡੀ ਅਤੇ ਐਸਆਈਈਟੀ ਪੰਚਕੂਲਾ ਦੇ ਨਿਦੇਸ਼ਕ-ਪ੍ਰਿੰਸੀਪਲ ਪ੍ਰੋ. ਅਨਿਲ ਕੁਮਾਰ ਰੋਜ਼ ਵਿਚਕਾਰ ਸਮਝੌਤਾ ਪੱਤਰ ’ਤੇ ਹਸਤਾਖਰ ਹੋਏ।

### ਸਮਝੌਤੇ ਦੀਆਂ ਮੁੱਖ ਵਿਸ਼ੇਸ਼ਤਾਵਾਂ

ਵਿਆਪਕ ਵਿਦਿਆਰਥੀ ਅਦਾਨ-ਪ੍ਰਦਾਨ ਪ੍ਰੋਗਰਾਮ ਤਹਿਤ ਗ੍ਰੈਜੂਏਟ, ਪੋਸਟ-ਗ੍ਰੈਜੂਏਟ ਅਤੇ ਪੀਐਚਡੀ ਪੱਧਰ ਦੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਇੱਕ ਸਾਲ ਦੀ ਮਿਆਦ ਲਈ ਮੇਜ਼ਬਾਨ ਸੰਸਥਾਨ ਵਿੱਚ ਪੜ੍ਹਨ ਜਾਂ ਖੋਜ ਕਰਨ ਦਾ ਮੌਕਾ ਮਿਲੇਗਾ। ਅਦਾਨ-ਪ੍ਰਦਾਨ ਵਾਲੇ ਵਿਦਿਆਰਥੀ ਆਪਣੇ ਮੂਲ ਸੰਸਥਾਨ ਵਿੱਚ ਹੀ ਟਿਊਸ਼ਨ ਅਤੇ ਹੋਰ ਫੀਸਾਂ ਦਾ ਭੁਗਤਾਨ ਕਰਨਗੇ ਅਤੇ ਮੇਜ਼ਬਾਨ ਸੰਸਥਾਨ ਵਿੱਚ ਉਨ੍ਹਾਂ ਨੂੰ ਟਿਊਸ਼ਨ ਫੀਸ ਤੋਂ ਪੂਰੀ ਤਰ੍ਹਾਂ ਛੋਟ ਦਿੱਤੀ ਜਾਵੇਗੀ। ਦੋਵਾਂ ਸੰਸਥਾਨਾਂ ਵਿਚਕਾਰ ਆਪਸੀ ਸਹਿਮਤੀ ਨਾਲ ਪ੍ਰਤੀ ਵਿਦਿਅਕ ਸਾਲ ਹਰੇਕ ਵਿਦਿਅਕ ਸ਼ਾਖਾ ਤੋਂ ਵਿਦਿਆਰਥੀਆਂ ਦੀ ਚੋਣ ਕੀਤੀ ਜਾ ਸਕਦੀ ਹੈ।

ਸਮਝੌਤੇ ਅਨੁਸਾਰ ਮੇਜ਼ਬਾਨ ਸੰਸਥਾਨ ਵਜੋਂ ਦੋਵੇਂ ਸੰਸਥਾਨ ਆਉਣ ਵਾਲੇ ਅਦਾਨ-ਪ੍ਰਦਾਨ ਵਾਲੇ ਵਿਦਿਆਰਥੀਆਂ ਲਈ ਰਿਆਇਤੀ ਰਿਹਾਇਸ਼ ਦਾ ਪ੍ਰਬੰਧ ਕਰਨ ਲਈ ਹਰ ਸੰਭਵ ਯਤਨ ਕਰਨਗੇ। ਮੇਜ਼ਬਾਨ ਸੰਸਥਾਨ ਵਿੱਚ ਪ੍ਰਾਪਤ ਕੀਤੇ ਵਿਦਿਅਕ ਕ੍ਰੈਡਿਟ ਨੂੰ ਕੋਰਸ ਮੇਲ ਖਾਣ ਤੋਂ ਬਾਅਦ ਮੂਲ ਸੰਸਥਾਨ ਵਿੱਚ ਤਬਦੀਲ ਕੀਤਾ ਜਾ ਸਕੇਗਾ। ਖੋਜ ਕਰਨ ਵਾਲੇ ਵਿਦਿਆਰਥੀਆਂ ਨੂੰ ਇੱਕ ਅਧਿਕਾਰਤ ਪ੍ਰਦਰਸ਼ਨ ਮੁਲਾਂਕਣ ਅਤੇ ਤਕਨੀਕੀ ਖੋਜ ਰਿਪੋਰਟ ਪ੍ਰਦਾਨ ਕੀਤੀ ਜਾਵੇਗੀ। ਦੋਵੇਂ ਸੰਸਥਾਨ ਆਪਣੇ ਫੈਕਲਟੀ ਮੈਂਬਰਾਂ ਨੂੰ ਸਹਿਯੋਗੀ ਸਿੱਖਿਆ ਅਤੇ ਖੋਜ ਵਿੱਚ ਸ਼ਾਮਲ ਹੋਣ ਲਈ ਛੁੱਟੀਆਂ ਜਾਂ ਵਿਸ਼ਰਾਮ ਲੀਵ ਦੌਰਾਨ ਥੋੜ੍ਹੇ ਸਮੇਂ ਦੀਆਂ ਯਾਤਰਾਵਾਂ ਜਾਂ ਨਿਸ਼ਚਿਤ ਮਿਆਦ ਦੇ ਅਸਾਈਨਮੈਂਟਾਂ ਲਈ ਉਤਸ਼ਾਹਿਤ ਕਰਨਗੇ। ਫੰਡਿੰਗ ਏਜੰਸੀਆਂ ਦੁਆਰਾ ਪ੍ਰਾਯੋਜਿਤ ਖੋਜ, ਵਿਕਾਸ ਅਤੇ ਸਲਾਹਕਾਰੀ ਪ੍ਰੋਗਰਾਮਾਂ ਵਿੱਚ ਸਹਿਯੋਗ ਕਰਨ ਲਈ ਦੋਵਾਂ ਕੈਂਪਸਾਂ ਦੇ ਫੈਕਲਟੀ ਮੈਂਬਰਾਂ ਨੂੰ ਸੱਦਾ ਦਿੱਤਾ ਜਾਵੇਗਾ। ਬੌਧਿਕ ਸੰਪੱਤੀ ਅਧਿਕਾਰਾਂ ਦਾ ਸਨਮਾਨ ਕਰਦੇ ਹੋਏ ਦੋਵੇਂ ਸੰਸਥਾਨ ਅਧਿਐਨ ਸਮੱਗਰੀ, ਤਕਨੀਕੀ ਸਾਹਿਤ ਅਤੇ ਖੋਜ ਸਬੰਧੀ ਜਾਣਕਾਰੀ ਸਾਂਝੀ ਕਰਨਗੇ।

ਸਮਝੌਤੇ ਤਹਿਤ ਸੰਯੁਕਤ ਰੂਪ ਨਾਲ ਥੋੜ੍ਹੇ ਸਮੇਂ ਦੇ ਨਿਰੰਤਰ ਸਿੱਖਿਆ ਪ੍ਰੋਗਰਾਮਾਂ, ਸੈਮੀਨਾਰਾਂ, ਕਾਨਫਰੰਸਾਂ ਜਾਂ ਵਰਕਸ਼ਾਪਾਂ ਦਾ ਆਯੋਜਨ ਕੀਤਾ ਜਾਵੇਗਾ। ਇਸ ਮਹੱਤਵਪੂਰਨ ਪਹਿਲਕਦਮੀ ਅਤੇ ਵਿਦਿਅਕ ਉੱਤਮਤਾ ਦੀ ਦਿਸ਼ਾ ਵਿੱਚ ਚੁੱਕੇ ਗਏ ਇਸ ਇਤਿਹਾਸਕ ਕਦਮ ਲਈ ਅਸੀਂ ਹਰਿਆਣਾ ਸਰਕਾਰ ਦੀ ਅਗਵਾਈ ਅਤੇ ਮਾਰਗਦਰਸ਼ਨ ਦੇ ਪ੍ਰਤੀ ਦਿਲੋਂ ਧੰਨਵਾਦ ਪ੍ਰਗਟ ਕਰਦੇ ਹਾਂ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ, ਸਿੱਖਿਆ ਮੰਤਰੀ ਮਹੀਪਾਲ ਢਾਂਡਾ, ਉੱਚ ਸਿੱਖਿਆ ਵਿਭਾਗ ਦੇ ਪ੍ਰਧਾਨ ਸਕੱਤਰ ਅਪੂਰਵ ਕੁਮਾਰ ਸਿੰਘ, ਤਕਨੀਕੀ ਸਿੱਖਿਆ ਡਾਇਰੈਕਟੋਰੇਟ ਦੇ ਮਹਾਨਿਦੇਸ਼ਕ ਪ੍ਰਭਜੋਤ ਸਿੰਘ, ਅਤੇ ਐਸਆਈਈਟੀ ਪੰਚਕੂਲਾ ਦੇ ਨਿਦੇਸ਼ਕ-ਪ੍ਰਿੰਸੀਪਲ ਪ੍ਰੋ. ਅਨਿਲ ਕੁਮਾਰ ਰੋਜ਼ ਦਾ ਧੰਨਵਾਦ ਕਰਦੇ ਹਾਂ। ਇਨ੍ਹਾਂ ਦੀ ਦੂਰਦਰਸ਼ੀ ਅਗਵਾਈ, ਨਿਰੰਤਰ ਸਹਿਯੋਗ ਅਤੇ ਤਕਨੀਕੀ ਸਿੱਖਿਆ ਨੂੰ ਨਵੀਆਂ ਉਚਾਈਆਂ ਤੱਕ ਪਹੁੰਚਾਉਣ ਦੇ ਸੰਕਲਪ ਕਾਰਨ ਹੀ ਦੋਵਾਂ ਸੰਸਥਾਨਾਂ ਵਿਚਕਾਰ ਇਹ ਇਤਿਹਾਸਕ ਵਿਦਿਅਕ ਅਤੇ ਖੋਜ ਸਹਿਯੋਗ ਸੰਭਵ ਹੋ ਸਕਿਆ ਹੈ।

ਇਹ ਸਾਝੀਦਾਰੀ ਨਾ ਸਿਰਫ਼ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਲਈ ਨਵੇਂ ਮੌਕਿਆਂ ਦੇ ਦਰਵਾਜ਼ੇ ਖੋਲ੍ਹੇਗੀ, ਸਗੋਂ ਹਰਿਆਣਾ ਵਿੱਚ ਤਕਨੀਕੀ ਸਿੱਖਿਆ ਅਤੇ ਖੋਜ ਦੇ ਖੇਤਰ ਵਿੱਚ ਉੱਤਮਤਾ ਦੇ ਨਵੇਂ ਮਿਆਰ ਵੀ ਸਥਾਪਤ ਕਰੇਗੀ। ਇਹ ਇੱਕ ਬਹੁਤ ਹੀ ਮਹੱਤਵਪੂਰਨ ਅਤੇ ਇਤਿਹਾਸਕ ਸਾਝੀਦਾਰੀ ਹੈ।

## ਸੂਬਾ ਸਰਕਾਰ ਪਿੰਡਾਂ ਵਿੱਚ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ : ਆਰਤੀ ਸਿੰਘ ਰਾਓ

**ਚੰਡੀਗੜ੍ਹ, 23 ਜੂਨ**
**-ਹਰਮਨਪ੍ਰੀਤ ਕੌਰ-**

ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਰਾਜ ਦੇ ਗ੍ਰਾਮੀਣ ਖੇਤਰਾਂ ਵਿੱਚ ਮੈਡੀਕਲ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪਿੰਡਾਂ ਵਿੱਚ ਵੀ ਸ਼ਹਿਰਾਂ ਦੀ ਤਰਜ਼ ’ਤੇ ਅਤਿ-ਆਧੁਨਿਕ ਅਤੇ ਸੁਲਭ ਸਿਹਤ ਸਹੂਲਤਾਂ ਪਹੁੰਚਾਉਣ ਲਈ ਨਿਰੰਤਰ ਕਾਰਜ ਕਰ ਰਹੀ ਹੈ। ਸਰਕਾਰ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਦਿਹਾਤੀ ਖੇਤਰ ਦੇ ਲੋਕਾਂ ਨੂੰ ਮੁੱਢਲੇ ਇਲਾਜ ਲਈ ਦੂਰ-ਦੁਰਾਡੇ ਦੇ ਸ਼ਹਿਰਾਂ ’ਤੇ ਨਿਰਭਰ ਨਾ ਰਹਿਣਾ ਪਵੇ ਅਤੇ ਉਨ੍ਹਾਂ ਨੂੰ ਆਪਣੇ ਘਰ ਦੇ ਨੇੜੇ ਹੀ ਬਿਹਤਰੀਨ ਸਿਹਤ ਲਾਭ ਮਿਲ ਸਕੇ।

ਇਸੇ ਲੜੀ ਵਿੱਚ ਇੱਕ ਵੱਡਾ ਕਦਮ ਚੁੱਕਦਿਆਂ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਭਿਵਾਨੀ ਜ਼ਿਲ੍ਹੇ ਦੇ ਪਿੰਡ ਧੀਰਾਣਾ ਵਿੱਚ ਇੱਕ ਨਵਾਂ ਉਪ ਸਿਹਤ ਕੇਂਦਰ ਖੋਲ੍ਹਣ ਦੀ ਪ੍ਰਸ਼ਾਸਨਿਕ ਮਨਜ਼ੂਰੀ ਦੇ ਦਿੱਤੀ ਹੈ। ਇਸ ਨਵੇਂ ਸਿਹਤ ਕੇਂਦਰ ਦੀ ਉਸਾਰੀ ਅਤੇ ਬੁਨਿਆਦੀ ਢਾਂਚੇ ਨੂੰ ਵਿਕਸਤ ਕਰਨ ’ਤੇ ਲਗਭਗ 55.49 ਲੱਖ ਰੁਪਏ ਖਰਚ ਹੋਣ ਦਾ ਅਨੁਮਾਨ ਲਗਾਇਆ ਗਿਆ ਹੈ। ਇਸ ਬਜਟ ਨਾਲ ਕੇਂਦਰ ਵਿੱਚ ਲੋੜੀਂਦੇ ਮੈਡੀਕਲ ਉਪਕਰਨ, ਦਵਾਈਆਂ ਅਤੇ ਮਰੀਜ਼ਾਂ ਲਈ ਜ਼ਰੂਰੀ ਸਹੂਲਤਾਂ ਦਾ ਪ੍ਰਬੰਧ ਕੀਤਾ ਜਾਵੇਗਾ, ਜਿਸ ਨਾਲ ਧੀਰਾਣਾ ਅਤੇ ਆਸ-ਪਾਸ ਦੇ ਪਿੰਡ ਵਾਸੀਆਂ ਨੂੰ ਸਿੱਧਾ ਲਾਭ ਮਿਲੇਗਾ।



ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਅੱਗੇ ਦੱਸਿਆ ਕਿ ਪ੍ਰਦੇਸ਼ ਵਿੱਚ ਨਵੇਂ ਸਿਹਤ ਕੇਂਦਰਾਂ ਦੀ ਸਥਾਪਨਾ ਆਮ ਜਨਤਾ ਦੀਆਂ ਅਸਲ ਲੋੜਾਂ ਅਤੇ ਉਨ੍ਹਾਂ ਦੀਆਂ ਜ਼ੋਰਦਾਰ ਮੰਗਾਂ ਨੂੰ ਧਿਆਨ ਵਿੱਚ ਰੱਖ ਕੇ ਕੀਤੀ ਜਾ ਰਹੀ ਹੈ। ਸਰਕਾਰ ਖੇਤਰੀ ਲੋੜਾਂ ਦਾ ਮੁਲਾਂਕਣ ਕਰ ਰਹੀ ਹੈ ਤਾਂ ਜੋ ਹਰ ਵਾਂਝੇ ਖੇਤਰ ਤੱਕ ਸਿਹਤ ਸੇਵਾਵਾਂ ਦਾ ਦਾਇਰਾ ਵਧਾਇਆ ਜਾ ਸਕੇ।

ਉਨ੍ਹਾਂ ਭਰੋਸਾ ਦਿਵਾਇਆ ਕਿ ਭਵਿੱਖ ਵਿੱਚ ਵੀ ਜਨਹਿਤ ਨੂੰ ਸਰਵਉੱਚ ਰੱਖਦੇ ਹੋਏ ਦਿਹਾਤੀ ਸਿਹਤ ਢਾਂਚੇ ਨੂੰ ਹੋਰ ਵੱਧ ਮਜ਼ਬੂਤ ਅਤੇ ਆਧੁਨਿਕ ਬਣਾਉਣ ਦੇ ਯਤਨ ਜਾਰੀ ਰਹਿਣਗੇ।











